ਖ਼ੂਨਦਾਨ ਮਹਾਂਦਾਨ
ਸ਼੍ਰੀ ਹਰਿਕ੍ਰਿਸ਼ਨ ਚੈਰੀਟੇਬਲ ਸੁਸਾਇਟੀ
ਮਨੁੱਖਤਾ ਦੀ ਸੇਵਾ ਲਈ
ਹਰ ਪਲ, ਹਰ ਘੜੀ, ਹਰ ਕਦਮ
ਆਪ ਜੀ ਦੀ ਸੇਵਾ ਵਿੱਚ
ਲੋੜਵੰਦ ਪਰਿਵਾਰਾਂ ਲਈ ਮਹੀਨਾਵਾਰ ਰਾਸ਼ਨ
Email : shkcsp@gmail.com www.shkcsp.com
M. : 98761-36031, 98552-21430, 98143-28141, 98557-32101

# ਦੇਸੀ ਪੰਜਾਬ

ਪੰਜਾਬੀਅਤ ਦਾ ਪਹਿਰੇਦਾਰ

Desi Punjab Patiala Approved By : DAVP / D.E.PAPER ਪਟਿਆਲਾ ਤੋਂ ਪ੍ਰਕਾਸ਼ਿਤ


ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ

RNI : PUNPUN/2021/80887 www.desipunjab.in DESI PUNJAB MARCH Email : desipunjabchannel@gmail.com

ਮੁੱਖ ਸੰਪਾਦਕ : ਨਵਤੇਜ ਸਿੰਘ ਮੋ. : 97800-66060 ਸੰਪਾਦਕ : ਹਰਪ੍ਰੀਤ ਸਿੰਘ ਮਾਹੀ 9876297268 ਫੋਨ : 0175-7962519

## ਸੰਸਦ ਵਿੱਚ ਉਠਾਇਆ ਗਿਆ ਨਕਲੀ/ਘਟੀਆ ਦਵਾਈਆਂ ਦਾ ਮੁੱਦਾ , ਰਾਸ਼ਟਰੀ ਫਾਰਮਾਸਿਊਟੀਕਲ ਕੁਆਲਿਟੀ ਅਥਾਰਟੀ ਦੀ ਮੰਗ

Desi Punjab YouTube www.desipunjab.in



ਨਵੀਂ ਦਿੱਲੀ 27 ਮਾਰਚ (ਮਨਪ੍ਰੀਤ ਸਿੰਘ ਖਾਲਸਾ):-ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਅੱਜ ਸੰਸਦ ਵਿੱਚ ਭਾਰਤ ਵਿੱਚ ਘਟੀਆ ਅਤੇ ਮਾਣਕ ਬਗ਼ੈਰ ਦਵਾਈਆਂ ਦੇ ਨਿਰਮਾਣ, ਵਿਕਰੀ ਅਤੇ ਵੰਡ ਦਾ ਗੰਭੀਰ ਮੁੱਦਾ ਉਠਾਇਆ ਅਤੇ ਇਸਨੂੰ ਬਹੁਤ ਚਿੰਤਾਜਨਕ ਦੱਸਿਆ। ਡਾ. ਸਾਹਨੀ ਨੇ ਨਿਰਮਾਣ ਅਤੇ ਵਿਕਰੀ ਦੇ ਸਾਰੇ ਪੱਧਰਾਂ 'ਤੇ ਇਕਸਾਰ ਗੁਣਵੱਤਾ ਦੇ ਮਿਆਰਾਂ ਨੂੰ ਯਕੀਨੀ ਬਣਾਉਣ ਲਈ ਇੱਕ ਰਾਸ਼ਟਰੀ ਫਾਰਮਾਸਿਊਟੀਕਲ ਕੁਆਲਿਟੀ ਅਥਾਰਟੀ ਦੀ ਸਥਾਪਨਾ ਦੀ ਮੰਗ ਕੀਤੀ। ਡਾ. ਸਾਹਨੀ ਨੇ ਕਿਹਾ ਕਿ ਪਿਛਲੇ ਸਾਲ, 203 ਫਾਰਮਾਸਿਊਟੀਕਲ ਕੰਪਨੀਆਂ ਘਟੀਆ ਅਤੇ ਮਿਲਾਵਟੀ ਦਵਾਈਆਂ ਵੇਚਦੀਆਂ ਪਾਈਆਂ ਗਈਆਂ ਸਨ, ਅਤੇ ਨਿਰੀਖਣ ਕੀਤੀਆਂ ਗਈਆਂ 36% ਫਾਰਮਾਸਿਊਟੀਕਲ ਫੈਕਟਰੀਆਂ ਨੂੰ ਗੁਣਵੱਤਾ ਦੇ ਮਾਪਦੰਡਾਂ ਦੀ ਪਾਲਣਾ ਨਾ ਕਰਨ ਲਈ ਬੰਦ ਕਰ ਦਿੱਤਾ ਗਿਆ ਸੀ। ਇਨ੍ਹਾਂ ਵਿੱਚੋਂ ਜ਼ਿਆਦਾਤਰ ਕੰਪਨੀਆਂ ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਤੋਂ ਸਨ। ਡਾ. ਸਾਹਨੀ ਨੇ ਕਿਹਾ ਕਿ ਖੰਘ ਦੇ ਸ਼ਰਬਤ ਨਾਲ ਸੈਂਕੜੇ ਬੱਚਿਆਂ ਦੇ ਮਰਨ ਦੀਆਂ ਰਿਪੋਰਟਾਂ ਵੀ ਆਈਆਂ ਹਨ। ਡਾ. ਸਾਹਨੀ ਨੇ ਹੋਰ ਕਿਹਾ ਕਿ ਪਿਛਲੇ ਸਾਲ 1,500 ਤੋਂ ਵੱਧ ਨਮੂਨੇ ਜ਼ਬਤ ਕੀਤੇ ਗਏ ਸਨ, ਅਤੇ ਕੁਝ ਦਵਾਈਆਂ ਵਿੱਚ ਚਾਕ ਪਾਊਡਰ ਵਰਗੇ ਪਦਾਰਥ ਸਨ। ਉਹਨਾ ਨੇ ਇਹ ਵੀ ਕਿਹਾ ਕਿ ਹਰ ਸਾਲ ਲਗਭਗ 300,000 ਲੋਕ ਵਾਇਰਲ ਬੁਖਾਰ ਅਤੇ ਓਵਰ-ਦੀ-ਕਾਊਂਟਰ ਐਂਟੀਬਾਇਓਟਿਕਸ, ਜੋ ਕਿ ਕੈਂਡੀ ਅਤੇ ਚਾਕਲੇਟ ਵਾਂਗ ਆਸਾਨੀ ਨਾਲ ਉਪਲਬਧ ਹਨ, ਕਾਰਨ ਮਰਦੇ ਹਨ।

## ਬਿੱਟੂ ਅਤੇ ਹਰਸਿਮਰਤ ਬੰਦੀ ਸਿੰਘਾਂ ਦੀ ਰਿਹਾਈ ਰੋਕ ਰਹੇ ਹਨ: ਵੜਿੰਗ ਦਾ ਲੋਕ ਸਭਾ ਵਿੱਚ ਹੈਰਾਨ ਕਰਨ ਵਾਲਾ ਖੁਲਾਸਾਕਿਹਾ: ਪੰਜਾਬ ਦੇ ਦੋ ਸੰਸਦ ਮੈਂਬਰ ਗ੍ਰਹਿ ਮੰਤਰੀ ਨੂੰ ਮਿਲ ਕੇ ਰਿਹਾਈ ਦਾ ਵਿਰੋਧ ਕਰਦੇ ਹਨਮੰਗ: ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ

Desi Punjab YouTube www.desipunjab.in



ਚੰਡੀਗੜ੍ਹ, 27 ਮਾਰਚ: ਪੰਜਾਬ ਕਾਂਗਰਸ ਪ੍ਰਧਾਨ ਅਤੇ ਲੁਧਿਆਣਾ ਤੋਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਅੱਜ ਹੈਰਾਨ ਕਰਨ ਵਾਲਾ ਖੁਲਾਸਾ ਕਰਦਿਆਂ, ਕਿਹਾ ਹੈ ਕਿ ਪੰਜਾਬ ਦੇ ਦੋ ਸੰਸਦ ਮੈਂਬਰ ਰਵਨੀਤ ਸਿੰਘ ਬਿੱਟੂ ਅਤੇ ਹਰਸਿਮਰਤ ਕੌਰ ਬਾਦਲ ਬੰਦੀ ਸਿੰਘਾਂ ਦੀ ਰਿਹਾਈ ਵਿੱਚ ਰੁਕਾਵਟ ਪੈਦਾ ਕਰਨ ਲਈ ਵਾਰ ਵਾਰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਮਿਲ ਰਹੇ ਸਨ ਅਤੇ ਆਪਣਾ ਵਿਰੋਧ ਪ੍ਰਗਟਾ ਰਹੇ ਸਨ। ਅੱਜ ਲੋਕ ਸਭਾ ਵਿੱਚ ਬੋਲਦਿਆਂ ਵੜਿੰਗ ਨੇ ਮੰਗ ਕੀਤੀ ਹੈ ਕਿ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਾਰੇ ਬੰਦੀ ਸਿੰਘਾਂ ਨੂੰ ਦੇਸ਼ ਦੇ ਕਾਨੂੰਨ ਅਨੁਸਾਰ ਤੁਰੰਤ ਰਿਹਾਅ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿਰਫ ਬੰਦੀ ਸਿੰਘ ਹੀ ਨਹੀਂ, ਸਗੋਂ ਉਹ ਸਾਰੇ ਕੈਦੀ ਜਿਨ੍ਹਾਂ ਦੀ ਸਜ਼ਾ ਪੂਰੀ ਹੋ ਚੁੱਕੀ ਹੈ, ਲੇਕਿਨ ਫਿਰ ਵੀ ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਕੈਦ ਹਨ, ਉਹਨਾਂ ਨੂੰ ਵੀ ਤੁਰੰਤ ਰਿਹਾਅ ਕੀਤਾ ਜਾਣਾ ਚਾਹੀਦਾ ਹੈ।ਉਨ੍ਹਾਂ ਨੇ ਜ਼ੋਰ ਦਿੰਦਿਆਂ, ਕਿਹਾ ਹੈ ਕਿ ਜਿੱਥੇ ਦੇਸ਼ ਦਾ ਸੰਵਿਧਾਨ ਅਤੇ ਕਾਨੂੰਨ ਕਿਸੇ ਵੀ ਅਪਰਾਧ ਲਈ ਕੜੀ ਸਜ਼ਾ ਦੀ ਤਜਵੀਜ਼ ਕਰਦੇ ਹਨ, ਉੱਥੇ ਇਹ ਵੀ ਸਪੱਸ਼ਟ ਕਰਦੇ ਹਨ ਕਿ ਜਿਹੜੇ ਲੋਕ ਆਪਣੀਆਂ ਸਜ਼ਾਵਾਂ ਪੂਰੀ ਕਰ ਲੈਂਦੇ ਹਨ, ਉਹਨਾਂ ਨੂੰ ਜੇਲ੍ਹ ਤੋਂ ਰਿਹਾਅ ਕੀਤਾ ਜਾਣਾ ਚਾਹੀਦਾ ਹੈ।ਬਾਅਦ ਵਿੱਚ ਸੰਸਦ ਭਵਨ ਦੇ ਬਾਹਰ ਪੱਤਰਕਾਰਾਂ ਨਾਲ ਇੱਕ ਗੈਰ-ਰਸਮੀ ਗੱਲਬਾਤ ਦੌਰਾਨ, ਵੜਿੰਗ ਨੇ ਖੁਲਾਸਾ ਕੀਤਾ ਕਿ ਉਨ੍ਹਾਂ ਕੋਲ ਭਰੋਸੇਯੋਗ ਜਾਣਕਾਰੀ ਹੈ ਕਿ ਬਿੱਟੂ ਅਤੇ ਬੀਬੀ ਬਾਦਲ ਨਿਯਮਿਤ ਤੌਰ ’ਤੇ ਕੇਂਦਰੀ ਗ੍ਰਹਿ ਮੰਤਰੀ ਨੂੰ ਮਿਲ ਕੇ ਬੰਦੀ ਸਿੰਘਾਂ ਦੀ ਰਿਹਾਈ ਦਾ ਵਿਰੋਧ ਕਰ ਰਹੇ ਸਨ।ਉਨ੍ਹਾਂ ਕਿਹਾ ਕਿ ਦੋਵੇਂ ਸੰਸਦ ਮੈਂਬਰ ਵੱਖ-ਵੱਖ ਪਾਰਟੀਆਂ ਭਾਜਪਾ ਅਤੇ ਅਕਾਲੀ ਦਲ ਨਾਲ ਸੰਬੰਧਿਤ ਹਨ, ਲੇਕਿਨ ਲੱਗਦਾ ਹੈ ਕਿ ਉਹ ਚੋਣਾਂ ਦੌਰਾਨ ਇਸ ਮੁੱਦੇ ਨੂੰ ਜਿਉਂਦਾ ਰੱਖ ਕੇ ਇਸਦਾ ਸਿਆਸੀ ਲਾਭ ਲੈਣਾ ਚਾਹੁੰਦੇ ਹਨ। ਉਨ੍ਹਾਂ ਨੇ ਕਿਹਾ ਕਿ ਜਨਤਕ ਤੌਰ ’ਤੇ ਉਹ ਇਸ ਮਾਮਲੇ ’ਤੇ ਜਿਹੜਾ ਰਵਈਆ ਦਿਖਾਉਂਦੇ ਹਨ, ਉਹ ਇਨ੍ਹਾਂ ਦੀ ਨਿੱਜੀ ਤੌਰ ’ਤੇ ਕੀਤੀ ਗਈ ਮੰਗ ਤੋਂ ਬਿਲਕੁਲ ਵੱਖਰਾ ਹੈ।

## ਮਹਿੰਗਾਈ ਵਧਣ ਕਾਰਨ ਘਰ ਦਾ ਬਜਟ ਹੋ ਜਾਵੇਗਾ ਖ਼ਰਾਬ



Desi Punjab YouTube www.desipunjab.in

ਲੁਧਿਆਣਾ 27 ਮਾਰਚ (ਕਰਨੈਲ ਸਿੰਘ ਐੱਮ.ਏ.) ਸੀਨੀਅਰ ਸਿਟੀਜ਼ਨ ਵੈਲਫੇਅਰ ਐਸੋਸੀਏਸ਼ਨ ਹਲਕਾ ਗਿੱਲ ਲੁਧਿਆਣਾ ਤੇ (ਸਹਿਯੋਗੀ ਸੰਸਾਰ ਵਾਤਾਵਰਨ ਸੁਰੱਖਿਆ ਅਤੇ ਸ਼ਾਂਤੀ ਸੰਗਠਨ )ਵੱਲੋਂ ਅਮਰੀਕਾ, ਇਸਰਾਇਲ ਵੱਲੋਂ ਈਰਾਨ ਤੇ ਕੀਤੀ ਜਾ ਰਹੀ ਅੰਨ੍ਹੀ ਮਿਸਾਈਲ ਤੇ ਬੰਬਾਰੀ ਜਿਸ ਕਾਰਨ ਸਕੂਲ ਤੇ ਬੰਬ ਸੁੱਟ ਕੇ ਈਰਾਨੀ ਬੱਚਿਆਂ ਦਾ ਕਤਲ ਤੇ ਆਮ ਜਨਤਾ ਦਾ ਕਤਲ ਤੋਂ ਜਿਸ ਕਾਰਨ ਲਈ ਮਹਿੰਗਾਈ ਕਾਲਾ ਬਜ਼ਾਰੀ ਵਿੱਚ ਵਾਧਾ ਹੋਵੇਗਾ , ਇਸ ਦੇ ਪ੍ਰਭਾਵ ਕਾਰਨ ਹਰ ਚੀਜ਼ ਮਹਿੰਗੀ ਹੋ ਜਾਵਗੀ ਤੇ ਆਮ ਲੋਕਾਂ ਦੇ ਘਰ ਦਾ ਬਜਟ ਖਰਾਬ ਹੋ ਜਾਵੇਗਾ ।ਧਰਤੀ ਦੇ ਤਾਪਮਾਨ ਵਿੱਚ ਕਾਰਪੋਰੇਟ ਦੀਆਂ ਗ਼ਲਤ ਨੀਤੀਆਂ ਕਾਰਨ ਧਰਤੀ ਦੇ ਤਾਪਮਾਨ ਵਿੱਚ 1.5 ਡਿਗਰੀ ਵਾਧਾ ਪਹਿਲਾਂ ਹੀ ਹੋ ਚੁੱਕਾ ਹੈ ਅਤੇ ਹਾਲੀ ਵੀ ਜਾਰੀ ਹੈ, ਜਿਸ ਕਾਰਨ ਇਸ ਵਿਚ ਹੋਰ ਵਾਧਾ ਹੋਵੇਗਾ। ਦੁਨੀਆਂ ਦੇ ਵਿਗਿਆਨੀਆਂ ਨੇ ਪਹਿਲਾਂ ਹੀ ਬਾਰ-ਬਾਰ ਚੇਤਾਵਨੀ ਦਿੱਤੀ ਹੈ ਕਿ ਜੇ ਹੋਰ ਵਾਧਾ ਹੋਇਆ ਤਾਂ ਗਰਮੀ ਵਿੱਚ ਹੋਰ ਵਾਧਾ ਹੋ ਜਵੇਗਾ,

ਜਿਸ ਕਾਰਨ ਬਿਮਾਰੀਆਂ ਵਿੱਚ ਵਾਧਾ ਹੋਵੇਗਾ ਅਤੇ ਫਸਲਾਂ ਤੇ ਅਸਰ ਹੋਵੇਗਾ, ਜਿਸ ਕਾਰਨ ਭੋਜਨ ਦੀ ਸਮੱਸਿਆ ਹੋ ਜਾਵੇਗੀ ਤੇ ਸਮਾਜ ਨੂੰ ਭੁੱਖਮਰੀ ਦੀ ਸਮੱਸਿਆ ਦਾ ਸਾਹਮਣਾ ਕਰਨਾ ਪਵੇਗਾ। ਵੱਡੇ ਵੱਡੇ ਹਥਿਆਰ ਦੇ ਚੱਲਣ ਕਾਰਨ ਹਵਾ ਦੇ ਪ੍ਰਦੂਸ਼ਣ ਕਾਰਨ ਪੜ੍ਹੋਸੀ ਦੇਸ਼ਾਂ ਤੇ ਇਸ ਦਾ ਅਸਰ ਹੋਵੇਗਾ , ਇਸ ਕਾਰਨ ਹਰ ਵਿਅਕਤੀ ਜੋ ਧਰਤੀ ਤੇ ਸਾਹ ਲੈਂਦਾ ਇੱਥੋਂ ਤੱਕ ਕੇ ਹਰ ਕੁਦਰਤੀ ਜੀਵਾਂ ਦੀ ਰਾਖੀ ਲਈ ਸਾਨੂੰ ਸਭ ਨੂੰ ਚੇਤਨ ਹੋਣਾ ਪਵੇਗਾ ਤੇ ਇਸ ਕਾਰਪੋਰੇਟ ਗਤੀਵਿਧੀਆਂ ਨੂੰ ਰੋਕਣ ਲਈ ਸਾਂਝੇ ਸੰਘਰਸ਼ ਜੋ ਕੁਦਰਤ ਤੇ ਮਾਨਵ ਪੱਖੀ ਹੋਵੇ ਉਸ ਲਈ ਲੋਕ ਲਹਿਰ ਖੜ੍ਹੀ ਕਰਨ ਦਾ ਉਪਰਾਲਾ ਕਰਨਾ ਹੋਵੇਗਾ । ਆਓ ਇਸ ਦੀ ਲੜੀ ਵਜੋਂ ਮਿਤੀ 26-3-2026 ਨੂੰ ਸ਼ਾਮ ਨੂੰ 2 ਵਜੇ ਤੋਂ ਸ਼ਾਮ 4.30 ਵਜੇ ਤੱਕ ਗਿੱਲ ਨਹਿਰ ਤੇ ਸਾਂਝਾ ਰੋਸ ਧਰਨਾ ਰਖਿਆ ਗਿਆ ਹੈ। ਅਸੀਂ ਸਭ ਨੂੰ ਜਿਸ ਵਿੱਚ ਪਹੁੰਚਣ ਦੀ ਅਪੀਲ ਕੀਤੀ ਜਾ ਰਹੀ ਹੈ।

ਸਾਰੇ ਮੈਂਬਰਾਂ ਤੇ ਇਨਸਾਫ਼ ਪਸੰਦ ਲੋਕਾਂ ਨੂੰ ਅਪੀਲ ਹੈ ਕਿ ਇਸ ਵਿੱਚ ਟਾਇਮ ਤੇ ਪਹੁੰਚਣ ਦੀ ਕੋਸ਼ਿਸ਼ ਕਰੋ। ਇਸ ਵਿੱਚ ਸ੍ਰੀ ਬਚਿੱਤ ਸਿੰਘ ਢਿੱਲੋਂ ਪ੍ਰਧਾਨ ਸੀਨੀਅਰ ਸਿਟੀਜ਼ਨ ਵੈਲਫੇਅਰ ਐਸੋਸੀਏਸ਼ਨ ਗਿੱਲ ਹਲਕਾ ਲੁਧਿਆਣਾ, ਡਾ: ਨਰਿੰਦਰਜੀਤ ਸਿੰਘ ਸੋਢੀ, ਡਾ: ਸੁਰਜੀਤ ਸਿੰਘ ਜਨਤਾ ਕਲੋਨੀ, ਹਿੰਮਤ ਸਿੰਘ ਭਾਰਤੀ ਕਿਸਾਨ ਯੂਨੀਅਨ ( ਏਕਤਾ) ਉਗਰਾਹਾਂ ਲੁਧਿਆਣਾ, ਸਰਬਜੀਤ ਸਿੰਘ ਕੜਵੱਲ, ਸ਼ਮਿੰਦਰ ਸਿੰਘ ਲੌਂਗੋਵਾਲ ਸਟੇਟ ਕਮੇਟੀ ਮੈਂਬਰ ਕੁਦਰਤ ਮਾਨਵ ਕੇਂਦਰਤ ਲੋਕ ਲਹਿਰ, ਤੀਰਥ ਸਿੰਘ ਧਾਂਦਰਾ, ਕਾ ਹਰਜਿੰਦਰ ਸਿੰਘ ਪ੍ਰਧਾਨ ਮੋਡਲਡਰ ਐਂਡ ਸਟੀਲ ਵਰਕਰਜ਼ ਯੂਨੀਅਨ ਲੁਧਿਆਣਾ ਨੇ ਸੰਬੋਧਨ ਕੀਤਾ।

## ਪੰਜਾਬ ਵਿੱਚ ਐਨ ਆਰ ਆਈਆਂ ਦੀ ਜਾਇਦਾਦ ਵੀ ਸੁਰੱਖਿਅਤ ਨਹੀਂ, ਮੁੱਖ ਮੰਤਰੀ ਭਗਵੰਤ ਮਾਨ ਦੀ ਸਰਪਰਸਤੀ ਹੇਠ ਧੱਕੇਸ਼ਾਹੀ ਜਾਰੀ : ਬੀਬੀ ਰਣਦੀਪ ਕੌਰ

### ਐਨ ਆਰ ਆਈ ਭੈਣਾਂ-ਭਰਾਵਾਂ ਦੇ ਹੱਕਾਂ ਦੀ ਲੜਾਈ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਹਮੇਸ਼ਾਂ ਡੱਟ ਕੇ ਪਹਿਰਾ ਦੇਵੇਗਾ : ਭਾਈ ਦਲਜੀਤ ਸਿੰਘ ਜਵੰਦਾ

Desi Punjab YouTube www.desipunjab.in




ਅੰਮ੍ਰਿਤਸਰ, 27 ਮਾਰਚ ( ) ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਅੰਮ੍ਰਿਤਸਰ ਵਿਖੇ ਇਕ ਵਿਸ਼ੇਸ਼ ਪ੍ਰੈਸ ਕਾਨਫਰੰਸ ਕੀਤੀ ਗਈ, ਜਿਸ ਵਿੱਚ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦੀ ਅਗਵਾਈ ਹੇਠ ਇਕ ਐਨ ਆਰ ਆਈ ਬੀਬੀ ਰਣਦੀਪ ਕੌਰ, ਜੋ ਕਿ ਕੈਨੇਡਾ ਦੀ ਸਿਟੀਜ਼ਨ ਹਨ, ਵੱਲੋਂ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਉੱਪਰ ਪੱਟੀ ਵਿਖੇ ਸਥਿਤ ਆਪਣੀ ਜ਼ਮੀਨ ‘ਤੇ ਨਾਜਾਇਜ਼ ਕਬਜ਼ਾ ਕਰਨ ਦੇ ਗੰਭੀਰ ਦੋਸ਼ ਲਗਾਏ ਗਏ। ਪ੍ਰੈਸ ਨੂੰ ਸੰਬੋਧਨ ਕਰਦਿਆਂ ਬੀਬੀ ਰਣਦੀਪ ਕੌਰ ਨੇ ਦੱਸਿਆ ਕਿ ਕਿਸ ਤਰ੍ਹਾਂ ਮੰਤਰੀ ਲਾਲਜੀਤ ਸਿੰਘ ਭੁੱਲਰ ਅਤੇ ਉਸਦੇ ਪਿਤਾ ਵੱਲੋਂ ਉਨ੍ਹਾਂ ਨੂੰ ਦਫ਼ਤਰ ਵਿੱਚ ਬੁਲਾ ਕੇ ਡਰਾਇਆ-ਧਮਕਾਇਆ ਗਿਆ, ਜਲੀਲ ਕੀਤਾ ਗਿਆ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਗਈਆਂ। ਉਨ੍ਹਾਂ ਕਿਹਾ ਕਿ ਉਨ੍ਹਾਂ ‘ਤੇ ਆਪਣੀ ਜਾਇਦਾਦ ਛੱਡਣ ਲਈ ਦਬਾਅ ਬਣਾਇਆ ਗਿਆ ਅਤੇ ਇਨਕਾਰ ਕਰਨ ‘ਤੇ ਨਤੀਜੇ ਭੁਗਤਣ ਦੀਆਂ ਧਮਕੀਆਂ ਦਿੱਤੀਆਂ ਗਈਆਂ। ਉਨ੍ਹਾਂ ਹੋਰ ਖੁਲਾਸਾ ਕਰਦਿਆਂ ਦੱਸਿਆ ਕਿ ਪਹਿਲਾਂ ਉਨ੍ਹਾਂ ਦੇ ਭਰਾ ਕੋਲੋਂ ਅੱਧੀ ਜ਼ਮੀਨ ਖਰੀਦੀ ਗਈ ਅਤੇ ਬਾਅਦ ਵਿੱਚ ਉਸ ਨਾਲ ਲੱਗਦੀ ਉਨ੍ਹਾਂ ਦੀ ਬਾਕੀ ਜਾਇਦਾਦ ‘ਤੇ ਵੀ ਜਬਰਦਸਤੀ ਕਬਜ਼ਾ ਕਰ ਲਿਆ ਗਿਆ। ਬੀਬੀ ਰਣਦੀਪ ਕੌਰ ਨੇ ਕਿਹਾ ਕਿ ਉਹ ਇਨਸਾਫ਼ ਲਈ ਤਿੰਨ ਵਾਰ ਕੈਨੇਡਾ ਤੋਂ ਪੰਜਾਬ ਆ ਚੁੱਕੇ ਹਨ, ਪਰ ਮੰਤਰੀ ਦੇ ਪ੍ਰਭਾਵ ਕਾਰਨ ਪ੍ਰਸ਼ਾਸਨ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਕਰ ਰਿਹਾ। ਉਨ੍ਹਾਂ ਇਹ ਵੀ ਦੱਸਿਆ ਕਿ ਮਰਹੂਮ ਡੀ ਐਮ ਗਗਨਦੀਪ ਸਿੰਘ ਰੰਧਾਵਾ ਦੇ ਮਾਮਲੇ ਵਿੱਚ ਗ੍ਰਿਫ਼ਤਾਰੀ ਹੋਣ ਦੇ ਬਾਵਜੂਦ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਪ੍ਰਭਾਵ ਕਾਇਮ ਹੈ ਅਤੇ ਉਸਦੀ ਗੈਰਹਾਜ਼ਰੀ ਵਿੱਚ ਉਸਦਾ ਪਰਿਵਾਰ ਹੀ ਉਸਦੇ ਸਾਰੇ ਕੰਮ ਚਲਾ ਰਿਹਾ ਹੈ। ਇਸ ਮੌਕੇ ਭਾਈ ਦਲਜੀਤ ਸਿੰਘ ਜਵੰਦਾ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ‘ਤੇ ਤਿੱਖੇ ਹਮਲੇ ਕਰਦਿਆਂ ਕਿਹਾ ਕਿ ਸੂਬੇ ਵਿੱਚ ਕਾਨੂੰਨ-ਵਿਵਸਥਾ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ ਅਤੇ ਆਮ ਲੋਕਾਂ ਸਮੇਤ ਐਨ ਆਰ ਆਈ ਵੀ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ।

ਉਨ੍ਹਾਂ ਐਨ ਆਰ ਆਈ ਭੈਣਾਂ-ਭਰਾਵਾਂ ਨੂੰ ਭਰੋਸਾ ਦਵਾਇਆ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਹਰ ਹਾਲਤ ਵਿੱਚ ਉਨ੍ਹਾਂ ਦੇ ਨਾਲ ਖੜ੍ਹਾ ਹੈ ਅਤੇ ਉਨ੍ਹਾਂ ਦੇ ਹੱਕਾਂ ਦੀ ਰੱਖਿਆ ਲਈ ਹਰ ਮੰਚ ‘ਤੇ ਲੜਾਈ ਲੜੀ ਜਾਵੇਗੀ। ਉਨ੍ਹਾਂ ਕਿਹਾ ਕਿ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਐਨ ਆਰ ਆਈਜ਼ ਦੇ ਹੱਕਾਂ ਲਈ ਵਚਨਬੱਧ ਹੈ ਅਤੇ ਕਿਸੇ ਨੂੰ ਵੀ ਉਨ੍ਹਾਂ ਦੀ ਜਾਇਦਾਦ ‘ਤੇ ਨਾਜਾਇਜ਼ ਕਬਜ਼ਾ ਨਹੀਂ ਕਰਨ ਦਿੱਤਾ ਜਾਵੇਗਾ। ਭਾਈ ਜਵੰਦਾ ਨੇ ਇਹ ਵੀ ਕਿਹਾ ਕਿ ਜੇਕਰ 2027 ਵਿੱਚ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਅਗਵਾਈ ਵਿੱਚ ਸਰਕਾਰ ਬਣਦੀ ਹੈ ਤਾਂ ਪੰਜਾਬ ਵਿੱਚ ਕਿਸੇ ਵੀ ਐਨ ਆਰ ਆਈ ਨੂੰ ਆਪਣੀ ਜਾਇਦਾਦ ਲਈ ਚਿੰਤਾ ਨਹੀਂ ਰਹੇਗੀ ਅਤੇ ਹਰ ਇੱਕ ਨੂੰ ਇਨਸਾਫ਼ ਮਿਲੇਗਾ।

## ਗਲੋਬਲ ਸਿੱਖ ਕੌਂਸਲ ਵਲੋਂ ਸਿੱਖ ਪੰਥ ਦੀਆਂ ਮਹਾਨ ਸਖਸ਼ੀਅਤਾਂ ਗਿਆਨੀ ਜਾਚਕ ਜੀ ਅਤੇ ਜਥੇਦਾਰ ਕੇਵਲ ਸਿੰਘ ਜੀ ਵਲੋਂ ਮੂਲ ਨਾਨਕਸ਼ਾਹੀ ਕੈਲੰਡਰ ਦੇ ਮਸਲੇ ਦੇ ਸਥਾਈ ਹੱਲ ਲਈ ਸੱਦੇ ਤੇ ਪੁੰਹਚਣ ਦੀ ਅਪੀਲ।*



ਭਿੱਖੀਵਿੰਡ ਜਗਤਾਰ ਸਿੰਘ ਖਾਲੜਾ ਜਥੇਦਾਰ ਗਿਆਨੀ ਕੇਵਲ ਸਿੰਘ ਅਤੇ ਗਿਆਨੀ ਜਗਤਾਰ ਸਿੰਘ ਜਾਚਕ ਵਲੋਂ ਮੂਲ ਨਾਨਕਸ਼ਾਹੀ ਕੈਲੰਡਰ ਦੇ ਮਸਲੇ ਦੇ ਸਥਾਈ ਹੱਲ ਲਈ 19 ਅਪ੍ਰੈਲ, 2026 ਨੂੰ ਇੱਕ ਅਹਿਮ ਬੈਠਕ ਸੱਦੀ ਗਈ ਹੈ। ਇਸੇ ਸੰਬੰਧ ਵਿੱਚ ਗਲੋਬਲ ਸਿੱਖ ਕੌਂਸਲ (G S C ) ਦੇ ਪ੍ਰਧਾਨ ਸ੍ਰ. ਅੰਮ੍ਰਿਤਪਾਲ ਸਿੰਘ ਸਚਦੇਵਾ ਵੱਲੋਂ ਸਮੂਹ ਸਿੱਖ ਸੰਗਤਾਂ, ਜਥੇਬੰਦੀਆਂ ਅਤੇ ਪੰਥਕ ਆਗੂਆਂ ਨੂੰ ਇਹ ਭਾਵਪੂਰਕ ਅਪੀਲ ਕੀਤੀ ਜਾਂਦੀ ਹੈ ਕਿ ਮੂਲ ਨਾਨਕਸ਼ਾਹੀ ਕੈਲੰਡਰ ਦੇ ਸੰਵੇਦਨਸ਼ੀਲ ਅਤੇ ਮਹੱਤਵਪੂਰਨ ਮਸਲੇ ਦੇ ਹੱਲ ਲਈ 19 ਅਪ੍ਰੈਲ ਨੂੰ ਹੋ ਰਹੀ ਵਿਸ਼ੇਸ਼ ਮੀਟਿੰਗ ਵਿੱਚ ਆਪਣਾ ਸਹਿਯੋਗ ਜਰੂਰ ਦਿਉ ਜੀ।ਸ੍ਰ.ਸਚਦੇਵਾ ਨੇ ਆਪਣੀ ਅਪੀਲ ਵਿੱਚ ਕਿਹਾ ਹੈ ਕਿਮੂਲ ਨਾਨਕਸ਼ਾਹੀ ਕੈਲੰਡਰ ਸਿਰਫ ਤਾਰੀਖਾਂ ਦੀ ਗਿਣਤੀ ਨਹੀਂ, ਸਗੋਂ ਸਿੱਖ ਕੌਮ ਦੀ ਪਛਾਣ ਅਤੇ ਇਤਿਹਾਸ ਨਾਲ ਜੁੜਿਆ ਹੋਇਆ ਇਕ ਅਹਿਮ ਮਸਲਾ ਹੈ। ਪਿਛਲੇ ਕੁਝ ਸਮਿਆਂ ਤੋਂ ਇਸ ਮਾਮਲੇ ਵਿੱਚ ਪੈਦਾ ਹੋਈ ਅਸਹਿਮਤੀ ਅਤੇ ਵੱਖਰੇ-ਵੱਖਰੇ ਮਤਾਂ ਨੇ ਸੰਗਤਾਂ ਵਿੱਚ ਦੁਬਿਧਾ ਪੈਦਾ ਕੀਤੀ ਹੈ, ਜਿਸਦਾ ਸਥਾਈ ਅਤੇ ਸਾਰਥਕ ਹੱਲ ਲੱਭਣਾ ਸਮੇਂ ਦੀ ਜਰੂਰੀ ਮੰਗ ਹੈ।ਇਸ ਮੀਟਿੰਗ ਦਾ ਮੁੱਖ ਉਦੇਸ਼ ਪੰਥਕ ਏਕਤਾ ਨੂੰ ਮਜ਼ਬੂਤ ਕਰਨਾ, ਸਾਰੇ ਪੱਖਾਂ ਨੂੰ ਇਕ ਮੰਚ ‘ਤੇ ਲਿਆਉਣਾ ਅਤੇ ਗੁਰੂ ਸਾਹਿਬਾਨ ਦੀ ਬਖਸ਼ੀ ਹੋਈ ਰਹਿਣੀ-ਬਹਿਣੀ ਦੇ ਅਨੁਸਾਰ ਸਾਂਝੇ ਤੌਰ ‘ਤੇ ਫੈਸਲਾ ਲੈਣਾ ਹੈ। ਸਾਡਾ ਵਿਸ਼ਵਾਸ ਹੈ ਕਿ ਸਿਰਫ ਸੰਵਾਦ, ਸਹਿਯੋਗ ਅਤੇ ਸਚਾਈ ਦੇ ਰਸਤੇ ਤੇ ਚੱਲ ਕੇ ਹੀ ਇਸ ਮਸਲੇ ਦਾ ਢੁੱਕਵਾਂ ਹੱਲ ਨਿਕਲ ਸਕਦਾ ਹੈ।ਸ੍ਰ. ਅੰਮ੍ਰਿਤਪਾਲ ਸਿੰਘ ਸਚਦੇਵਾ ਨੇ ਕਿਹਾ ਕਿ "ਸਾਡੀ ਸਾਰਿਆਂ ਦੀ ਇਹ ਸਾਂਝੀ ਜ਼ਿੰਮੇਵਾਰੀ ਹੈ ਕਿ ਅਸੀਂ ਆਪਣੀਆਂ ਨਿੱਜੀ ਸੋਚਾਂ ਤੋਂ ਉੱਪਰ ਉੱਠ ਕੇ ਪੰਥ ਦੀ ਚੜ੍ਹਦੀ ਕਲਾ ਲਈ ਇਕਜੁੱਟ ਹੋਈਏ। ਇਹ ਮੀਟਿੰਗ ਸਿਰਫ ਇਕ ਬੈਠਕ ਨਹੀਂ, ਸਗੋਂ ਸਿੱਖ ਕੌਮ ਦੇ ਭਵਿੱਖ ਲਈ ਇਕ ਅਹਿਮ ਕਦਮ ਹੈ।"ਉਹਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਇਸ ਉਪਰਾਲੇ ਨਾਲ ਜੁੜ ਕੇ ਆਪਣੀ ਆਵਾਜ਼ ਅਤੇ ਸਹਿਯੋਗ ਪ੍ਰਗਟ ਕਰਨ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਸਪੱਸ਼ਟ, ਇਕਸਾਰ ਅਤੇ ਸਵੀਕਾਰਯੋਗ ਕੈਲੰਡਰ ਪ੍ਰਣਾਲੀ ਸਥਾਪਿਤ ਕੀਤੀ ਜਾ ਸਕੇ।ਸ੍ਰ. ਸਚਦੇਵਾ ਨੇ ਸਾਰੇ ਤਖਤਾਂ ਦੇ ਜਥੇਦਾਰ ਸਾਹਿਬਾਨ ਨੂੰ ਵੀ ਪੁਰਜੋਰ ਬੇਨਤੀ ਕੀਤੀ ਹੈ ਕਿ ਉਹ ਸਾਰੇ ਵੀ ਇਸ ਅਹਿਮ ਬੈਠਕ ਵਿੱਚ ਜਰੂਰ ਸ਼ਾਮਿਲ ਹੋਣ ਤਾਂ ਕਿ ਸਿੱਖ ਸੰਗਤਾਂ ਕਿਸੇ ਇੱਕ ਸਾਂਝੇ ਹੱਲ ਤੇ ਪੁਹੰਚ ਸਕਣ ਅਤੇ ਇਹ ਮਸਲਾ ਸਦਾ ਲਈ ਹੱਲ ਹੋ ਸਕੇ।ਅੰਤ ਵਿੱਚ, ਗਲੋਬਲ ਸਿੱਖ ਕੌਂਸਲ ਸਾਰਿਆਂ ਨੂੰ ਬੇਨਤੀ ਕਰਦੀ ਹੈ ਕਿ ਇਸ ਮਹੱਤਵਪੂਰਨ ਮਸਲੇ ਨੂੰ ਸਿਰਫ ਵਿਚਾਰ-ਵਟਾਂਦਰੇ ਤੱਕ ਸੀਮਿਤ ਨਾ ਰੱਖਦੇ ਹੋਏ, ਇਸਦੇ ਹੱਲ ਲਈ ਇਕਜੁੱਟ ਹੋ ਕੇ ਕਦਮ ਚੁੱਕੇ ਜਾਣ।

## ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ/ਡੇਲਟਾ ਦੇ ਪ੍ਰਧਾਨ ਅਮਨਦੀਪ ਸਿੰਘ ਜੋਹਲ ਪ੍ਰਬੰਧ ਸੰਭਾਲਣ ਵਿਚ ਹੋਏ ਫੇਲ, ਸੰਗਤਾਂ ਵਲੋਂ ਤੁਰੰਤ ਅਸਤੀਫੇ ਦੀ ਮੰਗ , ਐਤਵਾਰ 29 ਮਾਰਚ ਨੂੰ ਇਸੇ ਸੰਬੰਧੀ ਗੁਰਦੁਆਰਾ ਸਾਹਿਬ ਵਿਖ਼ੇ ਹੋਵੇਗੀ ਮੀਟਿੰਗ, ਵਡੀ ਗਿਣਤੀ ਵਿਚ ਪਹੁੰਚਣ ਦੀ ਅਪੀਲ

Desi Punjab YouTube www.desipunjab.in



ਨਵੀਂ ਦਿੱਲੀ 27 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਕੈਨੇਡਾ ਦੇ ਸਰੀ ਡੇਲਟਾ ਸ਼ਹਿਰ ਦੇ ਮੁੱਖ ਗੁਰਦੁਆਰਾ ਗੁਰੂ ਨਾਨਕ ਸਿੱਖ ਗੁਰਦੁਆਰਾ ਦੇ ਸਾਬਕਾ ਮੁੱਖ ਸੇਵਾਦਾਰ ਭਾਈ ਹਰਦੀਪ ਸਿੰਘ ਨਿੱਝਰ ਦੀ ਸ਼ਹਾਦਤ ਤੋਂ ਤਕਰੀਬਨ 2 ਸਾਲ ਬਾਅਦ ਵਿਵਾਦਾ ਵਿਚ ਆ ਗਿਆ ਹੈ ਤੇ ਇਸਦੀ ਮੌਜੂਦਾ ਪ੍ਰਬੰਧਕੀ ਸੰਭਾਲਣ ਵਾਲੇ ਅਮਨਦੀਪ ਸਿੰਘ ਅਤੇ ਉਨ੍ਹਾਂ ਦੇ ਨਾਲਦੇ ਕੁਝ ਮੈਂਬਰਾਂ ਉਪਰ ਪ੍ਰਬੰਧ ਸੰਭਾਲਣ ਵਿਚ ਅਸਫਲ ਰਹਿਣ ਕਰਕੇ ਉਨ੍ਹਾਂ ਦੇ ਅਸਤੀਫੇ ਦੀ ਮੰਗ ਜ਼ੋਰ ਫੜ ਰਹੀ ਹੈ। ਇਥੇ ਦਸਣਯੋਗ ਹੈ ਕਿ ਭਾਈ ਨਿੱਝਰ ਦੇ ਕਤਲ ਉਪਰੰਤ ਵਾਇਸ ਪ੍ਰਧਾਨ ਭਾਈ ਗੁਰਮੀਤ ਸਿੰਘ ਗਿੱਲ ਅਤੇ ਉਨ੍ਹਾਂ ਦੇ ਸਾਥੀਆਂ ਨੇ ਓਸ ਔਖੇ ਵੇਲੇ ਸੁਚੱਜੇ ਢੰਗ ਨਾਲ ਪ੍ਰਬੰਧ ਸੰਭਾਲ ਲਿਆ ਸੀ ਤੇ ਭਾਈ ਨਿੱਝਰ ਦੀ ਸੋਚ ਮੁਤਾਬਕ ਸੰਗਤਾਂ ਅਤੇ ਪੰਥ ਨਾਲ ਮਿਲਕੇ ਹਰ ਮੋਰਚੇ ਵਿੱਚ ਸ਼ਮੂਲੀਅਤ ਕਰਕੇ ਬਣਦਾ ਯੋਗਦਾਨ ਪਾ ਰਹੇ ਸਨ ਪਰ ਕੁਝ ਸਮੇਂ ਬਾਅਦ ਇੱਕ ਅਜਿਹਾ ਵਿਅਕਤੀ ਜਿਹੜਾ ਕਦੇ ਗੁਰਦੁਆਰਾ ਸਾਹਿਬ ਮੱਥਾ ਟੇਕਣ ਵੀ ਨਹੀਂ ਆਉਂਦਾ ਨੂੰ ਕੁਝ ਸ਼ੱਕੀ ਵਿਅਕਤੀਆਂ ਨੇ ਇੰਨਾ ਸ਼ਕਤੀਸ਼ਾਲੀ ਬਣਾ ਦਿੱਤਾ ਕਿ ਉਸਨੇ ਹਰ ਪੰਥ ਪ੍ਰੇਮੀ ਨੂੰ ਹਰ ਤਰ੍ਹਾਂ ਨਾਲ ਗੁਰਦੁਆਰਾ ਸਾਹਿਬ ਤੋਂ ਬਾਹਰ ਧੱਕਣਾ ਸ਼ੁਰੂ ਕਰ ਦਿੱਤਾ ਅਤੇ ਉਨ੍ਹਾਂ 'ਤੇ ਪੱਕੇ ਤੌਰ 'ਤੇ ਪਾਬੰਦੀ ਲਗਾਉਣੀ ਸ਼ੁਰੂ ਕਰ ਦਿੱਤੀ ਹੈ ਤੇ ਜਦਕਿ ਓਹ ਪ੍ਰਧਾਨ ਬਣੇ ਉਪਰੰਤ ਗੁਰਦੁਆਰਾ ਸਾਹਿਬ ਨਜ਼ਰ ਹੀ ਨਹੀਂ ਆਂਦੇ ਹਨ ਜਿਸ ਕਰਕੇ ਰੋਸ ਵਧਣ ਨਾਲ ਪ੍ਰਬੰਧਕੀ ਟੀਮ ਦੋ ਹਿੱਸਿਆ ਵਿਚ ਵੰਡੀ ਗਈ । ਇਸ ਦੇ ਨਾਲ ਹੀ ਅਮਨਦੀਪ ਸਿੰਘ ਉਪਰ ਵਡੀ ਗਿਣਤੀ ਵਿਚ ਇਲਜਾਮ ਲਗਾਏ ਗਏ ਹਨ ਜਿਨ੍ਹਾਂ ਬਾਰੇ ਓਹ ਸੰਗਤਾਂ ਨੂੰ ਕੋਈ ਜੁਆਬ ਨਹੀਂ ਦੇ ਰਹੇ ਹਨ ਜਿਸ ਕਰਕੇ ਸੰਗਤਾਂ ਅੰਦਰ ਰੋਸ ਵਧਿਆ ਹੋਇਆ ਹੈ। ਮੌਜੂਦਾ ਪ੍ਰਧਾਨ ਨੂੰ ਵਾਰ ਵਾਰ ਨਵੀਂ ਮੈਂਬਰਸ਼ਿਪ ਨਵਿਆਉਣ ਲਈ ਕਹਿਣ ਤੇ ਓਹ ਹਰ ਵਾਰ ਟਾਲ ਮਟੋਲ ਕਰਦੇ ਰਹੇ ਤੇ ਅੰਤ ਵਿਚ ਜਦੋ ਮੈਂਬਰਸ਼ਿਪ ਨਵਿਆਉਣ ਲਈ ਸ਼ੁਰੂ ਹੋਈ ਓਹ ਵਿਵਾਦਾ, ਨਿਰਪੱਖਤਾ ਅਤੇ ਪਾਰਦਰਸ਼ਤਾ ਦੀ ਘਾਟ ਕਰਕੇ ਇਸ ਵਿਚ ਅਸਫਲ ਹੋ ਗਈ ਜਿਸ ਕਰਕੇ ਸੰਗਤ ਵਿਚ ਗੰਭੀਰ ਚਿੰਤਾ ਦਾ ਵਿਸ਼ਾ ਬਣ ਗਿਆ । ਏਜੀਐਮ ਵਿਚ ਪੇਸ਼ ਕੀਤੀ ਗਈ ਰਿਪੋਰਟ ਨੂੰ ਬਹੁਮਤ ਮੈਂਬਰਾਂ ਨੇ ਰੱਦ ਕਰ ਦਿੱਤਾ। ਕਮੇਟੀ ਦੇ ਇੱਕ ਸਹਾਇਕ ਖਜ਼ਾਨਚੀ ਨੇ ਵਿੱਤੀ ਗੜਬੜੀਆਂ ਅਤੇ ਗਵਰਨੈਂਸ ਮਸਲਿਆਂ ਦੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇੱਕ ਹੋਰ ਮੈਂਬਰ ਨੇ ਦਾਨ ਪੇਟੀਆਂ (ਗੋਲਕ) ਤੋਂ ਨਿਯਮਿਤ ਤੌਰ ‘ਤੇ ਨਕਦ ਵਾਊਚਰ ਕੱਢਣ ਬਾਰੇ ਗੰਭੀਰ ਚਿੰਤਾ ਜਤਾਈ। ਪੂਰੀ ਵਿੱਤੀ ਜਾਣਕਾਰੀ ਪ੍ਰਾਪਤ ਕਰਨ ਲਈ ਮੀਟਿੰਗ ਵਿੱਚ ਹਾਜ਼ਰ ਸੰਗਤ ਨੇ ਮੁੜ-ਆਡਿਟ ਦੀ ਮੰਗ ਕੀਤੀ ਸੀ, ਪਰ ਪ੍ਰਧਾਨ ਅਮਨਦੀਪ ਸਿੰਘ ਜੋਹਲ ਦੀ ਅਗਵਾਈ ਹੇਠ ਮੌਜੂਦਾ ਕਮੇਟੀ ਨੇ ਇਸ ਉੱਤੇ ਕੋਈ ਕਾਰਵਾਈ ਨਹੀਂ ਕੀਤੀ। ਪਿਛਲੀਆਂ ਦੋ ਸਾਲਾਂ ਦੀਆਂ ਏਜੀਐਮ ਮੀਟਿੰਗਾਂ ਵਿੱਚ ਗੁਰੂ ਨਾਨਕ ਸਿੱਖ ਸਕੂਲ ਨੂੰ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਅਧੀਨ ਲਿਆਂਦਾ ਜਾਣਾ ਐਜੰਡੇ ਵਿੱਚ ਸ਼ਾਮਲ ਸੀ ਅਤੇ ਮਿਨਟ ਬੁੱਕ ਵਿੱਚ ਵੀ ਦਰਜ ਹੈ , ਪਰ 2025 ਦੀ ਏਜੀਐਮ ਵਿੱਚ ਫਿਰ ਇਸਨੂੰ ਸੁਤੰਤਰ ਸੰਸਥਾ ਵਜੋਂ ਦਰਸਾਇਆ ਜਾ ਰਿਹਾ ਹੈ ਅਤੇ ਪਿਛਲੇ 2 ਸਾਲਾਂ ਤੋਂ ਕੋਈ ਮਹੀਨਾਵਾਰ ਮੀਟਿੰਗ ਵੀ ਨਹੀਂ ਕੀਤੀ ਗਈ। ਫਰਵਰੀ 2026 ਵਿੱਚ ਸੰਗਤੀ ਮੀਟਿੰਗ ਕਰਨ ਦਾ ਐਲਾਨ ਕੀਤਾ ਗਿਆ ਸੀ ਪਰ ਬਾਅਦ ਵਿਚ ਇਸ ਨੂੰ ਟਾਲ ਦਿੱਤਾ ਗਿਆ। ਸੰਗਤ ਵੱਲੋਂ ਬਾਰ ਬਾਰ ਸਕੂਲ ਦੇ ਵਿੱਤੀ ਦਸਤਾਵੇਜ਼ ਮੰਗਣ ਦੇ ਬਾਵਜੂਦ ਜਾਰੀ ਨਹੀਂ ਕੀਤੇ ਜਾ ਰਹੇ ਹਨ । ਗੁਰਦੁਆਰਾ ਸਾਹਿਬ ਅਤੇ ਸਕੂਲ ਦੇ ਮਸਲਿਆਂ ਸਬੰਧੀ ਚਿੱਠੀਆਂ 1 ਫਰਵਰੀ ਅਤੇ 16 ਫਰਵਰੀ 2026 ਨੂੰ ਸੋਸਾਇਟੀ ਦੇ ਵਕੀਲ ਅਤੇ ਪ੍ਰਧਾਨ ਅਮਨਦੀਪ ਸਿੰਘ ਜੋਹਲ ਨੂੰ ਭੇਜੀਆਂ ਗਈਆਂ ਅਤੇ ਸੰਗਤ ਨੂੰ ਉਮੀਦ ਸੀ ਕਿ ਇਹ ਮਸਲੇ ਜਲਦੀ ਹੱਲ ਕਰ ਦਿੱਤੇ ਜਾਣਗੇ, ਪਰ ਲਿਖਤੀ ਰੂਪ ਵਿੱਚ ਇਤਰਾਜ਼ ਕਰਨ ਦੇ ਬਾਵਜੂਦ ਸੁਸਾਇਟੀ ਦੇ ਵਕੀਲ ਨੇ ਵੀ ਕੋਈ ਜਵਾਬ ਨਹੀਂ ਦਿੱਤਾ। ਇਸ ਮਾਮਲੇ ਵਿਚ ਇੱਕ ਮਹੱਤਵਪੂਰਨ ਗੱਲ ਇਹ ਹੈ ਕਿ ਮੈਂਬਰਸ਼ਿਪ ਦੀ ਪ੍ਰਕਿਰਿਆ ਪਾਰਦਰਸ਼ਤਾ ਤੇ ਨਿਰਪੱਖਤਾ ਨਾਲ ਕਰਨ ਲਈ ਕਮੇਟੀ ਦਾ ਇੱਕ ਧੜਾ (ਵਾਇਸ ਪ੍ਰਧਾਨ ਭਾਈ ਗਿੱਲ) ਪੂਰਨ ਤੌਰ ਤੇ ਸਮੁੱਚੀ ਸੰਗਤ ਦਾ ਸਾਥ ਦੇ ਰਿਹਾ ਹੈ ਪਰ ਪ੍ਰਧਾਨ ਅਤੇ ਉਨ੍ਹਾਂ ਦੇ ਨਾਲਦੇ ਕੁਝ ਮੈਂਬਰ ਕਿਸੇ ਕਿਸਮ ਦਾ ਸਾਹਿਯੋਗ ਨਹੀਂ ਕਰ ਰਹੇ ਹਨ । ਜਿਕਰਯੋਗ ਹੈ ਕਿ ਚਾਲੂ ਐਗਜ਼ਿਕਿਊਟਿਵ ਕਮੇਟੀ ਦੀ ਮਿਆਦ 31 ਦਸੰਬਰ 2025 ਨੂੰ ਸਮਾਪਤ ਹੋ ਚੁੱਕੀ ਹੈ ਜਿਸ ਕਰਕੇ ਸੰਗਤੀ ਧੜਾ ਹੁਣ ਕਮੇਟੀ ਨੂੰ ਅਸਤੀਫ਼ਾ ਦੇਣ ਅਤੇ ਸੋਸਾਇਟੀ ਦਾ ਪ੍ਰਬੰਧ ਮੈਂਬਰਾਂ ਨੂੰ ਸੌਂਪਣ ਦੀ ਮੰਗ ਕਰਦਾ ਹੈ, ਤਾਂ ਜੋ ਪਾਰਦਰਸ਼ੀ ਢੰਗ ਮੈਂਬਰਸ਼ਿਪ ਪ੍ਰਕਿਰਿਆ ਸ਼ੁਰੂ ਕੀਤੀ ਜਾ ਸਕੇ ਅਤੇ ਨਵੀਂ ਕਮੇਟੀ ਦੀ ਚੋਣ ਤੀਜੀ ਧਿਰ ਦੀ ਦੇਖ-ਰੇਖ ਕੀਤੀ ਜਾ ਸਕੇ। ਐਤਵਾਰ 29 ਮਾਰਚ 2026 ਨੂੰ ਦੁਪਹਿਰ 12:30 ਵਜੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਵਿਖੇ ਸੰਗਤੀ ਮੀਟਿੰਗ ਰਖੀ ਗਈ ਹੈ ਜਿਸ ਵਿਚ ਸੰਗਤਾਂ ਨੂੰ ਭਾਰੀ ਗਿਣਤੀ ਵਿਚ ਪਹੁੰਚ ਕੇ ਆਪਣੇ ਸੁਝਾਅ ਦੇਣ ਲਈ ਅਪੀਲ ਕੀਤੀ ਗਈ ਹੈ । ਇਸ ਮੌਕੇ ਤਰਨਜੀਤ ਸਿੰਘ ਧੁੱਗਾ, ਗੁਰਬਚਨ ਸਿੰਘ ਕਾਹਲੋਂ, ਜਸਦੀਪ ਸਿੰਘ, ਗੁਰਦੀਪ ਸਿੰਘ ਅਵਤਾਰ ਸਿੰਘ, ਸੁਖਰਾਜ ਸਿੰਘ ਬੱਲ, ਕਰਨੈਲ ਸਿੰਘ ਰਾਏ, ਰਘਬੀਰ ਸਿੰਘ, ਜਸਬੀਰ ਸਿੰਘ ਚੱਠਾ, ਜਗਤਾਰ ਸਿੰਘ, ਜਸਬੀਰ ਸਿੰਘ ਬਰਾੜ, ਤਰਲੋਚਨ ਸਿੰਘ, ਬਲਦੀਪ ਸਿੰਘ, ਭਾਈ ਧਰਮ ਸਿੰਘ, ਜਗਪ੍ਰੀਤ ਸਿੰਘ ਜੱਗਾ, ਕੁਲਵਿੰਦਰ ਸਿੰਘ ਢਿੱਲੋਂ ਵਰਿੰਦਰਜੀਤ ਸਿੰਘ, ਬਲਵਿੰਦਰ ਸਿੰਘ, ਗੁਰਮੀਤ ਸਿੰਘ ਗਿੱਲ, ਮਹਿਤਾਬ ਸਿੰਘ, ਗੁਰਮੀਤ ਸਿੰਘ ਤੂਰ, ਗੁਰਜੀਤ ਸਿੰਘ, ਅਵਤਾਰ ਸਿੰਘ ਖਹਿਰਾ,ਰਜਿੰਦਰ ਸਿੰਘ ਨਟ ਅਤੇ ਬਾਬਾ ਮੋਹਨ ਸਿੰਘ ਸਮੇਤ ਹੋਰ ਪਤਵੰਤੇ ਸੱਜਣ ਹਾਜਿਰ

## ਵਿਧਾਇਕ ਗੁਰਲਾਲ ਘਨੌਰ ਨੇ 'ਮੁੱਖ ਮੰਤਰੀ ਤੀਰਥ ਯਾਤਰਾ' ਤਹਿਤ ਪਿੰਡ ਬਡੌਲੀ ਗੁੱਜਰਾਂ ਤੋਂ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ

### -ਪਵਿੱਤਰ ਅਸਥਾਨਾਂ ਦੇ ਦਰਸ਼ਨਾਂ ਵਾਸਤੇ ਲੋਕਾਂ ਲਈ ਵਰਦਾਨ ਸਾਬਤ ਹੋਈ ਸਕੀਮ- ਗੁਰਲਾਲ ਘਨੌਰ



ਘਨੌਰ, 27 ਮਾਰਚ:ਹਲਕਾ ਘਨੌਰ ਦੇ ਵਿਧਾਇਕ ਗੁਰਲਾਲ ਸਿੰਘ ਘਨੌਰ ਨੇ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦੇ ਤਹਿਤ ਪਿੰਡ ਬਡੌਲੀ ਗੁੱਜਰਾਂ ਤੋਂ ਸ਼ਰਧਾਲੂਆਂ ਦੀ ਬੱਸ ਨੂੰ ਰਵਾਨਾ ਕੀਤਾ।

ਗੁਰਲਾਲ ਘਨੌਰ ਨੇ ਦੱਸਿਆ ਕਿ ਇਹ ਬੱਸ ਯਾਤਰੀਆਂ ਨੂੰ ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਿਰ, ਭਗਵਾਨ ਵਾਲਮੀਕਿ ਤੀਰਥ ਸਥਲ, ਜਲ੍ਹਿਆਂਵਾਲਾ ਬਾਗ, ਪਾਰਟੀਸ਼ਨ ਮਿਊਜ਼ੀਅਮ, ਵਾਹਘਾ ਬਾਰਡਰ ਅਤੇ ਅੰਮ੍ਰਿਤਸਰ ਦੇ ਹੋਰ ਧਾਰਮਿਕ ਸਥਾਨਾਂ ਦੀ ਯਾਤਰਾ ਕਰਵਾਏਗੀ।

ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੇ ਲੋਕਾਂ ਦੀ ਸੇਵਾ ਲਈ ਸਹੀ ਮਾਅਨਿਆਂ ਵਿੱਚ ਵਿਲੱਖਣ ਉਪਰਾਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਹੇਠ ਤੀਰਥ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਦੀ ਚੋਣ ਡਰਾਅ ਰਾਹੀਂ ਕਰਕੇ ਪੂਰਨ ਪਾਰਦਰਸ਼ਤਾ ਅਪਣਾਈ ਗਈ ਹੈ।

ਵਿਧਾਇਕ ਗੁਰਲਾਲ ਘਨੌਰ ਨੇ ਕਿਹਾ ਕਿ ਬਹੁਤ ਸਾਰੇ ਲੋਕਾਂ ਦੇ ਮਨ ਪਵਿੱਤਰ ਅਸਥਾਨਾਂ ਦੇ ਦਰਸ਼ਨ ਲਈ ਲੋਚਦੇ ਹਨ ਜਿਸ ਕਰਕੇ ਦਰਸ਼ਨ ਕਰਨ ਦੀ ਤਾਂਘ ਪੂਰੀ ਕਰਨ ਲਈ ਇਹ ਨਿਵੇਕਲੀ ਪਹਿਲਕਦਮੀ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਸਾਰੇ ਸ਼ਰਧਾਲੂਆਂ ਨੂੰ ਪ੍ਰਸਾਦ ਵੀ ਵੰਡਿਆ ਜਾਂਦਾ ਹੈ ਅਤੇ ਜਿਹੜੇ ਲੋਕ ਕਿਸੇ ਕਾਰਨ ਪਵਿੱਤਰ ਅਸਥਾਨਾਂ ਦੇ ਦਰਸ਼ਨ ਕਰਨ ਤੋਂ ਵਾਂਝੇ ਰਹਿ ਗਏ ਸਨ, ਉਨ੍ਹਾਂ ਸ਼ਰਧਾਲੂਆਂ ਲੋਕਾਂ ਲਈ ਇਹ ਸਕੀਮ ਵਰਦਾਨ ਸਾਬਤ ਹੋ ਰਹੀ ਹੈ।

ਗੁਰਲਾਲ ਘਨੌਰ ਨੇ ਕਿਹਾ ਕਿ ਆਪ ਸਰਕਾਰ ਨੇ ਸਮਾਜਿਕ ਤੇ ਧਾਰਮਿਕ ਸਾਂਝ ਦੀਆਂ ਤੰਦਾਂ ਨੂੰ ਹੋਰ ਮਜ਼ਬੂਤ ਕਰਨ ਲਈ ਪੰਜਾਬ ਵਾਸੀਆਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਦਾ ਇਹ ਨਿਮਾਣਾ ਉਪਰਾਲਾ ਕੀਤਾ ਹੈ।

ਇਸ ਮੌਕੇ ਤੀਰਥ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਅਤੇ ਵਿਧਾਇਕ ਗੁਰਲਾਲ ਘਨੌਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਉਨ੍ਹਾਂ ਲਈ ਜੀਵਨ ਭਰ ਦੀ ਯਾਦਗਾਰ ਯਾਤਰਾ ਹੋਵੇਗੀ।

## ਚੇਅਰਮੈਨ ਸਤਨਾਮ ਜਲਾਲਪੁਰ ਨੇ ਪਿੰਡ ਕੌਲਗੜ੍ਹ ਦੀ ਪੰਚਾਇਤ ਨੂੰ ਸ਼ਮਸ਼ਾਨ ਘਾਟ ਲਈ ਦਿੱਤੀ 1 ਲੱਖ ਦੀ ਗਰਾਂਟ



ਬਲਾਚੌਰ 27 ਮਾਰਚ (ਜਤਿੰਦਰ ਪਾਲ ਸਿੰਘ ਕਲੇਰ )ਜ਼ਿਲ੍ਹਾ ਯੋਜਨਾ ਬੋਰਡ ਸ਼ਹੀਦ ਭਗਤ ਸਿੰਘ ਨਗਰ ਦੇ ਚੇਅਰਮੈਨ ਅਤੇ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਜਲਾਲਪੁਰ ਵੱਲੋਂ ਪਿੰਡ ਕੌਲਗੜ੍ਹ ਦੀ ਗ੍ਰਾਮ ਪੰਚਾਇਤ ਨੂੰ ਵਿਕਾਸ ਕਾਰਜਾਂ ਲਈ 1 ਲੱਖ ਰੁਪਏ ਦੀ ਵਿਸ਼ੇਸ਼ ਗਰਾਂਟ ਜਾਰੀ ਕੀਤੀ ਗਈ ਹੈ। ਇਹ ਰਾਸ਼ੀ ਚੇਅਰਮੈਨ ਜਲਾਲਪੁਰ ਨੇ ਆਪਣੇ ਜ਼ਿਲ੍ਹਾ ਯੋਜਨਾ ਬੋਰਡ ਦੇ ਅਖਤਿਆਰੀ ਕੋਟੇ ਵਿੱਚੋਂ ਪਿੰਡ ਦੇ ਸ਼ਮਸ਼ਾਨ ਘਾਟ ਦੀ ਉਸਾਰੀ ਅਤੇ ਮੁਰੰਮਤ ਲਈ ਦਿੱਤੀ ਹੈ। ਇਸ ਮੌਕੇ ਮਾਰਕੀਟ ਕਮੇਟੀ ਬਲਾਚੌਰ ਦੇ ਚੇਅਰਮੈਨ ਸੇਠੀ ਉਧਨੋਵਾਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ ਗਰਾਂਟ ਦਾ ਚੈੱਕ ਸੌਂਪਦਿਆਂ ਸਤਨਾਮ ਜਲਾਲਪੁਰ ਨੇ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਸ਼ਮਸ਼ਾਨ ਘਾਟ ਦੀ ਉਸਾਰੀ ਸਬੰਧੀ ਲੰਬੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਸੀ। ਪਿੰਡ ਦੀ ਇਸ ਜ਼ਰੂਰੀ ਲੋੜ ਨੂੰ ਮੁੱਖ ਰੱਖਦਿਆਂ ਹੀ ਇਹ ਰਾਸ਼ੀ ਜਾਰੀ ਕੀਤੀ ਗਈ ਹੈ ਤਾਂ ਜੋ ਵਿਕਾਸ ਕਾਰਜਾਂ ਵਿੱਚ ਕੋਈ ਰੁਕਾਵਟ ਨਾ ਆਵੇ। ਉਨ੍ਹਾਂ ਭਰੋਸਾ ਦਿੱਤਾ ਕਿ ਇਲਾਕੇ ਦੇ ਸਰਵਪੱਖੀ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਪਿੰਡ ਕੌਲਗੜ੍ਹ ਦੇ ਸਾਬਕਾ ਸਰਪੰਚ ਗੁਰਦੇਵ ਸਿੰਘ, ਦਵਿੰਦਰ ਸਿੰਘ ਬਿੰਦੂ ਲੰਡਨ, ਬਲਕਾਰ ਸਿੰਘ ਚੌਧਰੀ, ਗੁਰਵਿੰਦਰ ਸਿੰਘ ਨੰਬਰਦਾਰ ਅਤੇ ਜੁਝਾਰ ਸਿੰਘ ਸਾਬਕਾ ਸਰਪੰਚ ਨੇ ਚੇਅਰਮੈਨ ਜਲਾਲਪੁਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਗਰਾਂਟ ਨਾਲ ਪਿੰਡ ਦੀ ਇੱਕ ਵੱਡੀ ਸਮੱਸਿਆ ਹੱਲ ਹੋਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਰਨੈਲ ਸਿੰਘ ਫੌਜੀ, ਜਸਕਰਨ ਸਿੰਘ, ਸੁਖਦੇਵ ਸਿੰਘ, ਪਰਮਜੀਤ ਸਿੰਘ ਪੰਚ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ

## 375 ਸਾਲ ਪਹਿਲਾਂ ਬਣੇ ਤਾਜ ਮਹਿਲ ਨੂੰ ਦੇਖਣ ਲਈ ਅੱਜ ਵੀ ਲੋਕਾਂ ਚ ਭਾਰੀ ਉਤਸ਼ਾਹ... ਸੰਜੀਵ ਪਿੰਕਾ



ਮਾਨਸਾ, 27 ਮਾਰਚ:- (ਗੁਰਪ੍ਰੀਤ ਧਾਲੀਵਾਲ) ਅਪੈਕਸ ਕਲੱਬ ਮਾਨਸਾ ਦੇ ਮੈਂਬਰਾਂ ਨੇ ਪਰਿਵਾਰਕ ਮੈਂਬਰਾਂ ਸਮੇਤ ਆਗਰਾ ਚ ਬਣੇ ਸੰਸਾਰ ਦੇ ਸੱਤ ਅਜੂਬਿਆਂ ਚੋਂ ਇੱਕ ਤਾਜ ਮਹਿਲ ਦੇ ਦੀਦਾਰ ਕੀਤੇ ਇਹ ਜਾਣਕਾਰੀ ਦਿੰਦਿਆਂ ਕਲੱਬ ਦੇ ਸਕੱਤਰ ਕਮਲ ਗਰਗ ਨੇ ਦੱਸਿਆ ਕਿ ਅਪੈਕਸ ਕਲੱਬ ਮਾਨਸਾ ਦੇ ਮੈਂਬਰਾਂ ਨੇ ਚਾਰ ਦਿਨਾਂ ਯਾਤਰਾ ਸਮੇਂ ਮੁਗਲ ਹਾਕਮ ਸ਼ਾਹਜਹਾਂ ਵਲੋਂ ਅਪਣੀ ਪਤਨੀ ਮੁਮਤਾਜ ਮਹਿਲ ਦੀ ਯਾਦ ਚ ਬਣਵਾਏ ਤਾਜ਼ ਮਹਿਲ ਦੇ ਦੀਦਾਰ ਕੀਤੇ ਅਤੇ ਇਸਦੇ ਇਤਿਹਾਸ ਬਾਰੇ ਜਾਣਕਾਰੀ ਹਾਸਲ ਕੀਤੀ।ਇਸ ਬਾਰੇ ਵਿਸਥਾਰ ਵਿੱਚ ਦੱਸਦਿਆਂ ਕਲੱਬ ਦੇ ਵਾਈਸ ਪ੍ਰਧਾਨ ਅਸ਼ਵਨੀ ਜਿੰਦਲ ਨੇ ਦੱਸਿਆ ਕਿ ਇਹ ਸਫੈਦ ਸੰਗਮਰਮਰ ਦੀ ਵਿਸ਼ਾਲ ਇਮਾਰਤ ਜਿਸਨੂੰ ਸੰਗਮਰਮਰ ਦਾ ਮਕਬਰਾ ਕਿਹਾ ਜਾਂਦਾ ਹੈ ਉਸ ਸਮੇਂ ਦੇ ਮੁਗਲ ਸਮਰਾਟ ਸ਼ਾਹਜਹਾਂ ਨੇ ਆਪਣੀ ਪਤਨੀ ਦੀ ਯਾਦ ਚ ਯਮੁਨਾ ਕੰਢੇ ਬਣਾਉਣ ਦਾ ਕੰਮ ਸੰਨ 1632 ਚ ਸ਼ੁਰੂ ਕੀਤਾ ਅਤੇ ਇਹ 1653 ਚ ਬਣਕੇ ਮੁਕੰਮਲ ਹੋਇਆ 22000 ਕਾਰੀਗਰਾਂ ਦੀ ਦੇ ਪਸੀਨੇ ਨਾਲ ਬਣੀ ਇਸ ਇਮਾਰਤ ਲਈ ਸਫੈਦ ਮਾਰਬਲ ਮਕਰਾਨੇ ਤੋਂ ਲਿਆਂਦਾ ਗਿਆ ਇਸਦੀ ਦਿੱਖ ਸਵੇਰੇ ਗੁਲਾਬੀ, ਸ਼ਾਮ ਨੂੰ ਸਫੈਦ ਅਤੇ ਰਾਤ ਨੂੰ ਸੁਨਹਿਰੀ ਹੁੰਦੀ ਹੈ ਤਾਜ ਮਹਿਲ ਨੂੰ ਰੋਸ਼ਨ ਮਕਬਰੇ ਅਤੇ ਰਊਜਾ ਏ ਮੁਨਵਰਾ ਦੇ ਨਾਮ ਨਾਲ ਵੀ ਜਾਣਿਆ ਜਾਂਦਾ ਹੈ ਆਪਣੀ ਖੂਬਸੂਰਤੀ ਅਤੇ ਅਣੋਖੀ ਦਿਖ ਲਈ ਇਹ ਵਿਸ਼ਵ ਪ੍ਰਸਿੱਧ ਹੈ ਕਲੱਬ ਦੇ ਪ੍ਰਧਾਨ ਸੰਜੀਵ ਪਿੰਕਾ ਨੇ ਦੱਸਿਆ ਕਿ ਇਸ ਵਿਸ਼ਵ ਪ੍ਰਸਿੱਧ ਇਮਾਰਤ ਨੂੰ ਦੇਖਣ ਲਈ ਦੇਸ਼ਾਂ ਵਿਦੇਸ਼ਾਂ ਤੋਂ ਸੈਲਾਨੀ ਵੱਡੀ ਗਿਣਤੀ ਵਿੱਚ ਪਹੁੰਚਦੇ ਹਨ ਅਤੇ ਇਸ ਇਮਾਰਤ ਦੀ ਖੂਬਸੂਰਤੀ ਲਗਭਗ 375 ਸਾਲ ਬਾਅਦ ਵੀ ਬਰਕਾਰ ਹੈ ਇਸ ਸਥਾਨ ਵਾਰੇ ਕਿਹਾ ਜਾਂਦਾ ਹੈ ਕਿ ਇਸ ਇਮਾਰਤ ਦੇ ਬਣ ਜਾਣ ਬਾਅਦ ਸ਼ਾਹਜਹਾਂ ਨੇ ਅਜਿਹੇ ਇੰਤਜ਼ਾਮ ਕੀਤੇ ਕਿ ਦੁਬਾਰਾ ਅਜਿਹੀ ਇਮਾਰਤ ਨਾ ਬਣ ਸਕੇ। ਇਸ ਮੌਕੇ ਭੂਪੇਸ਼ ਜਿੰਦਲ, ਮਨੀਸ਼ਾ ਜਿੰਦਲ, ਅਨਿਲ ਗਰਗ, ਦੀਪੀਕਾ ਗਰਗ, ਈਸ਼ਾ ਗਰਗ, ਹੇਮਾ ਗੁਪਤਾ, ਰਕੇਸ਼ ਗਰਗ, ਰਾਧੇ ਸ਼ਿਆਮ, ਮਮਤਾ ਰਾਣੀ, ਰਜਨੀ ਜਿੰਦਲ,ਸੋਨੀਆ ਸਿੰਗਲਾ, ਸਾਰਾਂਸ਼ ਸਿੰਗਲਾ, ਰਿਸ਼ਵ ਸਿੰਗਲਾ, ਬਨੀਤ ਗੋਇਲ, ਈਸ਼ੂ ਗੋਇਲ ਸਮੇਤ ਪਰਿਵਾਰਕ ਮੈਂਬਰ

## ਰਾਮ ਨੌਮੀ, ਨਵਰਾਤਰੀ ਕਾਨਪੁਰ ਵਿੱਚ ਵਿਸ਼ਾਲ ਜਲੂਸ ਅਤੇ ਕੰਨਿਆ ਭੋਜ ਦੇ ਜਸ਼ਨਾਂ ਨਾਲ ਸਮਾਪਤ



ਸੁਨੀਲ ਬਾਜਪਾਈਕਾਨਪੁਰ। ਚੈਤਰਾ ਨਵਰਾਤਰੀ ਦੇ ਆਖਰੀ ਦਿਨ, ਰਾਮ ਨੌਮੀ, ਭਗਤਾਂ ਨੇ ਭਗਵਾਨ ਸ਼ਿਵ ਅਤੇ ਦੇਵੀ ਮਹਾਗੌਰੀ ਦੀ ਰਸਮੀ ਪੂਜਾ ਕੀਤੀ। ਦੇਵੀ ਮੰਦਰਾਂ ਅਤੇ ਘਰਾਂ ਵਿੱਚ ਹਵਨ ਕਰਨ ਤੋਂ ਬਾਅਦ, ਕੁੜੀਆਂ ਦੀ ਪੂਜਾ ਕੀਤੀ ਗਈ ਅਤੇ ਦਾਵਤ ਦਿੱਤੀ ਗਈ। ਮਾਹੌਲ ਸ਼ਰਧਾ ਨਾਲ ਭਰਿਆ ਹੋਇਆ ਸੀ, ਹਰ ਪਾਸੇ ਦੇਵੀ ਦੇ ਗੀਤ ਅਤੇ ਮੰਤਰ ਗੂੰਜ ਰਹੇ ਸਨ।

ਨਵਰਾਤਰੀ ਦੇ ਮੌਕੇ 'ਤੇ, ਸ਼ਕਤੀ ਦੇ ਮੁਖੀ ਦੇਵਤੇ, ਦੇਵੀ ਜਗਦੰਬਾ ਅਤੇ ਕਾਲੀ ਦੀ ਪੂਜਾ ਦੇ ਤਿਉਹਾਰ, ਸਵੇਰ ਤੋਂ ਹੀ ਦੇਵੀ ਮੰਦਰਾਂ ਵਿੱਚ ਸ਼ਰਧਾ ਦੀ ਵਰਖਾ ਹੋਈ। ਸ਼ਰਧਾਲੂਆਂ ਨੇ ਮਾਤਾ ਰਾਣੀ ਨੂੰ ਨਾਰੀਅਲ ਅਤੇ ਚੁੰਨੀ ਚੜ੍ਹਾਈ ਅਤੇ ਆਪਣੇ ਪਰਿਵਾਰ ਅਤੇ ਦੇਸ਼ ਦੀ ਖੁਸ਼ਹਾਲੀ ਲਈ ਪ੍ਰਾਰਥਨਾ ਕੀਤੀ। ਨਵਰਾਤਰੀ ਦੌਰਾਨ ਵਰਤ ਰੱਖਣ ਵਾਲੇ ਭਗਤਾਂ ਵਿੱਚ ਵਿਜੇ ਲਕਸ਼ਮੀ, ਨੇਹਾ, ਅਨੁਰਾਗ, ਸ਼ਾਲੂ, ਸੁਬੋਧ, ਰਾਘਵ, ਮਾਧਵ ਬਾਜਪਾਈ, ਮਨੀਸ਼ ਮਿਸ਼ਰਾ, ਮੋਨਾ ਕਿੱਟੂ ਅਤੇ ਕੀਨੂ, ਰੁਚੀ ਰਾਜ ਮਿਸ਼ਰਾ, ਮੀਠੀ, ਨੰਦਨ, ਕ੍ਰਿਸ਼ਨਾ ਆਦਿ ਨੇ ਦੇਵੀ ਦੇ ਦਰਸ਼ਨ ਕਰਨ ਤੋਂ ਬਾਅਦ, ਮੰਦਰਾਂ ਅਤੇ ਘਰਾਂ ਵਿੱਚ ਰਵਾਇਤੀ ਕੰਨਿਆ-ਪੂਜਨ ਕੀਤਾ ਅਤੇ ਹਲਵਾ, ਪੂਰੀ, ਚਨੇ, ਦਹੀਂ-ਜਲੇਬੀ ਆਦਿ ਭੇਟ ਕੀਤੇ। ਇਸ ਦੇ ਨਾਲ, ਕੁੜੀਆਂ ਨੂੰ ਲਾਲ ਚੁੰਨੀ ਅਤੇ ਤੋਹਫ਼ੇ ਵੀ ਭੇਟ ਕੀਤੇ ਗਏ।

ਇਸ ਦੌਰਾਨ, ਮੰਦਰਾਂ ਵਿੱਚ "ਜੈ ਸ਼੍ਰੀ ਰਾਮ" ਅਤੇ "ਜੈ ਮਾਤਾ ਦੀ" ਦੇ ਜੈਕਾਰਿਆਂ ਵਿਚਕਾਰ ਉੱਚੀ-ਉੱਚੀ ਘੰਟੀਆਂ ਵੱਜੀਆਂ। ਵੱਖ-ਵੱਖ ਥਾਵਾਂ 'ਤੇ ਭੰਡਾਰਾ ਵੀ ਲਗਾਇਆ ਗਿਆ, ਜਿਸਦਾ ਸ਼ਰਧਾਲੂਆਂ ਨੇ ਬਹੁਤ ਸ਼ਰਧਾ ਨਾਲ ਆਨੰਦ ਮਾਣਿਆ। ਹਰ ਸਾਲ ਦੀ ਤਰ੍ਹਾਂ, ਇਸ ਸਾਲ ਵੀ ਵਿਸ਼ਾਲ ਰਾਮ ਨੌਮੀ ਜਲੂਸ ਕੱਢੇ ਗਏ। ਰਾਮ ਲੱਲਾ ਰਾਵਤਪੁਰ ਮੰਦਰ ਤੋਂ ਸ਼ੁਰੂ ਹੋਣ ਵਾਲੇ ਸਭ ਤੋਂ ਵੱਡੇ ਰਾਮ ਨੌਮੀ ਜਲੂਸ ਦੇ ਨਾਲ-ਨਾਲ ਹੋਰ ਸਾਰੇ ਸਮਾਗਮਾਂ ਲਈ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਸਨ। ਪੁਲਿਸ ਪ੍ਰਸ਼ਾਸਨ ਨੇ ਪਹਿਲਾਂ ਹੀ ਵਿਆਪਕ ਤਿਆਰੀਆਂ ਕਰ ਲਈਆਂ ਸਨ, ਰਾਮ ਨੌਮੀ 'ਤੇ ਰਾਵਤਪੁਰ ਖੇਤਰ ਤੋਂ ਵਿਸ਼ਾਲ ਜਲੂਸ ਦੇ ਸੁਰੱਖਿਅਤ ਰਸਤੇ ਨੂੰ ਯਕੀਨੀ ਬਣਾਉਣ ਲਈ ਵੱਡੀ ਪੁਲਿਸ ਫੋਰਸ ਤਾਇਨਾਤ ਕੀਤੀ ਗਈ ਸੀ। ਇਹ ਧਿਆਨ ਦੇਣ ਯੋਗ ਹੈ ਕਿ ਰਾਵਤਪੁਰ ਖੇਤਰ ਫਿਰਕੂ ਤੌਰ 'ਤੇ ਵੀ ਸੰਵੇਦਨਸ਼ੀਲ ਹੈ, ਅਤੇ ਪਹਿਲਾਂ ਵੀ ਉੱਥੇ ਹਿੰਸਕ ਘਟਨਾਵਾਂ ਵਾਪਰ ਚੁੱਕੀਆਂ ਹਨ। ਇਸ ਲਈ ਸਖ਼ਤ ਸੁਰੱਖਿਆ ਉਪਾਅ ਯਕੀਨੀ ਬਣਾਉਣ ਵਿੱਚ ਕੋਈ ਕਸਰ ਨਹੀਂ ਛੱਡੀ ਗਈ।

## ਸ਼੍ਰੀ ਰਾਮ ਲੀਲਾ ਕਮੇਟੀ ਵੱਲੋਂ ਸ਼੍ਰੀ ਰਾਮ ਜਨਮ ਉਤਸਵ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

### ਪ੍ਰਦੀਪ ਮਲਹੋਤਰਾ ਮੁੱਖ ਮਹਿਮਾਨ ਅਤੇ ਗੁਰਪ੍ਰੀਤ ਸਿੰਘ ਜੀ.ਪੀ. ਤੇ ਡਾ. ਮਨੋਹਰ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਹੋਏ ਸ਼ਾਮਲ



ਬੱਸੀ ਪਠਾਣਾ, 27 ਮਾਰਚ (ਚੰਨਪ੍ਰੀਤ ਪਨੇਸਰ):- ਸ਼੍ਰੀ ਰਾਮ ਲੀਲਾ ਕਮੇਟੀ ਬੱਸੀ ਪਠਾਣਾ ਵੱਲੋਂ ਪ੍ਰਧਾਨ ਅਜੇ ਸਿੰਗਲਾ ਦੀ ਅਗਵਾਈ ਹੇਠ ਅਗਰਵਾਲ ਧਰਮਸ਼ਾਲਾ ਵਿਖੇ ਸ਼੍ਰੀ ਰਾਮ ਜਨਮ ਉਤਸਵ ਬੇਹੱਦ ਸ਼ਰਧਾ, ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ।

ਇਸ ਮੌਕੇ ਸਮਾਜ ਸੇਵੀ ਪ੍ਰਦੀਪ ਮਲਹੋਤਰਾ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ, ਜਦਕਿ ਸਾਬਕਾ ਵਿਧਾਇਕ ਗੁਰਪ੍ਰੀਤ ਸਿੰਘ ਜੀ.ਪੀ., ਡਾ. ਮਨੋਹਰ ਸਿੰਘ, ਕੇਵਲ ਕੁਮਾਰ ਅਤੇ ਇੰਦਰਪਾਲ ਸ਼ਰਮਾ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਕਮੇਟੀ ਦੇ ਜਨਰਲ ਸਕੱਤਰ ਮਨੋਜ ਕੁਮਾਰ ਭੰਡਾਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੀ ਰਾਮ ਨਵਮੀ ਦੇ ਸਬੰਧ ਵਿੱਚ ਅਗਰਵਾਲ ਧਰਮਸ਼ਾਲਾ ਵਿਖੇ 17 ਮਾਰਚ ਤੋਂ 25 ਮਾਰਚ ਤੱਕ ਸ਼੍ਰੀ ਰਾਮ ਕਥਾ ਦਾ ਵਿਸ਼ੇਸ਼ ਆਯੋਜਨ ਕੀਤਾ ਗਿਆ ਸੀ। ਸਮਾਗਮ ਦੇ ਅੰਤਿਮ ਦਿਨ ਪੰਡਿਤ ਮਨੀਸ਼ ਸ਼ਰਮਾ ਵੱਲੋਂ ਪੂਰੀ ਰੀਤੀ-ਰਿਵਾਜਾਂ ਨਾਲ ਹਵਨ ਯੱਗ ਕਰਵਾਇਆ ਗਿਆ। ਇਸ ਉਪਰੰਤ ਸ਼੍ਰੀ ਸਤੀਸ਼ ਕੌਸ਼ਿਕ ਜੀ ਨੇ ਰਾਮ ਨਾਮ ਦਾ ਗੁਣਗਾਨ ਕਰਦਿਆਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਸਾਰੇ ਸ਼ਰਧਾਲੂ ਭਗਤੀ ਦੇ ਰੰਗ ਵਿੱਚ ਰੰਗੇ ਹੋਏ ਨੱਚਣ ਲਈ ਮਜਬੂਰ ਹੋ ਗਏ।

ਦੁਪਹਿਰ ਠੀਕ 12 ਵਜੇ ਭਗਵਾਨ ਸ਼੍ਰੀ ਰਾਮ ਦਾ ਅਭਿਸ਼ੇਕ ਮੁੱਖ ਯਜਮਾਨ ਪ੍ਰਦੀਪ ਮਲਹੋਤਰਾ ਦੇ ਕਰ-ਕਮਲਾਂ ਰਾਹੀਂ ਕਰਵਾਇਆ ਗਿਆ। ਇਸ ਉਪਰੰਤ ਕੰਜਕ ਪੂਜਾ, ਬ੍ਰਹਮ ਭੋਜ ਅਤੇ ਆਰਤੀ ਕੀਤੀ ਗਈ ਅਤੇ ਸੰਗਤਾਂ ਲਈ ਅਟੁੱਟ ਲੰਗਰ (ਭੰਡਾਰਾ) ਵਰਤਾਇਆ ਗਿਆ। ਕਮੇਟੀ ਵੱਲੋਂ ਆਏ ਹੋਏ ਮਹਿਮਾਨਾਂ ਅਤੇ ਕਲਸ਼ ਯਾਤਰਾ ਵਿੱਚ ਭਾਗ ਲੈਣ ਵਾਲੀਆਂ ਬੀਬੀਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨਾਂ ਪ੍ਰਦੀਪ ਮਲਹੋਤਰਾ, ਗੁਰਪ੍ਰੀਤ ਸਿੰਘ ਜੀਪੀ ਅਤੇ ਡਾ: ਮਨੋਹਰ ਸਿੰਘ ਨੇ ਕਿਹਾ ਕਿ ਸ਼੍ਰੀ ਰਾਮ ਲੀਲਾ ਕਮੇਟੀ 9 ਰੋਜ਼ਾ ਸ਼੍ਰੀ ਰਾਮ ਕਥਾ ਕਰਵਾਉਣ ਲਈ ਵਧਾਈ ਦੀ ਪਾਤਰ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਭਗਵਾਨ ਸ਼੍ਰੀ ਰਾਮ ਦੁਆਰਾ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ ਅਤੇ ਰਾਮਾਇਣ ਤੋਂ ਮਿਲਦੀਆਂ ਸਿੱਖਿਆਵਾਂ ਨੂੰ ਆਪਣੇ ਨਿੱਜੀ ਜੀਵਨ ਵਿੱਚ ਅਪਣਾ ਕੇ ਸਮਾਜ ਦੀ ਸੇਵਾ ਕਰਨੀ ਚਾਹੀਦੀ ਹੈ।

ਅੰਤ ਵਿੱਚ ਮਨੋਜ ਕੁਮਾਰ ਭੰਡਾਰੀ ਨੇ ਕਥਾ ਵਿਆਸ ਸਤੀਸ਼ ਕੌਸ਼ਿਕ ਜੀ ਮਹਾਰਾਜ ਅਤੇ ਉਨ੍ਹਾਂ ਦੇ ਸਹਿਯੋਗੀਆਂ, ਸਮੂਹ ਧਾਰਮਿਕ ਤੇ ਸਮਾਜਿਕ ਜਥੇਬੰਦੀਆਂ, ਨਗਰ ਨਿਵਾਸੀਆਂ ਅਤੇ ਕਮੇਟੀ ਮੈਂਬਰਾਂ ਦਾ ਇਸ ਕਾਰਜ ਨੂੰ ਸਫਲ ਬਣਾਉਣ ਲਈ ਧੰਨਵਾਦ ਕੀਤਾ।

ਇਸ ਮੌਕੇ ਬਲਰਾਮ ਚਾਵਲਾ, ਅਨਿਲ ਜੈਨ, ਗੁਰਵਿੰਦਰ ਮਿੰਟੂ, ਰਵਿੰਦਰ ਰੰਮੀ , ਨੀਰਜ ਮਲਹੋਤਰਾ, ਪ੍ਰਵੀਨ ਕਪਿਲ, ਸ਼ਾਮ ਗੌਤਮ, ਨਰੇਸ਼ ਵਰਮਾ, ਭਾਰਤ ਭੂਸ਼ਣ ਸ਼ਰਮਾ, ਪ੍ਰੀਤਮ ਰਬੜ, ਰਾਜ ਕੁਮਾਰ ਵਧਵਾ, ਨਰਵੀਰ ਧੀਮਾਨ, ਵਿਨੋਦ ਸ਼ਰਮਾ, ਇੰਦਰੀ, ਨਿਤਿਸ਼ ਗੌਤਮ, ਰਜੇਸ਼ ਧੀਮਾਨ, ਕਰਨ ਪਨੇਸਰ, ਜਤਿੰਦਰ ਸ਼ਰਮਾ, ਜਤਿਨ ਪਰਾਸ਼ਰ, ਅਕਸ਼ੈ ਧੀਮਾਨ, ਪੁਨੀਤ ਚਾਵਲਾ, ਜੈ ਕ੍ਰਿਸ਼ਨ, ਰਾਜ ਕਮਲ ਸ਼ਰਮਾ, ਰਮੇਸ਼ ਮਲਹੋਤਰਾ, ਬਬਲਜੀਤ ਪਨੇਸਰ, ਰਕੇਸ਼ ਗੁਪਤਾ, ਅਨਿਲ ਕੁਮਾਰ, ਭਾਰਤ ਭੂਸ਼ਣ ਸਚਦੇਵਾ, ਵਿਸ਼ਾਲ ਸ਼ੁਕਲਾ, ਨੰਦ ਲਾਲ, ਪ੍ਰੇਮ ਪ੍ਰਕਾਸ਼ ਸ਼ਰਮਾ, ਰਮੇਸ਼ ਕੁਮਾਰ, ਜੈ ਕਟਾਰੀਆ, ਤੁਸ਼ਾਰ ਗੁਲਾਟੀ, ਨਿਅਮ ਭੰਡਾਰੀ, ਰਿਹਾਨ ਸੁਰਜਨ, ਸੰਜੀਵ ਸੋਨੀ, ਸੰਜੀਵ ਪਨੇਸਰ ਹਾਜ਼ਰ ਸਨ।

## ਸੁਰਿੰਦਰ ਸਿੰਘ ਮੁੱਕਰ ਫੋਟੋਗ੍ਰਾਫੀ ਐਸੋਸੀਏਸ਼ਨ ਦੇ ਦੂਸਰੀ ਵਾਰ ਸਰਵ ਸੰਮਤੀ ਨਾਲ ਪ੍ਰਧਾਨ ਚੁਣੇ ਗਏ



ਮਾਰਚ ਧੂਰੀ ਸੁਰਿੰਦਰ ਸਿੰਘਦੀ ਪੰਜਾਬ ਫੋਟੋਗ੍ਰਾਫਰ ਐਸੋਸੀਏਸ਼ਨ ਇਕਾਈ ਧੂਰੀ ਦੀ ਇੱਕ ਵਿਸ਼ੇਸ਼ ਮੀਟਿੰਗ ਚੇਅਰਮੈਨ ਹਰ ਗੋਪਾਲ ਗੋਇਲ ਦੀ ਅਗਵਾਹੀ ਹੇਠ ਸ੍ਰੀ ਗਣੇਸ਼ ਮੰਦਿਰ ਵਿਖੇ ਹੋਈ ਜਿਸ ਵਿੱਚ ਫੋਟੋਗ੍ਰਾਫਰਾਂ ਨੂੰ ਆ ਰਹੀਆਂ ਮੁਸ਼ਕਿਲਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਇਸ ਮੌਕੇ ਪ੍ਰਧਾਨ ਦੀ ਚੋਣ ਵੀ ਕੀਤੀ ਗਈ ਇਸ ਚੋਣ ਵਿੱਚ ਸ ਸੁਰਿੰਦਰ ਸਿੰਘ ਮੁੱਕਰ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ ਉਹਨਾਂ ਨੂੰ ਮੁੜ ਦੂਸਰੀ ਵਾਰ ਸਰਵ ਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ ਅਤੇ ਫੋਟੋਗ੍ਰਾਫਰ ਮੈਂਬਰਾਂ ਨੇ ਉਹਨਾਂ ਦਾ ਹਾਰ ਪਾ ਕੇ ਸਵਾਗਤ ਕੀਤਾ ਗਿਆ ਅਤੇ ਵਧਾਈਆਂ ਦਿੱਤੀਆਂ ਗਈਆਂ

ਇਸ ਮੌਕੇ ਪ੍ਰਧਾਨ ਸੁਰਿੰਦਰ ਸਿੰਘ ਮੁਕਰ ਨੇ ਐਸੋਸੀਏਸ਼ਨ ਦੇ ਸਾਰੇ ਫੋਟੋਗ੍ਰਾਫਰਾਂ ਭਰਾਵਾਂ ਦਾ ਧੰਨਵਾਦ ਕਰਦਿਆਂ ਕਿਹਾ ਫੋਟੋਗ੍ਰਾਫਰ ਭਰਾਵਾਂ ਨੂੰ ਕਿਸੇ ਵੀ ਕਿਸਮ ਦੀ ਮੁਸ਼ਕਲਾਂ ਦਾ ਸਾਹਮਣਾ ਨਹੀਂ ਕਰਨਾ ਪਵੇਗਾ ਇਹ ਸੇਵਾ ਜੋ ਮੇਰੇ ਲਈ ਸੋਪੀ ਹੈ ਮੈਂ ਬੜੀ ਤਨਦੇਹੀ ਨਾਲ ਨਿਭਾਵਾਂਗਾ

ਇਸ ਮੌਕੇ ਸੋਨੀ ਢੀਡਸਾ ਪੰਜਾਬ ਟੀਮ ਜੁਆਇੰਟ ਸੈਕਟਰੀ, ਇੰਦਰਜੀਤ ਸਿੰਘ ਸਾਊਥ ਜੋਨ। ਸੈਕਟਰੀ ,ਹਰਗੋਪਾਲ ਗੋਇਲ, ਰਕੇਸ਼ ਕੁਮਾਰ , ਦਵਿੰਦਰ ਸਿੰਘ ,ਗਗਨਦੀਪ ਗੋਇਲ, ਜਸਪਾਲ ਸਿੰਘ ,ਦਰਸ਼ਨ ਸਿੰਘ ,ਕੁਲਪ੍ਰੀਤ ਸਿੰਘ ਕਾਲਾ, ਜਸਵੀਰ ਸਿੰਘ ਜੱਸਾ, ਗੁਰਪ੍ਰੀਤ ਸਿੰਘ ਬੇਨੜਾ ,ਦਲਜੀਤ ਸਿੰਘ , ਗੁਰਤੇਜ ਸਿੰਘ ਤੇਜ, ਕਾਲਾ ਪਲਾਸੌਰ, ਕਾਲਾ ਭਸੌੜ , ਵਰਿੰਦਰ ਵਰਮਾ ,ਕੁਲਪ੍ਰੀਤ ਸਿੰਘ ਕਾਲਾ, ਮਨਜਿੰਦਰ ਮਨੀ ,, ਗੁਰਸੇਵਕ ਧੂਰਾ, ਮਿੱਠੂ ਖ਼ਾਨ ,ਹਰਜਿੰਦਰ ਸਿੰਘ , ਕਰਮਜੀਤ ਗਿੱਲ ,ਪਰਦੀਪ ਸ਼ਰਮਾ , ਭਸੌੜ, ਇੰਦਰਜੀਤ ਸਿੰਘ , ਲਾਡੀ ਧੂਰੀ ਪਿੰਡ, ਨੋਨੀ , ਆਦਿ ਹਾਜ਼ਰ ਸਨ।

## ਪੰਜਾਬ ਦੀ ਧੀਆਂ ਨੇ ਨੈਸ਼ਨਲ ਬਾਕਸਿੰਗ ਚੈਂਪੀਅਨਸ਼ਿਪ 'ਚ ਜਿੱਤੇ ਮੈਡਲ- ਬਾਕਸਿੰਗ ਕੋਚ ਬਲਦੇਵ ਰਾਜ ਦੇਵ



ਅੰਮ੍ਰਿਤਸਰ, 27 ਮਾਰਚ (ਰਣਜੀਤ ਸਿੰਘ ਮਸੌਣ/ਬਲਦੇਵ ਰਾਜ)- ਆਂਧਰਾ ਪ੍ਰਦੇਸ਼ ਦੇ ਐਸ.ਆਰ.ਕੇ.ਆਰ ਇੰਜੀਨੀਅਰ ਕਾਲਜ ਬੀਮਾਂ ਵਰਮ ਵਿੱਚ ਇੰਡੀਅਨ ਅਮੈਟਰ ਬਾਕਸਿੰਗ ਫੈਡਰੇਸ਼ਨ ਆਈ.ਬੀ.ਐਫ ਵੱਲੋਂ ਰਾਸ਼ਟਰੀ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਮਾਈਨਸ 60 ਵਜ਼ਨ ਕੇਟਾਗਰੀ ਵਿੱਚ ਪ੍ਰਦੀਪ ਕੌਰ ਸਿਲਵਰ ਮੈਡਲ ਮਾਈਨਸ 70 ਵਜ਼ਨ ਕੈਟਾਗਰੀ ਵਿੱਚ ਅਲੀਸ਼ਾ ਬਰੇਜ ਮੈਡਲ ਜਿੱਤ ਕੇ ਆਪਣੇ ਮਾਪਿਆਂ, ਕਾਲਜ ਅਤੇ ਪੰਜਾਬ ਦਾ ਨਾਮ ਰੋਸ਼ਨ ਕੀਤਾ।

ਇਸ ਚੈਂਪੀਅਨਸ਼ਿਪ ਵਿੱਚ 28 ਜ਼ਿਲਿਆਂ ਦੇ 500 ਦੇ ਲਗਭਗ ਖ਼ਿਡਾਰੀਆਂ ਨੇ ਭਾਗ ਲਿਆ। ਚੈਂਪੀਅਨਸ਼ਿਪ 18 ਤੋਂ ਲੈ ਕੇ 22 ਮਾਰਚ ਤੱਕ ਅੰਦਰ ਪ੍ਰਦੇਸ਼ ਵਿੱਚ ਹੋਇਆ।

ਇਸ ਮੌਕੇ ਪੰਜਾਬ ਐਸੋਸੀਏਸ਼ਨ ਦੇ ਸੈਕਟਰੀ ਰਣਜੀਤ ਸਿੰਘ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀ ਕੁੜੀਆਂ ਓਲੰਪਿਕ ਵਿੱਚ ਪੰਜਾਬ ਦਾ ਨਾਮ ਰੋਸ਼ਨ ਕਰਨਗੀਆਂ। ਬਾਕਸਿੰਗ ਕੋਚ ਬਲਦੇਵ ਰਾਜ ਦੇਵ ਖਿਡਾਰਨਾਂ ਨੂੰ ਬਹੁਤ ਵਧੀਆਂ ਟ੍ਰੇਨਿੰਗ ਦੇ ਕੇ ਰਹੇ ਹਨ। ਇਸ ਤੋਂ ਪਹਿਲਾਂ ਵੀ ਕਾਫ਼ੀ ਖਿਡਾਰਨਾਂ ਨੈਸ਼ਨਲ, ਆਲ ਇੰਡੀਆ ਇੰਟਰਸਟਿੰਗ, ਇੰਟਰ ਕਾਲਜ, ਸਕੂਲ ਨੈਸ਼ਨਲ, ਸਕੂਲ ਸਟੇਟ, ਓਪਨ ਸਟੇਟ, ਖੇਲੋ ਇੰਡੀਆਂ ਦੇ ਵਿੱਚ ਮੈਡਲ ਪ੍ਰਾਪਤ ਕਰ ਚੁੱਕੀਆਂ ਹਨ। ਬਾਕਸਿੰਗ ਕੋਚ ਬਲਦੇਵ ਰਾਜ ਦੇਵ ਨੇ ਕਿਹਾ ਕਿ ਅੱਜ ਦੇ ਯੁਗ ਵਿੱਚ ਆਤਮ ਰੱਖਿਆ ਲਈ ਕੁੜੀਆਂ ਨੂੰ ਬਾਕਸਿੰਗ ਅਤੇ ਕਿੱਕ ਬਾਕਸਿੰਗ ਵਰਗੀਆਂ ਖੇਡਾਂ ਸਿੱਖਣੀਆਂ ਚਾਹੀਦੀ ਹਨ। ਜਿਸ ਨਾਲ ਬੱਚੇ ਡਿਪਰੈਸ਼ਨ ਤੋਂ ਦੂਰ ਰਹਿੰਦੇ।

ਇਸ ਮੌਕੇ ਬਾਕਸਿੰਗ ਐਸੋਸੀਏਸ਼ਨ ਪੰਜਾਬ ਦੇ ਸੈਕਟਰੀ ਰਣਜੀਤ ਸਿੰਘ, ਬਾਕਸਿੰਗ ਕੋਚ ਬਲਦੇਵ ਰਾਜ ਦੇਵ, ਬਾਕਸਿੰਗ ਕੋਚ ਰਾਹੁਲ, ਨੈਸ਼ਨਲ ਖਿਡਾਰਨ ਅਲੀਸ਼ਾਹ ਬਾਕਸਿੰਗ ਕਿ ਡਰਨ ਪ੍ਰਦੀਪ ਕੌਰ ਆਦਿ ਹਾਜ਼ਰ ਸਨ।

## ਡਾ. ਦਾਰਾ ਸਿੰਘ ਨੇ ਮੁੱਖ ਖੇਤੀਬਾੜੀ ਅਫਸਰ, ਪਟਿਆਲਾ ਦਾ ਆਹੁੱਦਾ ਸੰਭਾਲਿਆ



ਪਟਿਆਲਾ, 27 ਮਾਰਚ: ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਦੇ ਡਿਪਟੀ ਡਾਇਰੈਕਟਰ ਡਾ. ਦਾਰਾ ਸਿੰਘ ਨੇ ਮੁੱਖ ਖੇਤੀਬਾੜੀ ਅਫਸਰ ਪਟਿਆਲਾ ਵਜੋਂ ਆਹੁੱਦਾ ਸੰਭਾਲ ਲਿਆ ਹੈ। ਇਸ ਤੋਂ ਪਹਿਲਾਂ ਡਾ. ਦਾਰਾ ਸਿੰਘ ਜਿਲ੍ਹਾ ਸਿਖਲਾਈ ਅਫਸਰ, ਸ਼ਹੀਦ ਭਗਤ ਸਿੰਘ ਨਗਰ ਵਿਖੇ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਹਨ ਅਤੇ ਹੁਣ ਤੱਕ ਪਿਛਲੇ 26 ਸਾਲਾਂ ਤੋਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਿਚ ਵੱਖ—ਵੱਖ ਆਹੁੱਦਿਆਂ ਤੇ ਕੰਮ ਕਰਦਿਆਂ ਕਿਸਾਨਾਂ ਨੂੰ ਖੇਤੀਬਾੜੀ ਸਬੰਧੀ ਨਵੀਨਤਮ ਜਾਣਕਾਰੀ ਦੇ ਕੇ ਖੇਤੀ ਨੂੰ ਲਾਹੇਵੰਦ ਕਿੱਤਾ ਬਣਾਉਣ ਵਿਚ ਆਪਣਾ ਯੋਗਦਾਨ ਦੇ ਚੁੱਕੇ ਹਨ। ਮੁੱਖ ਖੇਤੀਬਾੜੀ ਅਫਸਰ ਪਟਿਆਲਾ ਡਾ. ਦਾਰਾ ਸਿੰਘ ਨੇ ਕਿਸਾਨ ਹਿੱਤ ਵਿਚ ਝੋਨੇ ਦੀ ਸਿੱਧੀ ਬਿਜਾਈ, ਫਸਲੀ ਵਿਭਿੰਨਤਾ ਅਤੇ ਖਾਦਾਂ ਦੀ ਵਰਤੋਂ ਘੱਟ ਕਰਨ ਦੀ ਅਪੀਲ ਕੀਤੀ ਅਤੇ ਕਿਹਾ ਕਿ ਕਿਸਾਨ ਬਲਾਕ ਪੱਧਰ ਤੇ ਸਥਿਤ ਖੇਤੀਬਾੜੀ ਦਫਤਰਾਂ ਵਿਚ ਪਹੁੰਚ ਕਰਕੇ ਆਪਣੀ ਕਿਸਾਨ ਆਈ.ਡੀ ਬਣਾਉਣ ਤਾਂ ਜ਼ੋ ਭਵਿੱਖ ਵਿਚ ਸਰਕਾਰ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਹੂਲਤਾਵਾਂ ਦਾ ਲਾਭ ਪ੍ਰਾਪਤ ਕਰ ਸਕਣ। ਇਸ ਤੋਂ ਇਲਾਵਾ ਕਿਸਾਨ ਖੇਤੀਬਾੜੀ ਵਿਭਾਗ ਵੱਲੋਂ ਮਹੀਨਾ ਅਪ੍ਰੈਲ ਵਿਚ ਲਗਾਏ ਜਾਣ ਵਾਲੇ ਜਾਗਰੂਕਤਾ ਕੈਂਪਾਂ ਵਿਚ ਭਾਗ ਲੈ ਕੇ ਕਣਕ ਦੇ ਨਾੜ ਨੂੰ ਅੱਗ ਨਾ ਲਗਾ ਕੇ ਵਾਤਾਵਰਣ ਨੂੰ ਸਾਫ—ਸੁਥਰਾ ਰੱਖਣ ਵਿਚ ਆਪਣਾ ਯੋਗਦਾਨ ਪਾਉਣ। ਇਸ ਮੌਕੇ ਡਾ. ਦਾਰਾ ਸਿੰਘ ਵੱਲੋਂ ਦੱਸਿਆ ਗਿਆ ਕਿ ਕਣਕ ਦੀ ਵਾਢੀ ਉਪਰੰਤ ਕਿਸਾਨ ਵੀਰ ਆਪਣੇ ਖੇਤਾਂ ਦੀ ਮਿੱਟੀ ਅਤੇ ਪਾਣੀ ਦੇ ਸੈਂਪਲ ਇਕੱਤਰ ਕਰਨ ਅਤੇ ਟੈਸਟ ਕਰਵਾਉਣ ਵਿਚ ਆਪਣਾ ਯੋਗਦਾਨ ਪਾਉਣ ਤਾਂ ਜ਼ੋ ਖਾਦਾਂ ਦੀ ਸੁਚੱਜੀ ਵਰਤੋਂ ਕੀਤੀ ਜਾ ਸਕੇ। ਇਸ ਮੌਕੇ ਜਿਲ੍ਹੇ ਦੇ ਵੱਖ—ਵੱਖ ਬਲਾਕ ਖੇਤੀਬਾੜੀ ਅਫਸਰ, ਖੇਤੀਬਾੜੀ ਵਿਕਾਸ ਅਫਸਰ, ਖੇਤੀਬਾੜੀ ਵਿਸਥਾਰ ਅਫਸਰ, ਖੇਤੀਬਾੜੀ ਉਪ—ਨਿਰੀਖਕ ਅਤੇ ਵੱਖ—ਵੱਖ ਵਿੰਗਾਂ ਦੇ ਇੰਚਾਰਜ ਸਾਹਿਬਾਨ ਹਾਜਰ ਸਨ।

# ਸ਼ਹੀਦਾਂ ਦੀ ਕੁਰਬਾਨੀ ਸਾਡੀ ਤਾਕਤ ਹੈ ਅਤੇ ਪੰਥ ਦੀ ਸੇਵਾ ਲਈ ਹਰ ਕਦਮ ਸਮਰਪਿਤ ਰਹੇਗਾ : ਬਾਪੂ ਤਰਸੇਮ ਸਿੰਘ

## ਬਾਈ ਦੀਪ ਸਿੱਧੂ ਦੇ ਅਧੂਰੇ ਸੁਪਨਿਆਂ ਨੂੰ ਪੂਰਾ ਕਰਨਾਂ ਹੀ ਸਾਡੀ ਜ਼ਿੰਦਗੀ ਦਾ ਮਕਸਦ : ਮਨਦੀਪ ਸਿੰਘ ਸਿੱਧੂ



ਅੰਮ੍ਰਿਤਸਰ 27 ਮਾਰਚ ( ) ਸ਼ਹੀਦ ਭਾਈ ਸੰਦੀਪ ਸਿੰਘ ਸਿੱਧੂ ( ਬਾਈ ਦੀਪ ਸਿੱਧੂ ) ਦੇ ਭਰਾ ਭਾਈ ਮਨਦੀਪ ਸਿੰਘ ਜੀ ਨੂੰ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਸਕੱਤਰ ਜਨਰਲ ਨਿਯੁਕਤ ਕੀਤੇ ਜਾਣ ਉਪਰੰਤ ਅੱਜ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਪਿਤਾ ਬਾਪੂ ਤਰਸੇਮ ਸਿੰਘ ਜੀ ਅਤੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਸਮੇਤ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਵਿਖੇ ਨਤਮਸਤਕ ਹੋਏ। ਉਪਰੰਤ ਪ੍ਰੈਸ ਨੂੰ ਸੰਬੋਧਨ ਕਰਦਿਆਂ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਪਾਰਟੀ ਹਮੇਸ਼ਾਂ ਪੰਥ ਅਤੇ ਪੰਜਾਬ ਦੇ ਹਿੱਤਾਂ ਲਈ ਸੰਘਰਸ਼ ਕਰਦੀ ਆਈ ਹੈ ਅਤੇ ਨਵੀਂ ਜ਼ਿੰਮੇਵਾਰੀ ਸੰਭਾਲਣ ਵਾਲੇ ਆਗੂ ਗੁਰੂ ਸਾਹਿਬ ਦੀ ਹਜ਼ੂਰੀ ਵਿੱਚ ਅਸ਼ੀਰਵਾਦ ਲੈ ਕੇ ਆਪਣੀ ਸੇਵਾ ਦੀ ਸ਼ੁਰੂਆਤ ਕਰ ਰਹੇ ਹਨ, ਜੋ ਕਿ ਇਕ ਸ਼ੁਭ ਸੰਕੇਤ ਹੈ। ਉਨ੍ਹਾਂ ਕਿਹਾ ਕਿ ਭਾਈ ਮਨਦੀਪ ਸਿੰਘ ਸਿੱਧੂ ਨੂੰ ਮਿਲੀ ਇਹ ਜ਼ਿੰਮੇਵਾਰੀ ਪੰਥਕ ਲਹਿਰ ਨੂੰ ਹੋਰ ਮਜ਼ਬੂਤ ਕਰੇਗੀ ਅਤੇ ਨੌਜਵਾਨਾਂ ਵਿੱਚ ਨਵਾਂ ਜੋਸ਼ ਭਰੇਗੀ। ਭਾਈ ਮਨਦੀਪ ਸਿੰਘ ਸਿੱਧੂ ਨੇ ਇਸ ਮੌਕੇ ਗੱਲ ਕਰਦਿਆਂ ਕਿਹਾ ਕਿ ਉਹ ਸ਼ਹੀਦ ਭਾਈ ਦੀਪ ਸਿੱਧੂ ਦੇ ਸੁਪਨਿਆਂ ਅਤੇ ਸੰਘਰਸ਼ ਨੂੰ ਅੱਗੇ ਵਧਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਗੁਰੂ ਘਰ ਵਿੱਚ ਨਤਮਸਤਕ ਹੋ ਕੇ ਉਨ੍ਹਾਂ ਨੇ ਪੰਥ ਅਤੇ ਪੰਜਾਬ ਦੀ ਸੇਵਾ ਲਈ ਅਰਦਾਸ ਕੀਤੀ ਹੈ ਅਤੇ ਪਾਰਟੀ ਵੱਲੋਂ ਦਿੱਤੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਨਾਲ ਨਿਭਾਉਣਗੇ। ਇਸ ਦੌਰੇ ਦੌਰਾਨ ਸੰਗਤਾਂ ਨਾਲ ਵੀ ਮੁਲਾਕਾਤ ਕੀਤੀ ਗਈ ਅਤੇ ਪੰਥਕ ਮੁੱਦਿਆਂ ਬਾਰੇ ਵਿਚਾਰ ਸਾਂਝੇ ਕੀਤੇ ਗਏ।

ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਅਤੇ ਭਾਈ ਮਨਦੀਪ ਸਿੰਘ ਤੋਂ ਇਲਾਵਾ ਸੀਨੀਅਰ ਲੀਡਰਸ਼ਿਪ ਵਿੱਚੋਂ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਪਰਮਜੀਤ ਸਿੰਘ ਜੌਹਲ, ਐਡਵੋਕੇਟ ਇਮਾਨ ਸਿੰਘ ਖ਼ਾਰਾ, ਸਰਬਜੀਤ ਸਿੰਘ ਖ਼ਾਨਪੁਰ, ਐਡਵੋਕੇਟ ਅਜੇਪਾਲ ਸਿੰਘ ਢਿਲੋਂ, ਭਾਈ ਅਮਨਦੀਪ ਸਿੰਘ ਡੱਭੂਆਣਾਂ, ਭਾਈ ਕਰਨਵੀਰ ਸਿੰਘ, ਸ੍ਰੀ ਗੰਗਵੀਰ ਸਿੰਘ ਰਾਠੌੜ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਚਮਕੌਰ ਸਿੰਘ ਧੁੰਨ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਜੁਗਰਾਜ ਸਿੰਘ ਲਾਲਾਂਨੰਗਲ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਬਰਿੰਦਰਜੀਤ ਸਿੰਘ ਹੁਸੈਨਪੁਰ, ਬਾਬਾ ਬਿਬੇਕ ਸਿੰਘ, ਭਾਈ ਪ੍ਰਿਥੀਪਾਲ ਸਿੰਘ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਸੁਖਬੀਰ ਸਿੰਘ ਚੀਮਾ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਰਸ਼ਪਾਲ ਸਿੰਘ ਸੋਸਣ, ਭਾਈ ਨਾਥਵਿੰਦਰ ਸਿੰਘ ਮਜੀਠਾ, ਭਾਈ ਸਵਰਨ ਸਿੰਘ ਗੋਲਡਨ, ਭਾਈ ਬਲਜੀਤ ਸਿੰਘ ਚਾਟੀਵਿੰਡ, ਗੁਰਪ੍ਰੀਤ ਸਿੰਘ ਪ੍ਰਿੰਸ, ਭਾਈ ਗੁਰਚਰਨ ਸਿੰਘ ਸੰਘਾ, ਅਮਨਦੀਪ ਸਿੰਘ ਹਸਨਪੁਰ, ਜਗਰੂਪ ਸਿੰਘ, ਮਨਪ੍ਰੀਤ ਸਿੰਘ, ਨਰਿੰਦਰ ਸਿੰਘ ਭੁੱਲਰ, ਗੁਰਪ੍ਰੀਤ ਸਿੰਘ ਬਟਾਲਾ, ਭਾਈ ਰਜਿੰਦਰ ਸਿੰਘ ਤਲਵੰਡੀ, ਭਾਈ ਜੁਗਰਾਜ ਸਿੰਘ ਭੰਗਵਾਂ, ਭਾਈ ਕੁਲਵਿੰਦਰ ਸਿੰਘ ਵਡਾਲੀ, ਡਾਕਟਰ ਲਖਬੀਰ ਸਿੰਘ, ਭਾਈ ਨਿਰਵੈਰ ਸਿੰਘ ਖਾਲਸਾ, ਭਾਈ ਗੁਰਦੇਵ ਸਿੰਘ ਖੇਮਕਰਨ, ਭਾਈ ਜਸਕਰਨ ਸਿੰਘ ਰਿਆੜ, ਭਾਈ ਚਰਨਜੀਤ ਸਿੰਘ ਗਾਲਿਬ, ਭਾਈ ਦਯਾ ਸਿੰਘ, ਰਣਜੀਤ ਸਿੰਘ, ਗੁਰਦੀਪ ਸਿੰਘ ਭੰਡਾਲ, ਭਾਈ ਜਸਕਰਨ ਸਿੰਘ ਲੋਪੋਕੇ, ਭਾਈ ਲਖਵਿੰਦਰ ਸਿੰਘ, ਭਾਈ ਗੁਰਦੀਪ ਸਿੰਘ, ਭਾਈ ਗੁਰਮਿੰਦਰ ਸਿੰਘ ਚਾਵਲਾ, ਭਾਈ ਹਰਪ੍ਰੀਤ ਸਿੰਘ, ਭਾਈ ਜਗਦੀਪ ਸਿੰਘ ਅਤੇ ਭਾਈ ਕ੍ਰਿਸ਼ਨ ਸਿੰਘ ਰੁਪਾਣਾ ਹਾਜਰ ਸਨ।

# ਸ਼ੋ੍ਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬਜਟ ਸ਼ੈਸ਼ਨ ਵਿੱਚ ਧਰਮ ਪ੍ਰਚਾਰ ਲਈ ਵਧਾਇਆ ਜਾਵੇ ਫੰਡ - ਸ ਵਡਾਲਾ।



ਸ਼ੋ੍ਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੱਲ੍ਹ 28 ਮਾਰਚ ਨੂੰ ਪੇਸ਼ ਕੀਤੇ ਜਾ ਰਹੇ ਬਜਟ ਵਿੱਚ ਧਰਮ ਪ੍ਰਚਾਰ ਲਈ ਰੱਖਿਆ ਜਾਂਦਾ ਬਜਟ ਵਧਾਇਆ ਜਾਣਾ ਚਾਹੀਦਾ ਹੈ ਤਾਂ ਜੋ ਸਰਹੱਦੀ ਖੇਤਰ ਵਿੱਚ ਹੋ ਰਹੇ ਧਰਮ ਪਰਿਵਰਤਨ ਨੂੰ ਠੱਲ ਪਾਈ ਜਾ ਸਕੇ। ਇਹਨਾਂ ਗੱਲਾਂ ਦਾ ਪ੍ਰਗਟਾਵਾ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਇਕ ਲਿਖਤੀ ਪ੍ਰੈੱਸ ਬਿਆਨ ਵਿੱਚ ਕੀਤਾ। ਉਹਨਾਂ ਨੇ ਕਿਹਾ ਕਿ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਹੁੰਦਿਆਂ ਕਹਿ ਚੁੱਕੇ ਹਨ ਕਿ ਬਜਟ ਇਜਲਾਸ ਘੱਟੋ-ਘੱਟ ਇਕ ਹਫਤਾ ਲੰਬਾ ਹੋਣਾ ਚਾਹੀਦਾ ਹੈ ਤਾਂ ਜੋ ਪੰਥਕ ਮੁੱਦਿਆਂ 'ਤੇ ਗੰਭੀਰਤਾ ਨਾਲ ਵਿਚਾਰ ਹੋ ਸਕੇ। ਇਸ ਵੇਲੇ ਸ਼ੋ੍ਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕਈ ਤਰਾਂ ਦੇ ਘਪਲਿਆਂ ਦਾ ਸ਼ਿਕਾਰ ਹੈ ਜਿਸ ਬਾਰੇ ਆਡਿਟ ਕਰਵਾ ਕੇ ਸਾਰੀ ਸੱਚਾਈ ਸੰਗਤਾਂ ਸਾਹਮਣੇ ਲਿਆਂਦੀ ਜਾਣੀ ਚਾਹੀਦੀ ਹੈ। ਤਾਂ ਜੋ ਇਸ ਪੰਥਕ ਸੰਸਥਾ ਦਾ ਆਧਾਰ ਲੋਕਾਂ ਵਿੱਚ ਮਜ਼ਬੂਤ ਬਣੇ।

ਇਸ ਤੋਂ ਇਲਾਵਾ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਵੱਲੋਂ ਜੋ ਪੀ ਟੀ ਸੀ ਵੱਲ ਰਹਿੰਦੇ ਕਰੋੜਾਂ ਰੁਪਏ ਬਕਾਏ ਦੀ ਵਸੂਲੀ ਦਾ ਮੁੱਦਾ ਚੁੱਕਿਆ ਸੀ, ਸ਼ੋ੍ਮਣੀ ਕਮੇਟੀ ਨੂੰ ਉਸ ਬਾਰੇ ਵੀ ਚਾਰਾਜੋਈ ਕਰਕੇ ਗੁਰੂ ਘਰ ਦੀ ਬਣਦੀ ਰਕਮ ਵਸੂਲਣੀ ਚਾਹੀਦੀ ਹੈ। ਇਹ ਕਰੋੜਾਂ ਰੁਪਿਆ ਗਰੀਬ ਅਤੇ ਲੋੜਵੰਦ ਬੱਚਿਆਂ ਨੂੰ ਚੰਗੀ ਸਿੱਖਿਆ ਦੇਣ 'ਤੇ ਖਰਚ ਕੀਤਾ ਜਾਣਾ ਚਾਹੀਦਾ ਹੈ। ਜਿਸ ਨਾਲ ਸਿੱਖੀ ਪਰਵਾਰ ਵਿੱਚ ਹੋਰ ਵਾਧਾ ਹੋਵੇਗਾ। ਸ ਵਡਾਲਾ ਨੇ ਕਿਹਾ ਕਿ ਸ਼ੋ੍ਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪੰਥ ਦੀ ਸੰਸਥਾ ਹੈ। ਪਰ ਐਸ ਵੇਲੇ ਇਕ ਪਰਵਾਰ ਦਾ ਕਬਜਾ ਹੋਣ ਕਰਕੇ ਪੰਥਕ ਮਸਲਿਆਂ ਨੂੰ ਨਜ਼ਰ ਅੰਦਾਜ ਕਰ ਦਿੱਤਾ ਜਾਂਦਾ ਹੈ। ਵਿਰੋਧੀਆਂ ਦੀ ਅਵਾਜ ਵੀ ਨਹੀਂ ਸੁਣੀ ਜਾਂਦੀ। ਅਸੀਂ ਆਸ ਕਰਦੇ ਹਾਂ ਕਿ ਬਹੁਗਿਣਤੀ ਮੈਂਬਰ ਆਪਣੀ ਜਮੀਰ ਦੀ ਅਵਾਜ ਸੁਣ ਕੇ ਪੰਥਕ ਮਸਲਿਆਂ ਤੇ ਵਿਚਾਰ ਵਟਾਂਦਰੇ ਲਈ ਆਪਣੇ ਆਗੂਆਂ 'ਤੇ ਜੋਰ ਪਾਉਣਗੇ। ਜਿਸ ਨਾਲ ਗੁਰੂ ਸਹਿਬਾਨ ਦੇ ਗੋਸ਼ਟੀ ਕਰਨ ਦੇ ਵਿਚਾਰ ਨੂੰ ਅਮਲ ਵਿੱਚ ਲਿਆਂਦਾ ਜਾ ਸਕੇ। ਇਸ ਨਾਲ ਇਹ ਬਜਟ ਇਜਲਾਸ ਹੱਥ ਖੜ੍ਹੇ ਕਰਕੇ ਜੈਕਾਰੇ ਛੱਡਣ ਵਾਲੀ ਪੁਰਾਣੀ ਰਵਾਇਤ ਤੋਂ ਹਟ ਕੇ ਨਵਾਂ ਇਤਿਹਾਸ ਸਿਰਜ ਸਕੇਗਾ।

# ਸ੍ਰੀ ਰਾਮ ਨੌਮੀ ਅਤੇ ਨਵਰਾਤਰਿਆਂ ਸਬੰਧੀ ਨੌ ਰੋਜਾ ਧਾਰਮਿਕ ਸਮਾਗਮ ਸ਼ਰਧਾਪੂਰਵਕ ਸੰਪੰਨ



ਤਪਾ ਮੰਡੀ, 27 ਮਾਰਚ (ਧੀਮਾਨ) ਸ੍ਰੀ ਰਾਮ ਨੌਮੀ ਅਤੇ ਨਵਰਾਤਰਿਆਂ ਦੇ ਸਬੰਧ 'ਚ ਸ੍ਰੀ ਗੀਤਾ ਭਵਨ ਕਮੇਟੀ ਵੱਲੋਂ ਸਮੂਹ ਨਗਰ ਦੇ ਸਹਿਯੋਗ ਨਾਲ ਸ੍ਰੀ ਗੀਤਾ ਭਵਨ ਵਿਖੇ ਕਰਵਾਏ ਗਏ ਨੌ ਰੋਜਾ ਧਾਰਮਿਕ ਸਮਾਗਮ ਸ਼ਰਧਾਪੂਰਵਕ ਸੰਪੰਨ ਹੋਏ। ਇਸ ਮੌਕੇ ਪੰਡਿਤ ਕਾਲਾ ਰਾਮ ਵੇਦ ਪਾਠੀ ਨੇ ਵੇਦ ਮੰਤਰਾਂ ਦਾ ਉਚਾਰਨ ਕਰਕੇ ਸਮੂਹ ਜਜ਼ਮਾਨਾ ਤੋਂ ਹਵਨ ਯੱਗ 'ਚ ਪੂਰਨ ਅਹੁਤੀ ਪਵਾਈ ਅਤੇ ਪ੍ਰਭੂ ਦੀ ਆਰਤੀ ਕਰਨ ਉਪਰੰਤ ਸ਼੍ਰੀ ਰਾਮ ਕਥਾ ਪਾਠਾਂ ਦੇ ਭੋਗ ਪਾਏ ਗਏ। ਸਮਾਗਮ ਮੌਕੇ ਪ੍ਰਸਿੱਧ ਕਥਾਵਾਚਕ ਸੁਧੀਰ ਜੀ ਨੇ ਸਮੁੱਚੀ ਸੰਗਤ ਨੂੰ ਪ੍ਰਵਚਨ ਕਰਦਿਆਂ ਕਿਹਾ ਕਿ ਜੋ ਵੀ ਮਨੁੱਖ ਰਾਮ ਨਾਮ ਦਾ ਸਿਮਰਨ ਕਰਦਾ ਹੈ,ਉਸ ਦੇ ਜਨਮ ਜਨਮਾਂਤਰ ਦੇ ਦੁੱਖਾਂ ਦਾ ਨਾਸ਼ ਹੋ ਜਾਂਦਾ ਹੈ।ਇਸ ਮੌਕੇ ਸਮੁੱਚੀ ਸੰਗਤ ਨੇ ਨੱਚ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ। ਸਮਾਗਮ ਦੇ ਅੰਤ ਵਿਚ ਪ੍ਰਬੰਧਕ ਕਮੇਟੀ ਵੱਲੋਂ ਸਮੁੱਚੀ ਸੰਗਤ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਆਏ ਪਤਵੰਤਿਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਪੰਡਿਤ ਅਰਵਿੰਦ ਸ਼ੁਕਲਾ, ਪੰਡਿਤ ਚਰਨਜੀਤ ਸ਼ਰਮਾ ਤੋਂ ਇਲਾਵਾ ਕੌਂਸਲਰ ਧਰਮਪਾਲ ਸ਼ਰਮਾ,ਸਾਬਕਾ ਪ੍ਰਧਾਨ ਅਸ਼ਵਨੀ ਕੁਮਾਰ ਆਸ਼ੂ ਭੂਤ,ਸੋਹਣ ਲਾਲ ਵਧਵਾ,ਵਿਪਨ ਕੁਮਾਰ,ਸੰਦੀਪ ਬਾਂਸਲ, ਸੁਨੀਲ ਤਾਜੋ,ਕੇਵਲ ਕ੍ਰਿਸ਼ਨ ਮਿੱਤਲ, ਵਿਸ਼ਾਲ ਗਰਗ ਬਬਲਾ, ਮਾਸਟਰ ਪ੍ਰਸੋਤਮ ਲਾਲ, ਆਰਕੀਟੈਕਟ ਨੀਰਜ ਮਿੱਤਲ, ਰਕੇਸ਼ ਕੁਮਾਰ ਟੋਨਾ, ਰਵਿੰਦਰ ਤਾਜੋ, ਦੀਪੂ ਭੈਣੀ, ਸੁਰਿੰਦਰ ਕੁਮਾਰ, ਬਾਲ ਕ੍ਰਿਸ਼ਨ ਬਦਰਾ, ਦੁਰਗਾ ਦਾਸ, ਸੰਜੀਵ ਉੱਗੋ, ਚਰਨੀ ਅਰੋੜਾ,ਮਾਸਟਰ ਕੇਵਲ ਕ੍ਰਿਸ਼ਨ, ਸੋਨੂ ਛਾਬੜਾ, ਰਮੇਸ਼ ਪੱਖੋ, ਦੁਰਗਾ ਦਾਸ਼, ਰਮਨੀਕ ਸ਼ਰਮਾ,ਰਵਿੰਦਰ ਨਿਓਲਾ, ਸੰਜੀਵ ਕੁਮਾਰ ਟਾਂਡਾ, ਅਸ਼ਵਨੀ ਕੁਮਾਰ,ਟੇਕ ਚੰਦ, ਬਿੰਦੀ ਸੁਨਾਮੀਆਂ ਆਦਿ ਸ਼ਰਧਾਲੂ ਮੌਜੂਦ

# ਸੰਸਦ ਮੈਂਬਰ ਮਨੀਸ਼ ਤਿਵਾੜੀ ਨੇ ਚੁੱਕਿਆ ਦੇਸ਼ ਅੰਦਰ ਫਰਟੀਲਾਈਜ਼ਰ ਦੀ ਆਮਦ ਦਾ ਮੁੱਦਾ

## ਪੁੱਛਿਆ: ਖਾੜੀ ਦੇਸ਼ਾਂ ਵਿੱਚ ਚੱਲ ਰਹੀ ਜੰਗ ਦੇ ਮਦਦ ਨਾਲ ਜਦ ਸਰਕਾਰ ਦੀਆਂ ਕੀ ਹਨ ਤਿਆਰੀਆਂ




ਚੰਡੀਗੜ੍ਹ/ਨਵੀਂ ਦਿੱਲੀ, 27 ਮਾਰਚ (ਅਜੈ ਪੁਰੀ)ਈਰਾਨ ਅਤੇ ਇਜਰਾਇਲ-ਅਮਰੀਕਾ ਵਿਚਾਲੇ ਚੱਲ ਰਹੇ ਯੁੱਧ ਦੇ ਮੱਦੇਨਜਰ ਦੇਸ਼ ਅੰਦਰ ਫਰਟੀਲਾਈਜ਼ਰ ਦੀ ਆਮਦ ਨੂੰ ਲੈ ਕੇ ਚਿੰਤਾ ਜਾਹਿਰ ਕਰਦੇ ਹੋਏ, ਚੰਡੀਗੜ੍ਹ ਤੋਂ ਸੰਸਦ ਮੈਂਬਰ ਅਤੇ ਸਾਬਕਾ ਕੇਂਦਰੀ ਮੰਤਰੀ ਮਨੀਸ਼ ਤਿਵਾੜੀ ਕੇਂਦਰ ਸਰਕਾਰ ਤੋਂ ਸਵਾਲ ਕੀਤਾ ਹੈ।

ਲੋਕ ਸਭਾ ਵਿੱਚ ਸੰਬੋਧਨ ਕਰਦਿਆਂ, ਸੰਸਦ ਮੈਂਬਰ ਤਿਵਾੜੀ ਨੇ ਕਿਹਾ ਕਿ ਭਾਰਤ ਵੱਲੋਂ ਸਾਲ 2020-25 ਦੌਰਾਨ ਖਾੜੀ ਦੇਸ਼ਾਂ ਤੋਂ 11 ਬਿਲੀਅਨ ਡਾਲਰ ਦਾ ਫਰਟੀਲਾਈਜ਼ਰ ਇੰਪੋਰਟ ਕੀਤਾ ਗਿਆ ਸੀ। ਇਸੇ ਤਰ੍ਹਾਂ, 49 ਪ੍ਰਤੀਸ਼ਤ ਨਾਈਟਰੋਜਨ ਅਧਾਰਤ ਫਰਟੀਲਾਈਜ਼ਰ ਸਾਊਦੀ ਅਰਬ, ਓਮਾਨ, ਕਤਰ ਅਤੇ ਯੂਏਈ ਤੋਂ ਆਉਂਦਾ ਹੈ। ਉਹਨਾਂ ਨੇ ਕਿਹਾ ਕਿ ਮੌਜ਼ਦਾ ਹਾਲਾਤਾਂ ਵਿਚਾਲੇ ਚਾਰ ਹਫਤਿਆਂ ਤੋਂ ਹਾਰਮੁਜ ਸਟ੍ਰੇਟ ਬੰਦ ਪਿਆ ਹੋਇਆ ਹੈ ਅਤੇ ਮੌਜੂਦਾ ਜੰਗੀ ਹਾਲਾਤਾਂ ਦੇ ਮੱਦੇਨਜਰ ਇਸਦੇ ਜਲਦੀ ਖੁੱਲਣ ਦੇ ਕੋਈ ਆਸਾਰ ਨਜ਼ਰ ਵੀ ਨਹੀਂ ਆ ਰਹੇ ਹਨ।

ਤਿਵਾੜੀ ਨੇ ਜ਼ੋਰ ਦਿੰਦੇ ਹੋਏ, ਕਿਹਾ ਕਿ ਜੰਗੀ ਹਾਲਾਤਾਂ ਕਾਰਨ 40 ਊਰਜਾ ਉਤਪਾਦਨ ਨਾਲ ਜੁੜੇ ਸੰਸਥਾਨ ਨੁਕਸਾਨੇ ਜਾ ਚੁੱਕੇ ਹਨ। ਇਸ ਤੋਂ ਇਲਾਵਾ, ਕਤਰ ਵੱਲੋਂ ਸਭ ਤੋਂ ਵੱਡੀ ਫਰਟੀਲਾਈਜ਼ਰ ਨਿਰਮਾਤਾ ਕੰਪਨੀ ਕਤਲ ਫਰਟੀਲਾਈਜ਼ਰ ਨੂੰ ਬੰਦ ਕਰ ਦਿੱਤਾ ਗਿਆ ਹੈ, ਜਿਸ ਨਾਲ ਭਾਰਤ ਦਾ ਲੰਬਾ ਸਮਝੌਤਾ ਹੈ। ਸੰਸਦ ਮੈਂਬਰ ਨੇ ਕਿਹਾ ਕਿ ਮੌਜੂਦਾ ਖਰੀਫ ਸੀਜ਼ਨ ਵਾਸਤੇ ਤਾਂ ਸਰਕਾਰ ਕੋਲ ਫਰਟੀਲਾਈਜ਼ਰ ਦਾ ਸਟਾਕ ਮੌਜੂਦ ਹੈ, ਲੇਕਿਨ ਅਗਲੇ ਰਬੀ ਸੀਜ਼ਨ ਵਾਸਤੇ ਸਰਕਾਰ ਦੀਆਂ ਕੀ ਤਿਆਰੀਆਂ ਹਨ? ਕੀ ਸਰਕਾਰ ਵੱਲੋਂ ਖੇਤੀਬਾੜੀ ਵਿਕੇਂਦਰੀਕਰਨ ਸਬੰਧੀ ਕੋਈ ਨੀਤੀ ਬਣਾਈ ਜਾ ਰਹੀ ਹੈ? ਇਸ ਤੋਂ ਇਲਾਵਾ, ਖਾੜੀ ਦੇਸ਼ਾਂ ਤੇ ਹੋਣ ਵਾਲੀ ਬਾਕੀ ਆਮਦਨ ਨੂੰ ਲੈ ਕੇ ਸਰਕਾਰ ਦੀ ਕੀ ਯੋਜਨਾ ਹੈ।

ਜਿਸ ਬਾਰੇ ਜਵਾਬ ਦਿੰਦੇ ਹੋਏ, ਕੇਂਦਰੀ ਕੈਮੀਕਲ ਅਤੇ ਫਰਟੀਲਾਈਜ਼ਰ ਮੰਤਰੀ ਜੇ ਪੀ ਨੱਡਾ ਨੇ ਦੱਸਿਆ ਹੈ ਕਿ ਸਰਕਾਰ ਆਉਂਦੇ ਖਰੀਫ ਦੇ ਸੀਜ਼ਨ ਵਾਸਤੇ ਲੋੜੀਂਦਾ ਫਰਟੀਲਾਈਜ਼ਰ ਉਪਲਬਧ ਹੈ। ਹਾਲਾਂਕਿ ਅਗਲੇ ਰਬੀ ਦੇ ਸੀਜ਼ਨ ਵਾਸਤੇ ਫਰਟੀਲਾਈਜ਼ਰ ਦੀ ਸਪਲਾਈ ਪੁਖਤਾ ਕਰਨ ਲਈ ਸਰਕਾਰ ਵੱਲੋਂ ਨਵੀਂ ਮਾਰਕੀਟ ਖੋਜੀ ਜਾ ਰਹੀ ਹੈ ਅਤੇ ਰਾਅ ਮਟੀਰੀਅਲ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ।

# ਪ੍ਰਾਚੀਨ ਸ਼੍ਰੀ ਰਾਮ ਮੰਦਰ ਵਿਖੇ ਰਾਮ ਨੌਮੀ ਦਾ ਤਿਉਹਾਰ ਸ਼ਰਧਾ ਤੇ ਧੂਮ-ਧਾਮ ਨਾਲ ਮਨਾਇਆ ਪੂਰਾ ਮੰਦਰ ਕੰਪਲੈਕਸ 'ਜੈ ਸ਼੍ਰੀ ਰਾਮ' ਦੇ ਨਾਅਰੀਆਂ ਨਾਲ ਗੂੰਜ ਉੱਠਿਆ



ਬੱਸੀ ਪਠਾਣਾ, 27 ਮਾਰਚ (ਚੰਨਪ੍ਰੀਤ ਪਨੇਸਰ):- ਪ੍ਰਾਚੀਨ ਸ਼੍ਰੀ ਰਾਮ ਮੰਦਰ ਬੱਸੀ ਪਠਾਣਾਂ ਵਿਖੇ ਮਰਿਆਦਾ ਪੁਰਸ਼ੋਤਮ ਪ੍ਰਭੂ ਸ਼੍ਰੀ ਰਾਮ ਜੀ ਦੇ ਪ੍ਰਗਟ ਦਿਵਸ ਦੇ ਸਬੰਧ ਵਿੱਚ ਸ਼੍ਰੀ ਰਾਮ ਮੰਦਰ ਪ੍ਰਬੰਧਕ ਕਮੇਟੀ ਵੱਲੋਂ ਸੁਰਜੀਤ ਸਿੰਗਲਾ ਦੀ ਪ੍ਰਧਾਨਗੀ ਹੇਠ ਸ਼੍ਰੀ ਰਾਮ ਨੌਮੀ ਦਾ ਤਿਉਹਾਰ ਬੇਹੱਦ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਰਵਾਏ ਗਏ ਵਿਸ਼ੇਸ਼ ਸਮਾਗਮ ਵਿੱਚ ਸ਼੍ਰੀ ਸਚਿਦਾਨੰਦ ਚੇਤਨ ਸਰਸਵਤੀ ਜੀ ਮਹਾਰਾਜ, ਸਾਬਕਾ ਵਿਧਾਇਕ ਨਿਰਮਲ ਸਿੰਘ, 'ਆਪ' ਐਸੀ ਵਿੰਗ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਜੀ.ਪੀ, ਫੈਡਰੇਸ਼ਨ ਆਫ ਆੜਤੀ ਐਸੋਸ਼ੀਏਸ਼ਨ ਪੰਜਾਬ ਦੇ ਸੂਬਾ ਪ੍ਰੈਸ ਸਕੱਤਰ ਰਾਜੇਸ਼ ਸਿੰਗਲਾ, ਘਟ ਗਿਣਤੀ ਤੇ ਦਲਿਤ ਦਲ ਜਥੇਬੰਦੀ ਦੇ ਸੂਬਾ ਪ੍ਰਧਾਨ ਹਰਵੇਲ ਸਿੰਘ ਮਾਧੋਪੁਰ, ਭਾਜਪਾ ਐਸੀ ਮੋਰਚਾ ਪੰਜਾਬ ਦੇ ਮੀਤ ਪ੍ਰਧਾਨ ਕੁਲਦੀਪ ਸਿੰਘ ਸਿੱਧੂਪੁਰ, ਸਾਬਕਾ ਸੰਸਦ ਮੈਂਬਰ ਬੀਬੀ ਸਤਵਿੰਦਰ ਕੌਰ ਧਾਲੀਵਾਲ, ਧੀਮਾਨ ਬ੍ਰਾਹਮਣ ਸਭਾ ਬੱਸੀ ਪਠਾਣਾਂ ਦੇ ਪ੍ਰਧਾਨ ਅਸ਼ੋਕ ਧੀਮਾਨ, ਅਗਰਵਾਲ ਸਮਾਜ ਸਭਾ ਪੰਜਾਬ ਦੇ ਸਹਾਇਕ ਸੱਕਤਰ ਅਨੂਪ ਸਿੰਗਲਾ, ਸ਼੍ਰੀ ਰਾਮ ਨਾਟਕ ਤੇ ਸ਼ੋਸ਼ਲ ਕਲੱਬ ਦੇ ਨਵ ਨਿਯੁਕਤ ਰਮੇਸ਼ ਕੁਮਾਰ ਸੀ.ਆਰ, ਉੱਘੇ ਸਮਾਜ ਸੇਵੀ ਅਜੀਤ ਸਿੰਘ ਮੱਕੜ, ਯੁਗਵਿੰਦਰ ਸਿੰਘ ਧਾਲੀਵਾਲ ਐਡਵੋਕੇਟ ਸਾਬਕਾ ਓ.ਐਸ.ਡੀ ਮੁੱਖ ਮੰਤਰੀ ਪੰਜਾਬ, ਕੌਂਸਲਰ ਤੇ ਉੱਘੇ ਸਮਾਜ ਸੇਵੀ ਕਰਮਜੀਤ ਸਿੰਘ ਢੀਂਡਸਾ, ਨਗਰ ਕੌਂਸਲ ਦੇ ਸੀਨੀਅਰ ਮੀਤ ਪ੍ਰਧਾਨ ਪਵਨ ਸ਼ਰਮਾ, ਭਾਰਤ ਵਿਕਾਸ ਪ੍ਰੀਸ਼ਦ ਸ਼ਾਖਾ ਬੱਸੀ ਪਠਾਣਾਂ ਦੇ ਪ੍ਰਧਾਨ ਨੀਰਜ ਮਲਹੌਤਰਾ, ਕਾਗਰਸ ਐਸੀ ਵਿੰਗ ਜਿਲ੍ਹਾ ਚੈਅਰਮੈਨ ਬਲਬੀਰ ਸਿੰਘ, ਲਾਈਨਜ ਕਲੱਬ ਬੱਸੀ ਪਠਾਣਾਂ ਸਾਬਕਾ ਪ੍ਰਧਾਨ ਸਤਪਾਲ ਭਨੋਟ, ਭਾਰਤ ਵਿਕਾਸ ਪ੍ਰੀਸ਼ਦ ਪੰਜਾਬ ਪ੍ਰਧਾਨ ਰਮੇਸ਼ ਮਲਹੌਤਰਾ, ਸੀਨੀਅਰ ਸਿਟੀਜਨ ਬੱਸੀ ਪਠਾਣਾਂ ਆਗੂ ਜੈ ਕ੍ਰਿਸ਼ਨ ਕਸ਼ਯਪ, ਸਮਾਜ ਸੇਵੀ ਬਬਲਜੀਤ ਪਨੇਸਰ, ਬਹਾਵਲਪੁਰ ਬਰਾਦਰੀ ਮਹਾਸੰਘ ਬੱਸੀ ਪਠਾਣਾਂ ਪ੍ਰਧਾਨ ਗੋਪਾਲ ਕ੍ਰਿਸ਼ਨ ਹਸੀਜਾ, ਕਾਗਰਸੀ ਸੀਨੀਅਰ ਆਗੂ ਡਾ.ਮਨੋਹਰ ਸਿੰਘ ਤੇ ਓਮ ਪ੍ਰਕਾਸ਼ ਤਾਂਗੜੀ ਵੱਲੋਂ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਗਈ। ਉਨ੍ਹਾਂ ਨੇ ਸਮੂਹ ਦੇਸ਼ ਵਾਸੀਆਂ ਨੂੰ ਰਾਮ ਨੌਮੀ ਦੀ ਵਧਾਈ ਦਿੰਦਿਆਂ ਪ੍ਰਭੂ ਰਾਮ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ।

ਮੰਦਰ ਕਮੇਟੀ ਵੱਲੋਂ ਸ਼੍ਰੀ ਰਾਮ ਚਰਿਤ ਮਾਨਸ ਦੇ ਪਾਠ ਦੇ ਭੋਗ ਪਾਏ ਗਏ ਅਤੇ ਪ੍ਰਭੂ ਸ਼੍ਰੀ ਰਾਮ ਜੀ ਦਾ ਅਭਿਸ਼ੇਕ ਤੇ ਗੁਣਗਾਨ ਕੀਤਾ ਗਿਆ। ਇਸ ਮੌਕੇ ਮੰਦਰ ਨੂੰ ਬਹੁਤ ਹੀ ਸੁੰਦਰ ਤਰੀਕੇ ਨਾਲ ਫੁੱਲਾਂ ਨਾਲ ਸਜਾਇਆ ਗਿਆ ਸੀ। ਮੰਦਰ ਚ ਸਵੇਰ ਤੋਂ ਹੀ ਸ਼ਰਧਾਲੂਆਂ ਦੀ ਆਮਦ ਰਹੀ। ਉੱਥੇ ਪੂਰਾ ਮੰਦਰ ਕੰਪਲੈਕਸ 'ਜੈ ਸ਼੍ਰੀ ਰਾਮ' ਦੇ ਨਾਅਰੇ ਨਾਲ ਗੂੰਜ ਰਿਹਾ ਸੀ। ਕਮੇਟੀ ਵੱਲੋਂ ਸੰਗਤਾਂ ਲਈ ਵਿਸ਼ਾਲ ਲੰਗਰ ਵੀ ਲਗਾਇਆ ਗਿਆ ਅਤੇ ਆਏ ਹੋਏ ਮਹਿਮਾਨਾਂ ਨੂੰ ਚੁੰਨੀ ਤੇ "ਜੈ ਸ਼੍ਰੀ ਰਾਮ" ਦੇ ਪਟਕੇ ਪਾ ਕੇ ਸਨਮਾਨਿਤ ਕੀਤਾ ਗਿਆ।

ਪ੍ਰਬੰਧਕ ਕਮੇਟੀ ਵੱਲੋਂ ਇਸ ਵਾਰ ਇੱਕ ਸ਼ਲਾਘਾਯੋਗ ਪਹਿਲ ਕਰਦਿਆਂ ਨਗਰ ਕੌਂਸਲ ਬੱਸੀ ਪਠਾਣਾਂ ਦੇ ਸਫਾਈ ਸੇਵਕਾਂ ਨੂੰ ਖ਼ਾਸ ਤੌਰ 'ਤੇ ਉਪਹਾਰ ਦੇ ਕੇ ਸਨਮਾਨਿਤ ਕੀਤਾ ਗਿਆ। ਕਮੇਟੀ ਮੈਂਬਰਾਂ ਨੇ ਕਿਹਾ ਕਿ ਸਮਾਜ ਦੀ ਸੇਵਾ ਕਰਨ ਵਾਲੇ ਇਨ੍ਹਾਂ ਸੇਵਕਾਂ ਦਾ ਸਤਿਕਾਰ ਕਰਨਾ ਹੀ ਅਸਲ ਮਰਿਆਦਾ ਹੈ।

ਇਸ ਮੌਕੇ ਕਮੇਟੀ ਪ੍ਰਧਾਨ ਸੁਰਜੀਤ ਸਿੰਗਲਾ,ਮੁੱਖ ਪੁਜਾਰੀ ਪੰਡਿਤ ਸੇਵਕ ਰਾਮ ਸ਼ਰਮਾ, ਓਮ ਪ੍ਰਕਾਸ਼ ਗੌਤਮ,ਐਡਵੋਕੇਟ ਅੰਕੁਸ਼ ਖੱਤਰੀ,ਦੀਵਲ ਕੁਮਾਰ ਹੈਰੀ, ਰਾਜੀਵ ਕੁਮਾਰ ਵਾਲਮੀਕਿ,ਅਮਿਤ ਜਿੰਦਲ,ਹੇਮਮਿੰਦਰ ਦਲਾਲ,ਰਿਸ਼ੀ ਸਿੰਗਲਾ,ਐਡਵੋਕੇਟ ਗੌਰਵ ਗੋਇਲ,ਦਿਨੇਸ਼ ਖੰਨਾ,ਐਡਵੋਕੇਟ ਦੀਪਕ ਬੈਕਟਰ,ਨਰੇਸ਼ ਗੌਤਮ,ਰਾਜਨ ਬੱਤਰਾ,ਮਾਰੂਤ ਮਲਹੋਤਰਾਂ,ਡਾ.ਦੀਵਾਨ ਧੀਰ,ਹਰਿੰਦਰ ਮਲਹੋਤਰਾਂ ਨੱਨਾ, ਪ੍ਰਿੰਸ ਕੁਮਾਰ,ਅਸ਼ੋਕ ਗੌਤਮ,ਅਮਨ ਗੋਇਲ,ਦਵਿਸ਼ ਬਾਂਸਲ,ਅਮਿਤ ਗੋਇਲ, ਹਰਮੇਸ਼ ਸ਼ਰਮਾ, ਸੰਜੇ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ






# ਸ਼ੁਭ ਕਰਮਨ ਸਿੰਘ ਅਤੇ ਤਨਿਸ਼ ਨੇ ਬਾਕਸਿੰਗ ਵਿੱਚ ਸਿਲਵਰ ਮੈਡਲ ਜਿੱਤ ਕੇ ਖੰਨੇ ਦਾ ਨਾਂ ਰੁਸ਼ਨਾਇਆ



ਖੰਨਾ, 27 ਮਾਰਚ (ਅਰਵਿੰਦਰ ਸਿੰਘ ਸਵੈਚ, ਗੀਤਾ ਰਾਣੀ) ਪਿਛਲੇ ਦਿਨੀ ਆਂਧਰਾ ਪ੍ਰਦੇਸ਼ ਵਿੱਚ ਅੰਡਰ 23 ਲੜਕੇ ਅਤੇ ਲੜਕੀਆਂ ਦੀ ਨੈਸ਼ਨਲ ਬਾਕਸਿੰਗ ਚੈਂਪੀਅਨਸ਼ਿਪ ਹੋਈ।ਜਿਸ ਵਿੱਚ ਖੰਨਾ ਦੇ ਦੋ ਖਿਲਾੜੀਆਂ ਸ਼ੁਭਕਰਮਨ ਸਿੰਘ ਅਤੇ ਤਨਿਸ਼ ਨੇ ਕਰਮਬਾਰ 51 ਤੋਂ 54 ਕਿਲੋ ਭਾਰ ਵਰਗ ਅਤੇ ਤਨਿਸ਼ ਨੇ 54 ਤੋਂ 57 ਕਿਲੋ ਭਾਰ ਵਰਗ ਵਿੱਚ ਹਿੱਸਾ ਲਿਆ। ਇਹਨਾਂ ਖਿਡਾਰੀਆਂ ਨੇ ਆਪਣੀ ਮਿਹਨਤ ਨਾਲ ਸਿਲਵਰ ਮੈਡਲ ਜਿੱਤ ਕੇ ਖੰਨਾ ਸ਼ਹਿਰ ਅਤੇ ਆਪਣੇ ਕਾਲਜ ਦਾ ਨਾਮ ਰੁਸ਼ਨਾਇਆ। ਆਂਧਰਾ ਪ੍ਰਦੇਸ਼ ਤੋਂ ਵਾਪਿਸ ਖੰਨਾ ਪੁੱਜਣ ਉੱਪਰ ਖਿਡਾਰੀਆਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਖਿਡਾਰੀਆਂ ਦੇ ਮਾਪਿਆਂ ਅਤੇ ਸ਼ਹਿਰ ਵਾਸੀਆਂ ਨੇ ਇਹਨਾਂ ਦੀ ਪ੍ਰਾਪਤੀ ਉੱਤੇ ਮਾਣ ਮਹਿਸੂਸ ਕੀਤਾ। ਇਸ ਮੌਕੇ ਉਹਨਾਂ ਹੋਰਨਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਚੜ ਕੇ ਖੇਡਾਂ ਵਿੱਚ ਹਿੱਸਾ ਲੈਣ ਅਤੇ ਨਰੋਆ ਸਮਾਜ ਸਿਰਜਣ ਵਿੱਚ ਆਪਣੀ ਭੂਮਿਕਾ ਅਦਾ ਕਰਨ।

# ਅੰਮ੍ਰਿਤਸਰ 'ਚ ਸਰਹੱਦ ਪਾਰੋਂ ਚੱਲ ਰਹੇ ਗੈਰ-ਕਾਨੂੰਨੀ ਹਥਿਆਰ ਤਸ਼ਕਰੀ ਮਾਡਿਊਲ ਨਾਲ ਜੁੜੇ ਦੋ ਵਿਅਕਤੀ ਕਾਬੂ, 10 ਆਧੁਨਿਕ ਪਿਸਤੌਲ ਬਰਾਮਦ




ਚੰਡੀਗੜ੍ਹ/ਅੰਮ੍ਰਿਤਸਰ, 27 ਮਾਰਚ (ਰਣਜੀਤ ਮਸੌਣ/ਅਮਿਤਾ/ਰਾਘਵ ਅਰੋੜਾ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ, ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਸਰਹੱਦ ਪਾਰੋਂ ਚੱਲ ਰਹੇ ਗੈਰ-ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਨਾਲ ਜੁੜੇ 2 ਮੁਲਜ਼ਮਾਂ ਨੂੰ 10 ਵਿਦੇਸ਼ੀ ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫ਼ਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਰੇਸ਼ਮ ਸਿੰਘ ਵਾਸੀ ਖੁਸ਼ੂਪੁਰਾ, ਅੰਮ੍ਰਿਤਸਰ ਅਤੇ ਮਨਪ੍ਰੀਤ ਸਿੰਘ ਵਾਸੀ ਖਵਾਸਪੁਰ, ਤਰਨ ਤਾਰਨ ਵੱਜੋਂ ਹੋਈ ਹੈ। ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਇੱਕ ਤੁਰਕੀ ਦਾ ਬਣਿਆ ਜ਼ਿਗਾਨਾ ਪਿਸਤੌਲ, ਇੱਕ ਆਸਟਰੀਆ ਦਾ ਬਣਿਆ ਗਲੌਕ ਪਿਸਤੌਲ, ਦੋ ਅਮਰੀਕਾ ਦੇ ਬਣੇ ਬ੍ਰੇਟਾ ਪਿਸਤੌਲ, ਪੰਜ ਪੀਐਕਸ 5 ਪਿਸਤੌਲ ਅਤੇ ਇੱਕ ਚੀਨ ਦੇ ਬਣੇ ਨੋਰਿੰਕੋ ਪਿਸਤੌਲ ਸਮੇਤ ਮੈਗਜ਼ੀਨਾਂ ਸ਼ਾਮਲ ਹਨ। ਪੁਲਿਸ ਟੀਮਾਂ ਨੇ ਉਨ੍ਹਾਂ ਦਾ ਕਾਲੇ ਰੰਗ ਦਾ ਪਲੈਟੀਨਾ ਮੋਟਰਸਾਈਕਲ (ਪੀਬੀ 63 ਡੀ 3668) ਜਿਸ ਦੀ ਵਰਤੋਂ ਖੇਪਾਂ ਦੀ ਡਿਲੀਵਰੀ ਲਈ ਕੀਤੀ ਜਾਂਦੀ ਸੀ, ਨੂੰ ਵੀ ਜ਼ਬਤ ਕਰ ਲਿਆ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਪਾਕਿਸਤਾਨ ਸਥਿਤ ਤਸ਼ਕਰਾਂ ਦੇ ਤਾਲਮੇਲ ਨਾਲ ਵਿਦੇਸ਼ੀ ਗੈਂਗਸਟਰ ਦੇ ਇਸ਼ਾਰੇ 'ਤੇ ਕੰਮ ਕਰ ਰਹੇ ਸਨ ਅਤੇ ਭਾਰਤ ਵਿੱਚ ਗੈਰ-ਕਾਨੂੰਨੀ ਹਥਿਆਰਾਂ ਦੀ ਤਸ਼ਕਰੀ ਵਿੱਚ ਸਹਾਇਤਾ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਹ ਖੇਪ ਸੂਬੇ ਭਰ ਵਿੱਚ ਅਪਰਾਧਿਕ ਤੱਤਾਂ ਨੂੰ ਡਿਲੀਵਰ ਕੀਤੀ ਜਾਣੀ ਸੀ। ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਸੀਆਈ ਅੰਮ੍ਰਿਤਸਰ ਨੂੰ ਇੱਕ ਭਰੋਸੇਯੋਗ ਜਾਣਕਾਰੀ ਮਿਲੀ ਸੀ ਕਿ ਵਿਦੇਸ਼ੀ ਗੈਂਗਸਟਰ ਆਪਣੇ ਪੰਜਾਬ ਸਥਿਤ ਸਾਥੀਆਂ ਦੀ ਮੱਦਦ ਨਾਲ ਪਾਕਿਸਤਾਨ ਤੋਂ ਭਾਰਤ ਵਿੱਚ ਡਰੋਨ ਰਾਹੀਂ ਗੈਰ-ਕਾਨੂੰਨੀ ਹਥਿਆਰਾਂ/ਗੋਲੀ ਸਿੱਕੇ ਦੀ ਤਸ਼ਕਰੀ ਕਰ ਰਿਹਾ ਹੈ। ਡੀਜੀਪੀ ਨੇ ਕਿਹਾ ਕਿ ਪ੍ਰਾਪਤ ਜਾਣਕਾਰੀ ਮੁਤਾਬਕ ਉਨ੍ਹਾਂ ਦੇ ਪੰਜਾਬ ਸਥਿਤ ਸਾਥੀ ਰੇਸ਼ਮ ਸਿੰਘ ਨੇ ਹਥਿਆਰਾਂ ਦੀ ਖੇਪ ਪ੍ਰਾਪਤ ਕੀਤੀ ਹੈ ਅਤੇ ਪਾਕਿਸਤਾਨੀ ਤਸਕਰਾਂ ਦੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਸੰਭਾਵੀ ਤੌਰ 'ਤੇ ਉਹ ਇਹ ਖੇਪ ਅੰਮ੍ਰਿਤਸਰ ਤੋਂ ਚੌਗਾਵਾਂ ਸੜਕ 'ਤੇ ਨਹਿਰ ਦੇ ਪੁਲ ਨਜਦੀਕ ਪਿੰਡ ਕੋਹਾਲੀ ਨੇੜੇ ਸ਼ੱਕੀ ਮਨਪ੍ਰੀਤ ਸਿੰਘ ਨੂੰ ਡਿਲੀਵਰ ਕਰਨਗੇ। ਉਨ੍ਹਾਂ ਅੱਗੇ ਕਿਹਾ ਕਿ ਇਸ ਜਾਣਕਾਰੀ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਨਾਕਾ ਲਗਾਇਆ ਅਤੇ ਦੋਵਾਂ ਮੁਲਜ਼ਮਾਂ ਨੂੰ ਹਥਿਆਰਾਂ ਦੀ ਖੇਪ ਸਮੇਤ ਗ੍ਰਿਫ਼ਤਾਰ ਕਰ ਲਿਆ।

ਡੀਜੀਪੀ ਗੌਰਵ ਯਾਦਵ ਨੇ ਦੱਸਿਆਂ ਕਿ ਇਸ ਮਾਮਲੇ ਦੇ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ ਤਾਂ ਜੋ ਪੂਰੇ ਤਸਕਰੀ ਨੈੱਟਵਰਕ ਦਾ ਪਰਦਾਫਾਸ਼ ਕੀਤਾ ਜਾ ਸਕੇ।

ਇਸ ਸਬੰਧੀ ਐਫ਼ਆਈਆਰ ਨੰਬਰ 20 ਮਿਤੀ 27-03-2026 ਨੂੰ ਥਾਣਾ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿਖੇ ਅਸਲਾ ਐਕਟ ਦੀ ਧਾਰਾ 25, 25(1) ਏ ਅਤੇ 25(1) ਬੀ ਅਤੇ ਭਾਰਤੀ ਨਿਆਂ ਸੰਹਿਤਾ (ਬੀਐਨਐਸ)

# ਖਾਲੜਾ ਦੇ ਸ਼ਿਵ ਮੰਦਰ ਤੋਂ ਰਾਮ ਨੌਮੀ ਦੇ ਪਵਿੱਤਰ ਤਿਉਹਾਰ ਤੇ ਸ਼ੋਭਾ ਯਾਤਰਾ ਸਜਾਈ।



ਭਿੱਖੀਵਿੰਡ, ਜਗਤਾਰ ਸਿੰਘ ਖਾਲੜਾ

ਸ੍ਰੀ ਰਾਮ ਨੌਮੀ ਦੇ ਪਵਿੱਤਰ ਦਿਹਾੜੇ ਮੌਕੇ ਅੱਜ ਖਾਲੜਾ ਦੇ ਸ਼ਿਵ ਮੰਦਰ ਵੱਲੋਂ ਕਸਬਾ ਖਾਲੜਾ ਨਿਵਾਸੀਆਂ ਦੇ ਸਹਿਯੋਗ ਨਾਲ ਸੋਭਾ ਯਾਤਰਾ ਸਜਾਈ ਗਈ। ਇਹ ਸ਼ੋਭਾ ਯਾਤਰਾ ਸ਼ਿਵ ਮੰਦਿਰ ਖਾਲੜਾ ਤੋਂ ਸ਼ੁਰੂ ਹੋਈ ਇਹ ਯਾਤਰਾ ਖਾਲੜਾ ਬਾਜ਼ਾਰ ਵਿੱਚੋਂ ਲੰਘਦੀ ਹੋਈ ਪਿੰਡ ਦੋਦੇ ,ਕਲਸੀਆਂ ਖੁਰਦ ਅਤੇ ਡਲੀਰੀ ਪਿੰਡਾ ਚੋ ਲੰਘਦੀ ਹੋਈ ਪਿੰਡ ਵੈਸ਼ਨੋ ਮੰਦਰ ਡੱਲ ਵਿਖੇ ਸਮਾਪਤ ਹੋਈ। ਸੋਭਾ ਯਾਤਰਾ ਵਿੱਚ ਸ਼ਾਮਲ ਸੰਗਤਾਂ ਦੀ ਰਸਤੇ ਵਿੱਚ ਪਿੰਡਾਂ ਦੀਆਂ ਸੰਗਤਾਂ ਵੱਲੋਂ ਵ ਥਾਂ-ਥਾਂ 'ਤੇ ਨਿੱਘਾ ਸਵਾਗਤ ਕੀਤਾ। ਇਸ ਮੌਕੇ ਸ਼ਿਵ ਮੰਦਰ ਦੇ ਪੁਜਾਰੀ ਪੰਡਤ ਸੁਰਿੰਦਰ ਕੁਮਾਰ, ਅਮਨ ਸ਼ਰਮਾ ਖਾਲੜਾ ,ਕਾਲੀ ਹਲਵਾਈ ,ਦੀਪਕ ਖਾਲੜਾ ,ਪਰਦੀਪ ਸ਼ਰਮਾ ਰੌਸ਼ਨ ਲਾਲ ,ਅਜੀਤਪਾਲ ਦੇਵਗਨ,ਰੌਸ਼ਨ ਖਾਲੜਾ ਆਦਿ ਸੰਗਤਾ ਨੇ ਇਸ ਸ਼ੋਭਾ ਯਾਤਰਾ ਵਿੱਚ ਸੇਵਾ ਨਿਭਾਈ।

## ਤ੍ਰੈ ਸ਼ਤਾਬਦੀ ਖਾਲਸਾ ਕਾਲਜ ਵਿਖੇ ਸਾਲਾਨਾ ਡਿਗਰੀ ਵੰਡ ਸਮਾਰੋਹ; ਸਿੱਖਿਆ ਸਕੱਤਰ ਸੁਖਵਿੰਦਰ ਸਿੰਘ ਨੇ ਕੀਤੀ ਸ਼ਿਰਕਤ।160 ਵਿਦਿਆਰਥੀਆਂ ਨੂੰ ਦਿੱਤੀਆਂ ਡਿਗਰੀਆਂ।

## ਐਸ.ਜੀ.ਪੀ.ਸੀ. ਕਾਲਜਾਂ 'ਚ ਸ਼ੁਰੂ ਹੋਵੇਗਾ ਯੂ.ਪੀ.ਐਸ.ਸੀ. ਟ੍ਰੇਨਿੰਗ ਦਾ ਪਾਇਲਟ ਪ੍ਰੋਜੈਕਟ; ਏ.ਆਈ. ਤਕਨੀਕ ਨਾਲ ਜੁੜਨਗੇ ਵਿਦਿਆਰਥੀ




ਅੰਮ੍ਰਿਤਸਰ: 27 ਮਾਰਚ ਗੁਰਪ੍ਰੀਤ ਸਿੰਘ ਡੱਬ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਥਾਨਕ ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਵਿਖੇ ਸਾਲਾਨਾ ਕਨਵੋਕੇਸ਼ਨ ਸਮਾਰੋਹ ਬੜੀ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ। ਇਸ ਸਮਾਗਮ ਵਿੱਚ ਐਸ.ਜੀ.ਪੀ.ਸੀ. ਦੇ ਸਿੱਖਿਆ ਸਕੱਤਰ ਸੁਖਵਿੰਦਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ 160 ਡਿਗਰੀਆਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਕਾਲਜ ਪਹੁੰਚਣ 'ਤੇ ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਵੱਲੋਂ ਉਨ੍ਹਾਂ ਨੂੰ ਫੁੱਲਾਂ ਦੇ ਗੁਲਦਸਤੇ ਦੇ ਕੇ ਨਿੱਘਾ ਸ਼ਬਦੀ ਜੀ ਆਇਆਂ ।ਸੰਬੋਧਨ ਦੌਰਾਨ ਸਿੱਖਿਆ ਸਕੱਤਰ ਸੁਖਮਿੰਦਰ ਸਿੰਘ ਨੇ ਕਿਹਾ ਕਿ ਡਿਗਰੀ ਹਾਸਲ ਕਰਨਾ ਵਿਦਿਆਰਥੀਆਂ ਦੇ ਜੀਵਨ ਦਾ ਇੱਕ ਅਹਿਮ ਪੜਾਅ ਹੈ, ਜੋ ਉਨ੍ਹਾਂ ਦੀ ਮਿਹਨਤ ਅਤੇ ਲਗਨ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਐਸ.ਜੀ.ਪੀ.ਸੀ. ਦੇ ਅਦਾਰੇ ਵਿਦਿਆਰਥੀਆਂ ਨੂੰ ਨਾ ਸਿਰਫ਼ ਉੱਚ ਪੱਧਰੀ ਗਿਆਨ ਪ੍ਰਦਾਨ ਕਰ ਰਹੇ ਹਨ, ਸਗੋਂ ਉਨ੍ਹਾਂ ਨੂੰ ਧਰਮ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਜੋੜ ਕੇ ਇੱਕ ਚੰਗਾ ਇਨਸਾਨ ਬਣਾਉਣ ਵਿੱਚ ਵੀ ਅਹਿਮ ਭੂਮਿਕਾ ਨਿਭਾ ਰਹੇ ਹਨ।

ਸਿੱਖਿਆ ਦੇ ਮਿਆਰ ਵਿੱਚ ਸੁਧਾਰ, ਵਿਦਿਆਰਥੀਆਂ ਦੇ ਵਿਦੇਸ਼ ਜਾਣ ਅਤੇ ਮਾਨਸਿਕ ਤਣਾਅ ਵਰਗੀਆਂ ਚੁਣੌਤੀਆਂ 'ਤੇ ਚਰਚਾ ਕਰਦਿਆਂ ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਕਈ ਨਵੇਂ ਕਦਮ ਚੁੱਕੇ ਗਏ ਹਨ। ਉਨ੍ਹਾਂ ਐਲਾਨ ਕੀਤਾ ਕਿ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਤਿਆਰ ਕਰਨ ਵਾਸਤੇ ਯੂ.ਪੀ.ਐਸ.ਸੀ. (UPSC) ਟ੍ਰੇਨਿੰਗ ਦਾ ਇੱਕ ਪਾਇਲਟ ਪ੍ਰੋਜੈਕਟ 10 ਕਾਲਜਾਂ ਵਿੱਚ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਤਹਿਤ ਪਹਿਲੇ ਸਾਲ ਤੋਂ ਹੀ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਆਨਲਾਈਨ ਕੋਰਸ ਅਤੇ ਟ੍ਰੇਨਿੰਗ ਦਿੱਤੀ ਜਾਵੇਗੀ। ਇਸ ਤੋਂ ਇਲਾਵਾ, ਵਿਦਿਆਰਥੀਆਂ ਨੂੰ ਫੌਜ ਵਿੱਚ ਭਰਤੀ ਲਈ ਐਨ.ਡੀ.ਏ. (N D A) ਦੀ ਤਿਆਰੀ ਅਤੇ ਰੁਜ਼ਗਾਰ ਲਈ ਸੈਂਟਰਲਾਈਜ਼ਡ ਪਲੇਸਮੈਂਟ ਡਰਾਈਵ ਦੀ ਸਹੂਲਤ ਵੀ ਦਿੱਤੀ ਜਾ ਰਹੀ ਹੈ। ਏ.ਆਈ. ਅਤੇ ਆਧੁਨਿਕ ਤਕਨੀਕ ਸੰਬੰਧੀ

ਉਨ੍ਹਾਂ ਅੱਗੇ ਦੱਸਿਆ ਕਿ ਭਵਿੱਖ ਦੀਆਂ ਲੋੜਾਂ ਨੂੰ ਦੇਖਦਿਆਂ ਆਰਟੀਫੀਸ਼ੀਅਲ ਇੰਟੈਲੀਜੈਂਸ (AI) ਅਤੇ ਸੂਚਨਾ ਅਧਿਆਪਕਾਂ ਨੂੰ ਵਿਸ਼ੇਸ਼ ਟ੍ਰੇਨਿੰਗ ਦਿੱਤੀ ਗਈ ਹੈ, ਤਾਂ ਜੋ ਉਹ ਵਿਦਿਆਰਥੀਆਂ ਨੂੰ ਨਵੀਂ ਤਕਨੀਕ ਬਾਰੇ ਜਾਗਰੂਕ ਕਰ ਸਕਣ। ਇਸ ਦਾ ਮਕਸਦ ਵਿਦਿਆਰਥੀਆਂ ਨੂੰ ਆਪਣੇ ਛੋਟੇ ਕਾਰੋਬਾਰ ਸ਼ੁਰੂ ਕਰਨ ਅਤੇ ਤਕਨੀਕੀ ਤੌਰ 'ਤੇ ਆਤਮ-ਨਿਰਭਰ ਬਣਾਉਣਾ ਹੈ।ਇਸ ਮੌਕੇ ਡਾ ਰੁਪਿੰਦਰ ਸਿੰਘ ਪ੍ਰਿੰਸੀਪਲ ਸਹੀਦ ਬਾਬਾ ਜੀਵਨ ਸਿੰਘ ਖਾਲਸਾ ਕਾਲਜ, ਡਾ ਗੁਰਜੀਤ ਸਿੰਘ ਪ੍ਰਿੰਸੀਪਲ ਬਾਬਾ ਅਜੇ ਸਿੰਘ ਖਾਲਸਾ ਕਾਲਜ, ਪ੍ਰੋ ਜਤਿੰਦਰ ਕੌਰ ਕਾਲਜ ਰਜਿਸਟਰਾਰ ਅਤੇ ਕਾਲਜ ਦਾ ਸਮੂਹ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ਼ ਹਾਜ਼ਰ ਸੀ । ਪ੍ਰੋਫੈਸ਼ਨਲ ਗਾਇਕ ਸਭਿਆਚਾਰਕ ਪ੍ਰੋਗਰਾਮਾਂ ਵਿਚ ਭਾਗ ਲੈਂਦੇ ਹਨ ਅਤੇ ਰਾਤ ਦੇਰ ਤੱਕ ਲਾਊਡ ਸਪੀਕਰ/ਡੀ.ਜੇ ਆਦਿ ਦੀ ਵਰਤੋਂ ਕਰਦੇ ਹਨ,

ਜਿਸ ਦੇ ਨਾਲ ਆਸ ਪਾਸ ਦੇ ਰਹਿਣ ਵਾਲੇ ਲੋਕਾਂ, ਮਰੀਜ਼ਾਂ ਨੂੰ ਅਤੇ ਪੜ੍ਹਨ ਵਾਲੇ ਬੱਚਿਆਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਸ਼ੋਰ ਪ੍ਰਦੂਸ਼ਣ ਨਾਲ ਉਨ੍ਹਾਂ ਦੀ ਸਿਹਤ ਲਈ ਵੀ ਖ਼ਤਰਾ ਪੈਦਾ ਹੁੰਦਾ ਹੈ। ਇਹ ਹੁਕਮ 20 ਮਈ , 2026ਤੱਕ ਲਾਗੂ ਰਹੇਗਾ।

## ਉਦਾਸੀਨ ਆਸ਼ਰਮ ਇਮਾਮਗੜ੍ਹ ਵਿਖੇ 9ਵਾਂ ਅੱਖਾਂ ਦਾ ਫ੍ਰੀ ਚੈੱਕਅਪ ਕੈਂਪ ਲਾਇਆ



ਮਾਲੇਰਕੋਟਲਾ,27 ਮਾਰਚ (ਗੁਰਤੇਜ ਜੋਸ਼ੀ) ਪੁਨਰਜੋਤ ਨੇਤਰਦਾਨ ਸਭਾ ਮਾਲੇਰਕੋਟਲਾ ਦੇ ਚੇਅਰਮੈਨ ਉੱਘੇ ਸਮਾਜਸੇਵੀ ਵਾਤਾਵਰਣ ਪ੍ਰੇਮੀ ਇੰਦਰਜੀਤ ਸਿੰਘ ਮੁੰਡੇ ਦੀ ਅਗਵਾਈ ਅਤੇ ਮਹੰਤ ਹਰਪਾਲ ਦਾਸ ਮੁੱਖ ਸੇਵਾਦਾਰ ਉਦਾਸੀਨ ਆਸ਼ਰਮ ਇਮਾਮਗੜ੍ਹ ਦੀ ਦੇਖ-ਰੇਖ ਹੇਠ ਆਸ਼ਰਮ ਵਿੱਚ ਅੱਖਾਂ ਦੀ ਜਾਂਚ, ਲੈਂਜ ਪਾਉਣ ਦਾ 9ਵਾਂ ਮੁਫਤ ਸਾਲਾਨਾ ਕੈਂਪ ਲਾਇਆ ਗਿਆ। ਜਿਸ ਦਾ ਉਦਘਾਟਨ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਵਿਰਾਜ ਐੱਸ. ਤਿੜਕੇ ਵੱਲੋਂ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਤਿੜਕੇ ਨੇ ਕਿਹਾ ਕਿ ਅਜਿਹੇ ਫ੍ਰੀ ਕੈਂਪ ਲੋਕਾਂ ਲਈ ਬਹੁਤ ਹੀ ਲਾਹੇਵੰਦ ਸਾਬਤ ਹੁੰਦੇ ਹਨ, ਕਿਉਂਕਿ ਇਨ੍ਹਾਂ ਕੈਂਪਾਂ ਰਾਹੀਂ ਲੋਕਾਂ ਨੂੰ ਇਕੋ ਥਾਂ 'ਤੇ ਵੱਖ-ਵੱਖ ਸਹੂਲਤਾਂ ਮੁਫਤ ਹਾਸਲ ਹੋ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ

ਅਜਿਹੇ ਉਪਰਾਲਿਆਂ ਨਾਲ ਖਾਸ ਕਰ ਕੇ ਗਰੀਬ ਅਤੇ ਜ਼ਰੂਰਤਮੰਦ ਵਰਗ ਨੂੰ ਕਾਫੀ ਰਾਹਤ ਮਿਲਦੀ ਹੈ ਅਤੇ ਉਹ ਆਪਣੀਆਂ ਸਿਹਤ ਸਬੰਧੀ ਸਮੱਸਿਆਵਾਂ ਦਾ ਸਮੇਂ ਸਿਰ ਇਲਾਜ ਕਰਵਾ ਸਕਦੇ ਹਨ।

ਇਸ ਮੌਕੇ ਲੁਧਿਆਣਾ ਤੋਂ ਅੱਖਾਂ ਦੇ ਮਾਹਿਰ ਡਾ. ਰਮੇਸ਼ ਮਨਸੂਰਾ ਅਤੇ ਉਨ੍ਹਾਂ ਟੀਮ ਵੱਲੋਂ 250 ਦੇ ਕਰੀਬ ਮਰੀਜ਼ਾਂ ਦੀ ਜਾਂਚ ਕਰ ਕੇ ਦਵਾਈਆਂ ਅਤੇ 120 ਦੇ ਕਰੀਬ ਮਰੀਜ਼ਾਂ ਨੂੰ ਐਨਕਾਂ ਮੁਫਤ ਦਿੱਤੀਆਂ ਗਈਆਂ । ਇਸ ਤੋਂ ਇਲਾਵਾ ਦਰਜਨਾਂ ਮਰੀਜ਼ਾਂ ਦੇ ਲੈਂਜ਼ ਪਾਏ ਗਏ ਅਤੇ ਔਰਤਾਂ ਦੇ ਰੋਗਾਂ ਦੇ ਮਾਹਿਰ ਡਾ. ਰਫੀਆ ਬੱਤੇ ਵੱਲੋਂ ਔਰਤਾਂ ਅੰਦਰ ਪਾਈ ਜਾ ਰਹੀ ਬਾਂਝਪਣ ਦੀ ਬੀਮਾਰੀ ਦੀ ਜਾਂਚ ਕੀਤੀ ਗਈ।

ਇਸ ਮੌਕੇ ਇੰਦਰਜੀਤ ਸਿੰਘ ਮੁੰਡੇ ਅਤੇ ਮਹੰਤ ਹਰਪਾਲ ਆਏ ਮਹਿਮਾਨਾਂ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਵਿਰਾਜ ਐਸ. ਤਿੜਕੇ ਲੈਂਜ਼ ਪਾਉਣ ਲਈ ਚੁਣੇ ਗਏ ਮਰੀਜ਼ਾਂ ਦੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ ਅਤੇ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਤਿੜਕੇ ਦਾ ਉਚੇਚੇ ਤੌਰ 'ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਇੰਦਰਜੀਤ ਸਿੰਘ ਮੁੰਡੇ ਤੇ ਮਹੰਤ ਹਰਪਾਲ ਦਾਸ ਵੱਲੋਂ ਕੈਂਪ 'ਚ ਪੁੱਜੇ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਹੈ। ਇਸ ਸਮੇਂ ਦਸਮੇਸ਼ ਕੰਬਾਈਨ ਦੇ ਐੱਮ. ਡੀ. ਅਮਰ ਸਿੰਘ ਮਠਾੜੂ, ਕਰਮ ਸਿੰਘ ਮੁੰਡੇ ਕੇ. ਐੱਸ. ਗਰੁੱਪ, ਪ੍ਰਧਾਨ ਵੈਦ ਮੋਹਨ ਲਾਲ, ਮਾਸਟਰ ਚਰਨਦਾਸ ਸੌਂਦ, ਅਮਰਜੀਤ ਸਿੰਘ ਹੁੰਜਨ, ਭਾਜਪਾ ਦੇ ਸਾਬਕਾ ਜਿਲ੍ਹਾ ਪ੍ਰਧਾਨ ਅਮਨ ਥਾਪਰ, ਮੁਹੰਮਦ ਇਸਹਾਕ, ਮੁਹੰਮਦ ਸਾਬਰ ਜੋਸ਼, ਐਡਵੋਕੇਟ ਸਤੀਸ਼ ਕੁਮਾਰ, ਮੁਹੰਮਦ ਰਸ਼ੀਦ, ਟਵਿੰਕਲ ਆਦਿ ਹਾਜਰ ਸਨ।

## ਸਰਕਾਰੀ ਕਾਲਜ ਆਫ਼ ਐਜੂਕੇਸ਼ਨ ਵਿਖੇ ਆਲ ਇੰਡੀਆ ਮੁਸ਼ਾਇਰਾ 'ਬਜ਼ਮ-ਏ-ਸ਼ੇਅਰ-ਓ-ਤਰਬ' ਕਰਵਾਇਆ ਗਿਆ




ਫ਼ਰੀਦਕੋਟ, 27 ਮਾਰਚ (ਕੰਵਲ ਸਰਾਂ )-ਦੇਸ਼ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਫ਼ਰੀਦਕੋਟ ਦੇ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਦੀ ਯੋਗ ਰਹਿਨੁਮਾਈ ਹੇਠ ਸੰਗੀਤ ਅਤੇ ਸਾਹਿਤ ਨੂੰ ਸਮਰਪਿਤ ਸੰਸਥਾ ਸੁਰ-ਆਂਗਨ ਦੇ ਸਾਂਝੇ ਉਪਰਾਲੇ ਨਾਲ ਕਾਲਜ ਵਿਖੇ ਮਿਤੀ 24 ਮਾਰਚ 2026 ਨੂੰ ਆਲ ਇੰਡੀਆ ਮੁਸ਼ਾਇਰੇ 'ਬਜ਼ਮ-ਏ-ਸ਼ੇਅਰ-ਓ-ਤਰਬ' ਦਾ ਆਯੋਜਨ ਕੀਤਾ ਗਿਆ । ਇਸ ਮੁਸ਼ਾਇਰੇ ਵਿੱਚ ਹਿੰਦੁਸਤਾਨ ਦੇ ਪੰਜਾਬੀ, ਹਿੰਦੀ ਅਤੇ ਉਰਦੂ ਦੇ ਨਾਮਵਰ ਸ਼ਾਇਰਾਂ ਅਤੇ ਕਵੀਆਂ ਨੇ ਸ਼ਿਰਕਤ ਕੀਤੀ। ਇਸ ਮੁਸ਼ਾਇਰੇ ਦਾ ਆਗਾਜ਼ ਸੁਰ-ਆਂਗਨ ਦੇ ਕਲਾਕਾਰਾਂ ਵੱਲੋਂ ਸੰਗੀਤਿਕ ਸ਼ਮਾ ਰੌਸ਼ਨ ਕਰਕੇ ਹੋਇਆ ਜਿਸ ਵਿੱਚ ਸਭ ਤੋਂ ਪਹਿਲਾਂ ਸੁਰ-ਆਂਗਨ ਦੀ ਧੁਨੀ ਦਾ ਗਾਇਨ ਹੋਇਆ। ਇਸ ਉਪਰੰਤ ਹਰਸ਼ਵਰਧਨ ਵੱਲੋਂ ਡਾ. ਰਾਜੇਸ਼ ਮੋਹਨ ਦੀ ਰਚਨਾ 'ਸ਼ਾਇਰ ਕਹਿਣ ਕਮਾਲ ਦਾ ਨਗਮਾ ਬਣਾ ਲਿਆ' ਪੇਸ਼ ਕੀਤੀ ਗਈ। ਇਸ ਤੋਂ ਬਾਅਦ ਪ੍ਰਸਿੱਧ ਪਾਕਿਸਤਾਨੀ ਕਲਾਕਾਰ ਸੁਰਈਆ ਮੁਲਤਾਨੀ ਦੀ ਇੱਕ ਰਚਨਾ 'ਬੜੇ ਬੇਮੁਰੱਬਤ ਹੈ ਯੇ ਹੁਸਨ ਵਾਲੇ' ਸੁਰ-ਆਂਗਨ ਦੀ ਹੋਣਹਾਰ ਕਲਾਕਾਰ ਕਿਰਨਦੀਪ ਵੱਲੋਂ ਪੇਸ਼ ਕੀਤੀ ਗਈ। ਇਸਦੇ ਨਾਲ ਹੀ ਸੁਰ-ਆਂਗਨ ਦੀ ਟੀਮ ਵੱਲੋਂ ਪੰਜਾਬੀ ਦੇ ਮਹਾਨ ਸ਼ਾਇਰ ਸੁਰਜੀਤ ਪਾਤਰ ਦੀ ਰਚਨਾ 'ਜਗਾ ਦੇ ਮੋਮਬੱਤੀਆਂ' ਪੇਸ਼ ਕੀਤੀ ਗਈ। 'ਬਜ਼ਮ-ਏ-ਸ਼ੇਅਰ-ਓ-ਤਰਬ' ਦੇ ਦੂਸਰੇ ਭਾਗ ਵਿੱਚ ਕਾਲਜ ਦੇ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਅਤੇ ਮਹਿਮਾਨ ਸ਼ਾਇਰ ਸਾਹਿਬਾਨ ਨੇ ਸ਼ਮਾ ਰੌਸ਼ਨ ਕੀਤੀ ਅਤੇ ਇਸ ਉਪਰੰਤ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਨੇ ਆਏ ਹੋਏ ਸ਼ਾਇਰਾਂ ਨੂੰ ਰਸਮੀ ਤੌਰ ਤੇ ਨੂੰ 'ਜੀ ਆਇਆਂ' ਕਿਹਾ। ਇਸ ਦੌਰਾਨ ਬਟਾਲੇ ਤੋਂ ਸੁਰਿੰਦਰ ਸਿੰਘ, ਸ੍ਰੀ ਮੁਕਤਸਰ ਸਾਹਿਬ ਤੋਂ ਸ਼੍ਰੀ ਸਤੀਸ਼ ਬੇਦਾਗ, ਚੰਡੀਗੜ੍ਹ ਤੋਂ ਮੁਸੱਵਰ ਫ਼ਿਰੋਜ਼ਪੁਰੀ, ਫ਼ਿਰੋਜ਼ਪੁਰ ਤੋਂ ਹਰਮੀਤ ਵਿਦਿਆਰਥੀ, ਜਲੰਧਰ ਤੋਂ ਸ਼੍ਰੀ ਪ੍ਰਮੋਦ ਕਾਫ਼ਿਰ, ਫ਼ਰੀਦਕੋਟ ਤੋਂ ਸ਼ਾਇਰ ਮਨਜੀਤ ਪੁਰੀ, ਅਤੇ ਉਚੇਚੇ ਤੌਰ ਤੇ ਮੁੰਬਈ ਤੋਂ ਆਈ ਸ਼ਾਇਰਾ ਰੁਚੀ ਡਰੋਲੀਆ ਨੇ ਆਪਣਾ ਕਲਾਮ ਪੜ੍ਹਿਆ। ਮੁਸ਼ਾਇਰੇ ਦੀ ਸਦਾਰਤ ਕਰਦੇ ਹੋਏ ਪੰਜਾਬੀ ਦੇ ਮਸ਼ਹੂਰ ਸ਼ਾਇਰ ਵਿਜੇ ਵਿਵੇਕ ਨੇ ਆਪਣੀ ਸ਼ਾਇਰੀ ਨਾਲ ਕਾਲਜ ਦੇ ਵਿਦਿਆਰਥੀਆਂ ਅਤੇ ਸ਼ਾਇਰੀ ਦੇ ਸ਼ੌਕੀਨ ਸਰੋਤਿਆਂ ਦਾ ਭਰਪੂਰ ਮਨੋਰੰਜਨ ਕੀਤਾ। ਇਸ ਮੌਕੇ ਬਤੌਰ ਸ਼ਾਇਰ ਕਾਲਜ ਦੇ ਪ੍ਰਿੰਸੀਪਲ ਡਾ. ਰਾਜੇਸ਼ ਮਹੋਨ ਨੇ ਵੀ ਆਪਣਾ ਪੰਜਾਬੀ ਅਤੇ ਉਰਦੂ ਕਲਾਮ ਪੜ੍ਹਿਆ। ਅੰਤ ਵਿੱਚ ਕਾਲਜ ਦੇ ਪ੍ਰਿੰਸੀਪਲ ਤੇ ਸਮੂਹ ਸਟਾਫ਼ ਵੱਲੋਂ ਸਾਰੇ ਮਹਿਮਾਨ ਸ਼ਾਇਰ ਸਾਹਿਬਾਨ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਸੰਗੀਤਕ ਅਤੇ ਅਦਬੀ ਪ੍ਰੋਗਰਾਮ ਵਿੱਚ ਸਾਹਿਲ ਤਗੋਰੀਆ ਨੇ ਤਬਲੇ ਤੇ, ਰਿਤੇਸ਼ ਰੋਨੀ ਨੇ ਗਿਟਾਰ ਤੇ ਸੰਗਤ ਕੀਤੀ, ਗਗਨਦੀਪ ਕੌਰ, ਨੂਰਪ੍ਰੀਤ ਕੌਰ, ਵੀਰਪਾਲ ਕੌਰ ਅਤੇ ਕਰਨਜੀਤ ਕੌਰ ਨੇ ਸਹਾਇਕ ਸਾਥੀ ਗਾਇਕਾਂ ਦੀ ਭੂਮਿਕਾ ਨਿਭਾਈ। ਇਸ ਮੁਸ਼ਾਇਰੇ ਦਾ ਮੰਚ ਸੰਚਾਲਨ ਡਾ. ਰਾਜੇਸ਼ ਮੋਹਨ ਅਤੇ ਮਨਜੀਤ ਪੁਰੀ ਨੇ ਸਾਂਝੇ ਤੌਰ ਤੇ ਕੀਤਾ। ਇਸ ਬਜ਼ਮ ਤੋਂ ਪਹਿਲਾਂ ਕਾਲਜ ਭਾਸ਼ਾ ਮੰਚ ਅਤੇ ਸੰਗੀਤ ਤੇ ਲੋਕਨਾਚ ਕਲੱਬ ਦੇ ਸਹਿਯੋਗ ਨਾਲ ਕਾਲਜ ਦੇ ਵਿਦਿਆਰਥੀਆਂ ਵੱਲੋਂ ਇੱਕ ਰੰਗਾਰੰਗ ਅਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ ਜਿਸ ਦਾ ਮੰਚ ਸੰਚਾਲਨ ਬੀਰਇੰਦਰਜੀਤ ਸਿੰਘ ਅਤੇ ਪ੍ਰੋਫੈਸਰ ਮਨਵਿੰਦਰ ਕੌਰ ਵੱਲੋਂ ਕੀਤਾ ਗਿਆ। ਇੱਥੇ ਜਿਕਰਯੋਗ ਹੈ ਕਿ ਤਕਰੀਬਨ ਚਾਰ ਘੰਟੇ ਤੱਕ ਚੱਲਿਆ ਇਹ ਮੁਸ਼ਾਇਰਾ ਇਲਾਕੇ ਦੇ ਅਦਬੀ ਹਲਕਿਆਂ ਵਿੱਚ ਅਤੇ ਕਾਲਜ ਦੇ ਵਿਦਿਆਰਥੀਆਂ ਲਈ ਇੱਕ ਅਮਿੱਟ ਯਾਦਗਾਰ ਛੱਡ ਗਿਆ।

ਇਸ ਮੁਸ਼ਾਇਰੇ ਦੇ ਵਿੱਚ ਵਿਸ਼ੇਸ਼ ਤੌਰ ਤੇ ਪੰਜਾਬੀ ਸ਼ਾਇਰੀ ਦੇ ਮਸ਼ਹੂਰ ਚੈਨਲ ਪੰਜਾਬੀਸਤਾਨ ਦੇ ਸੰਚਾਲਕ ਸਾਗਰ ਮਲਿਕ, ਅਰੁਣਾ ਰਣਦੇਵ, ਸਤੀਸ਼ ਰਣਦੇਵ, ਗੁਰਵਿੰਦਰ ਔਲਖ, ਸ਼ਹਿਰ ਦੇ ਪਤਵੰਤੇ ਸੱਜਣ ਅਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਸਰੋਤਿਆਂ ਵਜੋਂ ਸ਼ਾਮਿਲ ਹੋਏ। ਇਸ ਤੋਂ ਇਲਾਵਾ ਕਾਲਜ ਦੇ ਪ੍ਰੋਫ਼ੈਸਰ ਸਾਹਿਬਾਨ ਅਤੇ ਸਟਾਫ਼ ਵਿੱਚੋਂ ਪ੍ਰੋ. ਸੰਦੀਪ ਸਿੰਘ, ਪ੍ਰੋ. ਰਣਜੀਤ ਸਿੰਘ ਬਾਜਵਾ, ਡਾ. ਰੁਪਿੰਦਰਜੀਤ ਕੌਰ, ਪ੍ਰੋ. ਰਾਜੇਸ਼ਵਰੀ ਦੇਵੀ, ਪ੍ਰੋ. ਜਸਬੀਰ ਕੌਰ, ਪ੍ਰੋ. ਸੁਖਪਾਲ ਕੌਰ, ਪ੍ਰੋ. ਫ਼ੈਨੀ ਚਾਵਲਾ, ਪ੍ਰੋ. ਸੁਖਵਿੰਦਰ ਕੌਰ, ਡਾ. ਰਤਨ ਲਾਲ, ਸ਼੍ਰੀਮਤੀ ਕਰਮਜੀਤ ਕੌਰ ਨੇ ਮੁਸ਼ਾਇਰੇ ਨੂੰ ਸਫ਼ਲ ਬਣਾਉਣ ਵਿੱਚ ਵਿਸ਼ੇਸ਼ ਭੂਮਿਕਾ ਨਿਭਾਈ।

## ਸ਼੍ਰੀ ਰਾਮ ਨੌਮੀ ਮੌਕੇ ਬਾਲਾ ਜੀ ਸੇਵਾ ਸਮਿਤੀ ਵੱਲੋਂ ਵਿਸ਼ਾਲ ਭੰਡਾਰਾ ਆਯੋਜਿਤ



ਸਰਦੂਲਗੜ੍ਹ, 27 ਮਾਰਚ (ਕੁਲਵਿੰਦਰ ਕੜਵਲ): ਬੀਤੀ ਰਾਤ ਸ਼੍ਰੀ ਰਾਮ ਨੌਮੀ ਦੇ ਪਵਿੱਤਰ ਮੌਕੇ 'ਤੇ ਬਾਲਾ ਜੀ ਸੇਵਾ ਸਮਿਤੀ, ਸਰਦੂਲਗੜ੍ਹ ਵੱਲੋਂ ਸ਼੍ਰੀ ਸਨਾਤਨ ਧਰਮ ਮੰਦਰ ਧਰਮਸ਼ਾਲਾ, ਪੁਰਾਣਾ ਬਾਜ਼ਾਰ ਵਿਖੇ ਵਿਸ਼ਾਲ ਭੰਡਾਰਾ ਆਯੋਜਿਤ ਕੀਤਾ ਗਿਆ। ਇਸ ਭੰਡਾਰੇ ਵਿੱਚ ਸ਼ਹਿਰ ਦੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਹਿੱਸਾ ਲਿਆ ਅਤੇ ਪ੍ਰਸਾਦ ਗ੍ਰਹਿਣ ਕੀਤਾ।

ਇਸ ਮੌਕੇ ਸਮਿਤੀ ਦੇ ਪ੍ਰਧਾਨ ਵਿਪਨ ਗੋਇਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਿਤੀ ਵੱਲੋਂ ਪਿਛਲੇ ਕਈ ਸਾਲਾਂ ਤੋਂ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਹਰ ਮਹੀਨੇ ਸੰਗਰਾਂਦ ਦੇ ਦਿਹਾੜੇ ਅਤੇ ਹਰ ਸਾਲ ਸ਼੍ਰੀ ਰਾਮ ਨੌਮੀ ਦੇ ਮੌਕੇ ਭੰਡਾਰਾ ਲਗਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਸਮਿਤੀ ਵੱਲੋਂ ਵੱਖ-ਵੱਖ ਧਾਰਮਿਕ ਸਮਾਗਮਾਂ ਦੌਰਾਨ, ਚਾਹੇ ਉਹ ਨਿੱਜੀ ਹੋਣ ਜਾਂ ਕਿਸੇ ਸੰਸਥਾ ਵੱਲੋਂ ਆਯੋਜਿਤ, ਮੁਫ਼ਤ ਲੰਗਰ ਸੇਵਾ ਵੀ ਪ੍ਰਦਾਨ ਕੀਤੀ ਜਾਂਦੀ ਹੈ, ਬਸ਼ਰਤੇ ਸਮਿਤੀ ਨੂੰ ਸੱਦਾ ਦਿੱਤਾ ਗਿਆ ਹੋਵੇ। ਉਨ੍ਹਾਂ ਇਹ ਵੀ ਕਿਹਾ ਕਿ ਸਮਿਤੀ ਵਿੱਚ ਕਰੀਬ 35 ਮੈਂਬਰ ਸ਼ਾਮਲ ਹਨ, ਜੋ ਹਰ ਸਮੇਂ ਸੇਵਾ ਲਈ ਤਤਪਰ ਰਹਿੰਦੇ ਹਨ।

ਇਸ ਮੌਕੇ ਸਮਿਤੀ ਦੇ ਸਮੂਹ ਮੈਂਬਰ ਹਾਜ਼ਰ ਸਨ।

## ਸ੍ਰੀ ਅਨੰਦਪੁਰ ਸਾਹਿਬ ਵਿੱਚ 100 ਕਰੋੜ ਦੀ ਲਾਗਤ ਨਾਲ ਬਣੇਗਾ ਨਵਾਂ ਪ੍ਰਸ਼ਾਸਕੀ ਕੰਪਲੈਕਸ:- ਹਰਜੋਤ ਸਿੰਘ ਬੈਂਸ



ਨੰਗਲ, 27 ਮਾਰਚ (ਅਜੈ ਪੁਰੀ) ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਵਿੱਚ ਲਗਭਗ 100 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਨਵਾਂ ਪ੍ਰਸ਼ਾਸਕੀ ਕੰਪਲੈਕਸ ਬਣਾਇਆ ਜਾਵੇਗਾ। ਇਹ ਕੰਪਲੈਕਸਵਿਰਾਸਤੀ ਰਕੀਟੈਕਚਰ ਸ਼ੈਲੀ ਵਿੱਚ ਤਿਆਰ ਕੀਤਾ ਜਾਵੇਗਾ, ਜੋ ਇਲਾਕੇ ਦੀ ਧਾਰਮਿਕ ਅਤੇ ਇਤਿਹਾਸਕ ਮਹੱਤਤਾ ਨੂੰ ਧਿਆਨ ਵਿੱਚ ਰੱਖਦਿਆਂ ਡਿਜ਼ਾਇਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਇਲਾਕੇ ਦੇ ਵਿਕਾਸ ਲਈ ਮੀਲ ਪੱਥਰ ਸਾਬਤ ਹੋਵੇਗਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਨਵਾਂ ਮਿਆਰ ਸੈੱਟ ਕਰੇਗਾ। ਕੈਬਨਿਟ ਮੰਤਰੀ ਨੇ ਦੱਸਿਆ ਕਿ ਬੀਤੇ ਦਿਨੀ ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਇਸ ਪ੍ਰੋਜੈਕਟ ਦਾ ਐਲਾਨ ਕੀਤਾ ਗਿਆ ਸੀ, ਇਹ 4 ਮੰਜ਼ਿਲਾਂ ਆਧੁਨਿਕ ਇਮਾਰਤ ਹੋਵੇਗੀ, ਜਿਸ ਵਿੱਚ 27 ਪ੍ਰਮੁੱਖ ਸਰਕਾਰੀ ਦਫ਼ਤਰ ਇੱਕੋ ਛੱਤ ਹੇਠ ਲਿਆਂਦੇ ਜਾਣਗੇ। ਇਸ ਨਾਲ ਆਮ ਜਨਤਾ ਨੂੰ ਵੱਖ-ਵੱਖ ਦਫ਼ਤਰਾਂ ਦੇ ਚੱਕਰ ਕੱਟਣ ਤੋਂ ਰਾਹਤ ਮਿਲੇਗੀ ਅਤੇ ਸਰਕਾਰੀ ਸੇਵਾਵਾਂ ਇੱਕ ਥਾਂ ਤੇ ਆਸਾਨੀ ਨਾਲ ਉਪਲੱਬਧ ਹੋਣਗੀਆਂ। ਉਨ੍ਹਾਂ ਕਿਹਾ ਕਿ ਇਹ ਕੰਪਲੈਕਸ ਪ੍ਰਸ਼ਾਸਕੀ ਕੰਮਾਂ ਨੂੰ ਹੋਰ ਤੇਜ਼ ਅਤੇ ਪ੍ਰਭਾਵਸ਼ਾਲੀ ਬਣਾਉਣ ਵਿੱਚ ਮਦਦਗਾਰ ਸਾਬਤ ਹੋਵੇਗਾ। ਇਸੇ ਕੰਪਲੈਕਸ ਦੇ ਅੰਦਰ ਨਵਾਂ ਜੁਡੀਸ਼ੀਅਲ ਕੰਪਲੈਕਸ ਵੀ ਤਿਆਰ ਕੀਤਾ ਜਾਵੇਗਾ, ਜਿਸ ਨਾਲ ਕਾਨੂੰਨੀ ਕਾਰਵਾਈਆਂ ਨੂੰ ਵੀ ਇੱਕ ਸੁਚੱਜੇ ਅਤੇ ਆਧੁਨਿਕ ਮਾਹੌਲ ਵਿੱਚ ਅੰਜਾਮ ਦਿੱਤਾ ਜਾ ਸਕੇਗਾ। ਉਨ੍ਹਾਂ ਕਿਹਾ ਕਿ ਨਿਆਂ ਪ੍ਰਣਾਲੀ ਨੂੰ ਮਜ਼ਬੂਤ ਬਣਾਉਣ ਲਈ ਇਹ ਕਦਮ ਬਹੁਤ ਹੀ ਮਹੱਤਵਪੂਰਨ ਹੈ ਅਤੇ ਇਸ ਨਾਲ ਵਕੀਲ ਭਾਈਚਾਰੇ ਅਤੇ ਆਮ ਲੋਕਾਂ ਦੋਵਾਂ ਨੂੰ ਵੱਡੀ ਸਹੂਲਤ ਪ੍ਰਾਪਤ ਹੋਵੇਗੀ। ਸ.ਬੈਂਸ ਨੇ ਇਹ ਵੀ ਦੱਸਿਆ ਕਿ ਨਵੇਂ ਪ੍ਰਸ਼ਾਸਕੀ ਕੰਪਲੈਕਸ ਦੇ ਗਰਾਊਂਡ ਫਲੋਰ 'ਤੇ ਪਬਲਿਕ ਵਿੰਡੋ ਡੈਸਕ ਸਥਾਪਿਤ ਕੀਤੇ ਜਾਣਗੇ, ਜਿੱਥੇ ਹਰ ਵਿਭਾਗ ਦੀਆਂ ਸੇਵਾਵਾਂ ਸਿੱਧੇ ਤੌਰ 'ਤੇ ਲੋਕਾਂ ਲਈ ਉਪਲਬਧ ਹੋਣਗੀਆਂ। ਇਸ ਨਾਲ ਲੋਕਾਂ ਨੂੰ ਆਪਣਾ ਕੰਮ ਕਰਵਾਉਣ ਲਈ ਉੱਪਰਲੇ ਮੰਜ਼ਿਲਾਂ 'ਤੇ ਜਾਣ ਦੀ ਲੋੜ ਨਹੀਂ ਪਵੇਗੀ ਅਤੇ ਉਹਨਾਂ ਦਾ ਕੀਮਤੀ ਸਮਾਂ ਬਚੇਗਾ। ਇਹ ਸੁਵਿਧਾ ਸਰਕਾਰੀ ਕੰਮਕਾਜ ਨੂੰ ਪਾਰਦਰਸ਼ੀ ਅਤੇ ਲੋਕ-ਹਿਤੈਸ਼ੀ ਬਣਾਉਣ ਵੱਲ ਇੱਕ ਵੱਡਾ ਕਦਮ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਅਤੇ ਇਸ ਤਰ੍ਹਾਂ ਦੇ ਵਿਕਾਸੀ ਪ੍ਰੋਜੈਕਟ ਇਲਾਕੇ ਦੀ ਸਮੁੱਚੀ ਤਰੱਕੀ ਨੂੰ ਨਵੀਂ ਦਿਸ਼ਾ

## ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਚੈਰੀਟੇਬਲ ਫਾਊਡੇਸ਼ਨ ਵੱਲੋਂ ਰਜਿੰਦਰ ਸਿੰਘ ਮਰਵਾਹਾ ਸਨਮਾਨਿਤ



ਅੰਮ੍ਰਿਤਸਰ, 27 ਮਾਰਚ (ਰਣਜੀਤ ਸਿੰਘ ਮਸੌਣ/ਮੰਗਲ ਸਿੰਘ)- ਅਮਰ ਸ਼ਹੀਦ ਬਾਬਾ ਮੋਤੀ ਰਾਮ ਜੀ ਮਹਿਰਾ ਚੈਰੀਟੇਬਲ ਫਾਊਂਡੇਸ਼ਨ ਵੱਲੋਂ ਸ੍ਰ.ਰਜਿੰਦਰ ਸਿੰਘ ਮਰਵਾਹਾ ਜੀ ਨੂੰ ਅਮਰ ਸ਼ਹੀਦ ਬਾਬਾ ਮੋਤੀ ਰਾਮ ਜੀ ਮਹਿਰਾ ਚੈਰੀਟੇਬਲ ਫੈਡਰੇਸ਼ਨ ਦਾ ਸਨਮਾਨ ਪੱਤਰ ਦੇ ਕੇ ਸਨਮਾਨ ਕੀਤਾ ਗਿਆ। ਉਹਨਾਂ ਦੱਸਿਆ ਕਿ ਰਜਿੰਦਰ ਸਿੰਘ ਮਰਵਾਹਾ ਕਾਫ਼ੀ ਸਮੇਂ ਤੋਂ ਲੋਕ ਸੇਵਾ ਅਤੇ ਸਮਾਜ ਸੇਵਾ ਵਿੱਚ ਆਪਣਾ ਯੋਗਦਾਨ ਪਾ ਰਹੇ ਹਨ।

ਇਸ ਮੌਕੇ ਇਸ ਕਸ਼ਬ ਤੋਂ ਇਲਾਵਾ ਬਾਲ ਕਿਸ਼ਨ ਸ਼ਰਮਾ ਚੇਅਰਮੈਨ ਨਸ਼ਾ ਵਿਰੋਧੀ ਸੰਸਥਾ, ਬੋਬੀ ਸੇਠ, ਗੁਰਚਰਨ ਸਿੰਘ, ਅਰਨੇਜਾ, ਰਾਜਨ ਕਪੂਰ, ਸੰਤੋਖ ਸਿੰਘ ਗੁਮਟਾਲਾ ਅਤੇ ਹੋਰ ਸਾਥੀ ਮੌਜੂਦ ਸਨ।

## ਬਾਬਾ ਬੁੱਢਾ ਜੀ ਦੀ ਯਾਦ ਨੂੰ ਸਮਰਪਿਤ ਕੀਰਤਨ ਸਮਾਗਮ ਆਯੋਜਿਤ ਭਾਈ ਸੁਖਜੀਤ ਸਿੰਘ ਬਾਬਾ ਬਕਾਲਾ ਦੇ ਹਜ਼ੂਰੀ ਕੀਰਤਨੀ ਜੱਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਕੀਤਾ ਨਿਹਾਲ



ਲੁਧਿਆਣਾ 27 ਮਾਰਚ (ਕਰਨੈਲ ਸਿੰਘ ਐੱਮ.ਏ.) ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਮਾਡਲ ਟਾਊਨ ਐਕਸਟੈਂਸ਼ਨ, ਲੁਧਿਆਣਾ ਦੀ ਪ੍ਰਬੰਧਕ ਕਮੇਟੀ ਵੱਲੋਂ ਬੀਤੀ ਰਾਤ ਗੁਰਦੁਆਰਾ ਸਾਹਿਬ ਵਿਖੇ ਬ੍ਰਹਮ-ਗਿਆਨੀ ਬਾਬਾ ਬੁੱਢਾ ਜੀ ਦੀ ਯਾਦ ਨੂੰ ਸਮਰਪਿਤ ਚੱਲ ਰਹੀ ਹਫਤਾਵਾਰੀ ਕੀਰਤਨ ਸਮਾਗਮ ਲੜੀ ਅੰਦਰ ਪੰਥ ਪ੍ਰਸਿੱਧ ਕੀਰਤਨੀਏ ਭਾਈ ਸੁਖਜੀਤ ਸਿੰਘ ਬਾਬਾ ਬਕਾਲਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਦੇ ਕੀਰਤਨੀ ਜੱਥੇ ਨੇ ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ । ਕੀਰਤਨ ਸਮਾਗਮ ਅੰਦਰ ਇਕੱਤਰ ਹੋਈਆਂ ਸੰਗਤਾਂ ਦੇ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦਿਆਂ ਹੋਇਆਂ ਭਾਈ ਸੁਖਜੀਤ ਸਿੰਘ ਬਾਬਾ ਬਕਾਲਾ ਨੇ ਕਿਹਾ ਕਿ ਸ਼ਬਦ ਗੁਰੂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੰਦਰ ਦਰਜ ਗੁਰੂ ਸਾਹਿਬਾਨ ਤੇ ਭਗਤਾਂ ਦੀ ਬਾਣੀ ਜਿੱਥੇ ਸਾਨੂੰ ਅਧਿਆਤਮਕ ਤੇ ਰੂਹਾਨੀਅਤ ਦਾ ਸਕੂਨ ਪ੍ਰਦਾਨ ਕਰਦੀ ਹੈ, ਉੱਥੇ ਨਾਲ ਹੀ ਅਕਾਲ ਪੁਰਖ ਦੀ ਬੰਦਗੀ ਕਰਨ ਦਾ ਸੰਦੇਸ਼ ਵੀ ਦੇਂਦੀ ਹੈ। ਉਹਨਾਂ ਨੇ ਕਿਹਾ ਕਿ ਮੌਜੂਦਾ ਸਮੇਂ ਅੰਦਰ ਬਾਬਾ ਬੁੱਢਾ ਜੀ ਵੱਲੋਂ ਬਖ਼ਸ਼ੇ ਸੇਵਾ ਤੇ ਸਿਮਰਨ ਦੇ ਸੰਕਲਪ ਨੂੰ ਸੰਭਾਲਣ ਦੀ ਮੁੱਖ ਜ਼ਰੂਰਤ ਹੈ ਤਾਂ ਹੀ ਹਰ ਬੱਚਾ ਆਪਣੇ ਅੰਦਰ ਗੁਰਸਿੱਖੀ ਵਾਲਾ ਜ਼ਜਬਾ ਪੈਦਾ ਕਰਕੇ ਗੁਰੂ ਵਾਲਾ ਬਣ ਸਕਦਾ ਹੈ । ਇਸ ਦੌਰਾਨ ਉਨ੍ਹਾਂ ਨੇ ਸੰਗਤਾਂ ਨੂੰ ਧਰਮ ਦੇ ਮਾਰਗ ਤੇ ਚੱਲਣ ਦੀ ਪ੍ਰੇਰਣਾ ਦਿੱਤੀ । ਸਮਾਗਮ ਦੀ ਸਮਾਪਤੀ ਮੌਕੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਮੈਬਰਾਂ ਵੱਲੋਂ ਕੀਰਤਨੀ ਜੱਥੇ ਦੇ ਮੈਬਰਾਂ ਨੂੰ ਸਿਰੋਪਾਉ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਕੀਰਤਨ ਸਮਾਗਮ ਅੰਦਰ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰ: ਇੰਦਰਜੀਤ ਸਿੰਘ ਮੱਕੜ, ਮਹਿੰਦਰ ਸਿੰਘ ਡੰਗ, ਅੱਤਰ ਸਿੰਘ ਮੱਕੜ, ਰਜਿੰਦਰ ਸਿੰਘ ਡੰਗ, ਭੁਪਿੰਦਰ ਸਿੰਘ ਅਰੋੜਾ, ਹਰਪਾਲ ਸਿੰਘ ਖਾਲਸਾ, ਬਲਬੀਰ ਸਿੰਘ ਭਾਟੀਆ, ਹਰਮੀਤ ਸਿੰਘ ਡੰਗ, ਸੁਖਵਿੰਦਰ ਸਿੰਘ ਹੈਪੀ ਕੋਚਰ, ਹਰਵਿੰਦਰ ਸਿੰਘ ਕੋਹਲੀ, ਸੁਰਿੰਦਰਪਾਲ ਸਿੰਘ ਭੁਟੀਆਨੀ, ਨਰਿੰਦਰਪਾਲ ਸਿੰਘ ਕਥੂਰੀਆ, ਪ੍ਰੇਮ ਸਿੰਘ, ਅਵਤਾਰ ਸਿੰਘ ਬੀ.ਕੇ, ਅਵਤਾਰ ਸਿੰਘ ਮਿੱਡਾ, ਮਨਮੋਹਨ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਸਨ ।

## ਵਿਭਾਗੀ ਮੁਖੀ ਵਿਰੁੱਧ 16 ਅਪ੍ਰੈਲ ਦੇ ਧਰਨੇ ਵਿੱਚ ਵੱਡੀ ਗਿਣਤੀ ਚ ਫੀਲਡ ਮੁਲਾਜ਼ਮ ਹੋਣਗੇ ਸ਼ਾਮਿਲ ,ਡੀਐਮਐਫ ਤੇ ਪ ਸ ਸ ਫ ਵਿਗਿਆਨ (ਫੈਡਰੇਸ਼ਨ) ਵੱਲੋਂ ਸੰਘਰਸ਼ ਦੀ ਹਮਾਇਤ



ਫਤਿਹਗੜ੍ਹ ਸਾਹਿਬ,27, ਮਾਰਚ () ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵਿੱਚ, ਲੰਮੇ ਸਮੇਂ ਤੋਂ ਲਗਾਤਾਰ ਕੰਮ ਕਰਦੇ ਇਨਲਿਸਟਮੈਂਟ, ਆਊਟਸੋਰਸਿੰਗ ਕਾਮਿਆਂ ਨੂੰ ਵਿਭਾਗ ਵਿੱਚ ਪੱਕਾ ਕਰਨ, ਉਜਰਤਾਂ ਵਿੱਚ ਵਾਧਾ ਕਰਨ, ਟੈਸਟ ਪਾਸ ਦਰਜਾ ਚਾਰ ਫੀਲਡ ਮੁਲਾਜ਼ਮਾਂ ਦੀਆਂ ਪ੍ਰਮੋਸ਼ਨਾਂ ਕਰਨ, ਤਰਸ ਦੇ ਆਧਾਰ ਤੇ ਨੌਕਰੀਆਂ ਦੇਣ, ਪੇਂਡੂ ਜਲ ਸਪਲਾਈ ਸਕੀਮਾਂ ਤੇ ਪੰਚਾਇਤੀਕਰਨ ਦੀ ਨੀਤੀ ਰੱਦ ਕਰਨ, ਬਰਾਬਰ ਕੰਮ ਬਰਾਬਰ ਤਨਖਾਹ ਦੇ ਬਕਾਏ ਜਾਰੀ ਕਰਨ, ਟੈਕਨੀਸ਼ੀਅਨ ਕਰਮਚਾਰੀਆਂ ਤੋਂ ਜੂਨੀਅਰ ਇੰਜੀਨੀਅਰ ਦਾ ਟੈਸਟ ਪੰਜਾਬੀ ਵਿੱਚ ਲੈਣ, ਮਾਰਚ 2021 ਦੇ ਨਿਯਮਾਂ ਮੁਤਾਬਕ ਨਵੀਂ ਭਰਤੀ ਕਰਨ, ਰੁਜ਼ਗਾਰ ਨੂੰ ਉਜਾੜੂ ਨੀਤੀ ਦੀ ਸਕਾਡਾ ਤੇ ਆਈਟੀਈਓ ਨੀਤੀ ਨੂੰ ਰੱਦ ਕਰਨ, ਪੇਂਡੂ ਜਲ ਸਪਲਾਈ ਸਕੀਮਾਂ ਦੀ ਖਸਤਾ ਹੋ ਰਹੀ ਹਾਲਤ ਵਿੱਚ ਸੁਧਾਰ ਕਰਨ, ਰੈਵਨਿਊ ਕਨੈਕਟਰਾਂ ਦੇ ਭੱਤੇ ਵਿੱਚ ਵਾਧਾ ਕਰਨ, ਸਮੇਤ ਪੇਂਡੂ ਭੱਤਾ ਬਹਾਲ ਕਰਨ, ਇੱਕ ਜਥੇਬੰਦੀ ਦੇ ਕਹਿਣ ਤੇ ਦਰਜਾ ਚਾਰ ਮੁਲਾਜ਼ਮਾਂ ਦੀ ਸਪੈਸ਼ਲ ਇੰਕਰੀਮੈਂਟ ਦੀ ਰਿਕਵਰੀ ਬੰਦ ਕਰਨ, ਹਰੇਕ ਸਕੀਮ ਤੇ ਦੋ ਮੁਲਾਜ਼ਮਾਂ ਦੀ ਤੈਨਾਤੀ ਕਰਨ ਆਦਿ ਮੰਗਾਂ ਲਈ ਪੀ ਡਬਲਿਊ ਡੀ ਜਲ ਸਪਲਾਈ ਤਾਲਮੇਲ ਸੰਘਰਸ਼ ਕਮੇਟੀ ਵੱਲੋਂ ਵਿਭਾਗ ਦੇ ਮੁੱਖ ਦਫਤਰ ਮੋਹਾਲੀ ਵਿਖੇ 16 ਅਪ੍ਰੈਲ ਨੂੰ ਸੂਬਾ ਪੱਧਰੀ ਧਰਨਾ ਦਿੱਤਾ ਜਾ ਰਿਹਾ ਹੈ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਸੰਘਰਸ਼ ਕਮੇਟੀ ਦੇ ਕਨਵੀਨਰ ਮਲਾਗਰ ਸਿੰਘ ਖਮਾਣੋ, ਸੁਖਨੰਦਰ ਸਿੰਘ ਮੈਣੀਆ ਮਨਜੀਤ ਸਿੰਘ ਧਾਲੀਵਾਲ ਦਵਿੰਦਰ ਸਿੰਘ ਨਾਭਾ, ਸਰਬਜੀਤ ਸਿੰਘ ਭੁੱਲਰ ਦੇ ਦੱਸਿਆ ਕਿ ਜੇਕਰ ਵਿਭਾਗੀ ਮੁਖੀ ਵੱਲੋਂ ਮੰਗਾਂ ਸਬੰਧੀ ਗੱਲਬਾਤ ਲਈ ਮੀਟਿੰਗ ਦਾ ਸਮਾਂ ਨਾ ਦਿੱਤਾ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ, ਜਿਸ ਦੀ ਧਾਰ ਵਿਭਾਗ ਦੇ ਕੈਬਨਿਟ ਮੰਤਰੀ ਵੱਲ ਕੀਤੀ ਜਾਵੇਗੀ। ਇਹਨਾਂ ਨੇ ਦੱਸਿਆ ਕਿ ਸਾਡੇ ਸੰਘਰਸ਼ ਨੂੰ ਉਦੋਂ ਵੱਡਾ ਹੁੰਗਾਰਾ ਮਿਲਿਆ ਜਦੋਂ ਮੁਲਾਜ਼ਮ ਲਹਿਰ ਦੀਆਂ ਵੱਡੀਆਂ ਫੈਡਰੇਸ਼ਨਾਂ, ਡੈਮੋਕਰੇਟਿਕ ਮੁਲਾਜ਼ਮ ਫੈਡਰੇਸ਼ਨ ਤੇ ਪਸਸਫ ( ਵਿਗਿਆਨਕ) ਵੱਲੋਂ ਵੀ ਸੰਘਰਸ਼ ਦੀ ਡਟਵੀਂ ਹਮਾਇਤ ਦਾ ਐਲਾਨ ਕੀਤਾ ਗਿਆ। ਇਹਨਾਂ ਦੋਸ਼ ਲਾਇਆ ਕਿ ਵਿਭਾਗ ਦੇ ਵੱਡੇ ਅਧਿਕਾਰੀ ਵੱਡੇ ਠੇਕੇਦਾਰਾਂ ਨਾਲ ਮਿਲ ਕੇ ਸਰਕਾਰੀ ਫੰਡਾਂ ਨੂੰ ਆਪਣੀਆਂ ਤਜੋਰੀਆਂ ਵਿੱਚ ਹੀ ਭਰ ਰਹੇ ਹਨ, ਜਦੋਂ ਕਿ ਆਈਓਟੀ, ਪੰਚਾਇਤਾਂ ਅਧੀਨ ਦਿੱਤੀਆਂ ਗਈਆਂ ਜਲ ਸਪਲਾਈ ਸਕੀਮਾਂ ਜੋ ਕਰੋੜਾਂ ਰੁਪਈਆ ਲਾ ਕੇ ਬੰਦ ਪਈਆਂ ਹਨ ਸਬੰਧੀ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ । ਇਹਨਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਚਾਇਤਾਂ ਨੂੰ ਗੁਮਰਾਹ ਕਰਕੇ ਕੇਂਦਰ ਸਰਕਾਰ ਵੱਲੋਂ ਤੇ ਪੰਜਾਬ ਸਰਕਾਰ ਵੱਲੋਂ ਜਾਰੀ ਫੰਡਾਂ ਦੀ ਜਾਂਚ ਕੀਤੀ ਜਾਵੇ। ਕਿਉਂਕਿ ਇਹਨਾਂ ਵਿੱਚ ਵੱਡਾ ਭਰਿਸ਼ਟਾਚਾਰ ਕੀਤਾ ਗਿਆ ਹੈ।

# ਦੁਰਗਾ ਅਸ਼ਟਮੀ ਦੇ ਕੰਨਿਆ ਪੂਜਨ ਦੀ ਤਰਾਂ ਹਰ ਰੋਜ਼ ਗੌਸੇਵਾ ਕਰੋਂ- ਅਨਿਤਾ ਸ਼ਰਮਾ

## ਗਊ ਸੇਵਕ ਜੀਵ ਆਤਮਾ ਦੀ ਹੀ ਵਤਰਨੀ ਨਦੀਂ ਪਾਰ ਹੋਵੇਗੀ- ਗਊਸੇਵਕ ਪੰਡਿਤ ਅਵਨ ਪਾਰਾਸ਼ਰ ਜੀ ਮਹਾਰਾਜ

Desi Punjab YouTube www.desipunjab.in

ਅੰਮ੍ਰਿਤਸਰ, 26 ਮਾਰਚ (ਰਣਜੀਤ ਮਸੌਣ/ਅਮਿਤ/ਕੁਸ਼ਾਲ)- "ਭਾਰਤ ਵਿੱਚ ਪਹਿਲੀ ਰੋਟੀ ਗੋਮਾਤਾ ਨੂੰ" ਦੀ ਪ੍ਰੰਪਰਾ ਨੂੰ ਸਥਾਪਿਤ ਕਰਨ ਨੂੰ ਯਤਨਸ਼ੀਲ ਸੰਸਥਾ ਸਨਾਤਨ ਧਰਮ ਸੁਰੱਖਿਆ ਪਰਿਸ਼ਦ ਦੀ ਰਾਸ਼ਟਰੀ ਸਰਪ੍ਰਸਤ ਅਨਿਤਾ ਸ਼ਰਮਾ ਨੇ ਦੁਰਗਾ ਅਸ਼ਟਮੀ ਦੇ ਪਰਮ ਪਾਵਨ ਸ਼ੁਭ ਦਿਹਾੜੇ ਤੇ ਸਾਰੀ ਸੰਗਤ ਨੂੰ ਬੇਨਤੀ ਕਰਦਿਆਂ ਹੋਏ ਅਪੀਲ ਕੀਤੀ ਕਿ ਸਾਰੀ ਸੰਗਤ ਹਰ ਰੋਜ ਦੁਰਗਾ ਮਾਤਾ ਜੀ ਸਹਿਤ ਸਾਰੇ ਦੇਵੀ ਦੇਵਤਾਵਾਂ ਨੂੰ ਧਾਰਨ ਕਰਨ ਵਾਲੇ ਸੜਕ ਵਾਲੇ ਗਊ ਮਾਤਾ ਜੀ, ਜਿਨ੍ਹਾਂ ਦਾ ਸ਼ਰੀਰ ਚੱਲਦਾ ਫਿਰਦਾ ਮੰਦਿਰ ਹੈ ਤੇ ਭੋਲੇ ਨਾਥ ਜੀ ਦੀ ਸਾਖਸ਼ਾਤ ਸਵਾਰੀ ਨੰਦੀ ਮਹਾਂਰਾਜ ਜੀ ਜਿਨਾਂ ਦੇ ਕੰਨ ਵਿੱਚ ਕੀਤੀ ਅਰਦਾਸ ਨੂੰ ਸੋ ਫ਼ੀਸਦੀ ਭੋਲੇ ਨਾਥ ਜੀ ਪੂਰੀ ਕਰਦੇ ਹਨ, ਨੂੰ ਆਪਣੇ ਘਰ ਵਿੱਚ ਬਣੀ ਪਹਿਲੀ ਰੋਟੀ ਨਜ਼ਦੀਕੀ ਗਊਸ਼ਾਲਾ ਤੋਂ ਹਰਾ ਚਾਰਾ ਅਤੇ ਪਾਣੀ ਪ੍ਰਧਾਨ ਕਰਕੇ ਹਰ ਰੋਜ਼ ਦੁਰਗਾ ਅਸ਼ਟਮੀ ਦੇ ਕੰਨਿਆ ਪੂਜਨ ਦੀ ਤਰਾਂ ਹਰ ਰੋਜ਼ ਮਾਤਾ ਰਾਣੀ ਦੇ ਆਸ਼ੀਰਵਾਦ, ਵਰਦਾਨ, ਨਿਕਟਤਾ ਅਤੇ ਪ੍ਰਸੰਨਤਾ ਆਪਣੇ ਲਈ, ਆਪਣੇ ਪਰਿਵਾਰ ਲਈ, ਆਪਣੇ ਕੁੱਲ ਦੇ ਲਈ ਤੇ ਆਪਣੇ ਕੁੱਲ ਦੇ ਸਾਰੇ ਪਿਤਰਾਂ ਦੇ ਲਈ ਪ੍ਰਾਪਤ ਕਰ ਸਕਦੇ ਹਾਂ।

ਇਸ ਮੌਕੇ ਤੇ ਵਿਸ਼ੇਸ਼ ਰੂਪ 'ਚ ਉਪਸਥਿਤ ਸੰਸਥਾਂ ਰਾਸ਼ਟਰੀ ਪ੍ਰਧਾਨ ਪ੍ਰਸਿੱਧ ਗੋਕਥਾ ਵਾਚਕ, ਭਗਵਾਨ ਸ੍ਰੀ ਕ੍ਰਿਸ਼ਨ ਜੀ ਰਾਧਾ ਰਾਣੀ ਜੀ ਦੇ ਪਰਮ ਭਗਤ ਗਊ ਸੇਵਕ ਪੰਡਿਤ ਅਵਨ ਪਰਾਸ਼ਰ ਜੀ ਮਹਾਂਰਾਜ ਜੀ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਇਹ ਗੱਲ ਸਮਝਣੀ ਚਾਹੀਦੀ ਹੈ ਕਿ ਗਰੁੜ ਪੁਰਾਨ 'ਚ ਸਪੱਸ਼ਟ ਮਾਰਗ ਦਰਸ਼ਨ ਹੈ ਕਿ ਗਊ ਸੇਵਕ ਜੀਵ ਆਤਮਾ ਦੀ ਹੀ ਵਤਰਨੀ ਨਦੀ ਪਾਰ ਹੋਵੇਗੀ। ਸਾਡੇ ਸਾਰੇ ਪੂਜਾ ਪਾਠ, ਜਪ ਤਪ, ਯੱਗ ਦਾਨ ਨਿਸ਼ਫਲ ਹਨ, ਜੇ ਸਾਡੇ



ਬੋਲਣ, ਸੁਣਨ, ਦੇਖਣ ਦੀ ਸ਼ਕਤੀ ਹੋਣ ਤੋਂ ਬਾਅਦ ਅਤੇ ਸਾਡੇ ਸਮਰਥਵਾਨ ਹੋਣ ਤੋਂ ਬਾਅਦ ਵੀ ਇੱਕ ਵੀ ਗਊ ਮਾਤਾ ਜੀ ਨੰਦੀ ਮਹਾਂਰਾਜ ਜੀ ਸੜਕ ਤੇ ਹਨ।

ਦੁਰਗਾ ਅਸ਼ਟਮੀ ਦੇ ਪਰਮ ਪਾਵਨ ਮੌਕੇ ਤੇ ਅਨੀਤਾ ਸ਼ਰਮਾ ਜੀ ਅਤੇ ਗਊ ਸੇਵਕ ਪੰਡਿਤ ਅਵਨ ਪਰਾਸ਼ਰ ਜੀ ਮਹਾਂਰਾਜ ਜੀ ਵੱਲੋਂ ਸੰਗਤ ਨੂੰ ਪਹਿਲੀ ਰੋਟੀ ਗਊ ਮਾਤਾ ਜੀ ਨੂੰ ਪ੍ਰਧਾਨ ਕਰਨ ਦੀ ਪ੍ਰੇਰਨਾ ਦੇਣ ਵਾਲੀ ਸੰਸਥਾਂ ਦਾ ਹੈਂਡ ਬਿਲ ਰਿਲੀਜ਼ ਕੀਤਾ ਗਿਆ ਅਤੇ ਇਹ ਫ਼ੈਸਲਾ ਕੀਤਾ ਗਿਆ ਕਿ ਪਹਿਲੇ ਪੜਾਵ ਦੇ ਵਿੱਚ ਇੱਕ ਲੱਖ ਦੀ ਗਿਣਤੀ ਵਿੱਚ ਗਊ ਸੇਵਾ ਦਾ ਹੈਂਡ ਬਿਲ ਪਰਿਵਾਰਾਂ ਤੱਕ ਪਹੁੰਚਾ ਕੇ ਸੰਗਤ ਨੂੰ ਪਹਿਲੀ ਰੋਟੀ ਸੜਕ ਵਾਲੇ ਗਊ ਮਾਤਾ ਜੀ ਨੂੰ ਆਪਣੇ ਹੱਥੀ ਪ੍ਰਧਾਨ ਕਰਨ ਦੀ ਲਈ ਉਤਸਾਹਿਤ ਕੀਤਾ ਜਾਵੇਗਾ।

# ਪੀ ਆਰ ਟੀ ਸੀ ਵਲੋਂ ਰਾਸ਼ਟਰੀ ਸੇਫਟੀ ਦਿਵਸ਼ ਦੌਰਾਨ ਸੁਰੱਖਿਆ, ਬਚਾਅ, ਮਦਦ ਲਈ ਕਰਮਚਾਰੀਆਂ ਨੂੰ ਉਤਸ਼ਾਹਿਤ ਕੀਤਾ - ਇੰਸਪੈਕਟਰ ਜਸਪਾਲ ਸਿੰਘ।

Desi Punjab YouTube www.desipunjab.in

ਹਰਰੋਜ ਹਜ਼ਾਰਾਂ ਲੋਕਾਂ ਦੀਆਂ ਮੌਤਾਂ ਅਚਾਨਕ ਵਾਪਰਨ ਵਾਲੀਆਂ ਆਵਾਜਾਈ, ਘਰੈਲੂ ਅਤੇ ਵਿਉਪਾਰਕ ਦੁਰਘਟਨਾਵਾਂ, ਦਿਲ ਦੇ ਦੌਰੇ, ਕਾਰਡੀਅਕ ਅਰੈਸਟ, ਬੇਹੋਸ਼ੀ ਸਦਮੇਂ ਕਾਰਨ ਹੋ ਰਹੀਆਂ ਹਨ ਇਸ ਲਈ ਜ਼ਰੂਰੀ ਹੈ ਕਿ ਸਾਨੂੰ ਆਪਣੀ ਸੁਰੱਖਿਆ ਅਤੇ ਪੀੜਤਾਂ ਦੀ ਸਹਾਇਤਾ ਕਰਨ ਲਈ ਟ੍ਰੇਨਿੰਗਾਂ ਲੈਕੇ ਪੀੜਤਾਂ ਦੀ ਸਹਾਇਤਾ ਕਰਨ ਲਈ ਉਤਸ਼ਾਹਿਤ ਹੋਣਾ ਜ਼ਰੂਰੀ ਹੈ ਇਹ ਵਿਚਾਰ ਪੀ ਆਰ ਟੀ ਸੀ ਦੇ ਡਰਾਈਵਰ ਕੰਡਕਟਰ ਟ੍ਰੇਨਿੰਗ ਸਕੂਲ ਵਿਖੇ ਕਰਵਾਏ ਸੇਫਟੀ, ਹਾਦਸੇ ਘਟਾਉਣ, ਮੌਕੇ ਤੇ ਪੀੜਤਾਂ ਨੂੰ ਠੀਕ ਢੰਗ ਤਰੀਕਿਆਂ ਨਾਲ ਫਸਟ ਏਡ, ਸੀ ਪੀ ਆਰ, ਜ਼ਖਮੀਆਂ ਦੀ ਸੇਵਾ ਸੰਭਾਲ ਦੇ ਟਰੇਨਿੰਗ ਪ੍ਰੋਗਰਾਮ ਮਗਰੋਂ ਇੰਸਪੈਕਟਰ ਜਸਪਾਲ ਸਿੰਘ ਨੇ ਰਾਸ਼ਟਰੀ ਸੁਰੱਖਿਆ ਮਹੀਨੇ ਦੀ ਮਹੱਤਤਾ ਦਸਦੇ ਹੋਏ ਸ਼੍ਰੀ ਕਾਕਾ ਰਾਮ ਵਰਮਾ, ਸੇਵਾ ਮੁਕਤ ਟ੍ਰੇਨਿੰਗ ਸੁਪਰਵਾਈਜ਼ਰ ਰੈੱਡ ਕਰਾਸ ਸੁਸਾਇਟੀ ਅਤੇ ਪੰਜਾਬ ਪੁਲਿਸ ਆਵਾਜਾਈ ਸਿੱਖਿਆ ਸੈਲ ਦੇ ਏ ਐਸ ਆਈ ਰਾਮ ਸਰਨ ਦਾ ਧੰਨਵਾਦ ਕਰਦਿਆਂ, ਵੱਖ ਵੱਖ ਜ਼ਿਲ੍ਹਿਆਂ ਤੋਂ ਆਏ ਡਰਾਈਵਰਾਂ, ਕੰਡਕਟਰਾਂ ਅਤੇ ਟੈਕਨੀਕਲ ਸਟਾਫ਼ ਮੈਂਬਰਾਂ ਨੂੰ ਆਵਾਜਾਈ ਅਤੇ ਸੇਫਟੀ ਨਿਯਮਾਂ ਕਾਨੂੰਨਾਂ ਅਸੂਲਾਂ ਫਰਜ਼ਾਂ ਦੀ ਪਾਲਣਾ ਕਰਨ ਲਈ ਅਪੀਲ ਕੀਤੀ। ਸ਼੍ਰੀ ਕਾਕਾ ਰਾਮ ਵਰਮਾ ਵਲੋਂ ਫਸਟ ਏਡ, ਸੀ ਪੀ ਆਰ ਰਿਕਵਰੀ ਪੁਜੀਸ਼ਨ, ਵੈਟੀਲੈਟਰ ਬਣਾਉਟੀ ਸਾਹ ਕਿਰਿਆ, ਜ਼ਖਮੀਆਂ ਦੀ ਮੌਕੇ ਤੇ ਠੀਕ ਸੇਵਾ ਸੰਭਾਲ ਬਾਰੇ ਜਾਣਕਾਰੀ ਦਿੱਤੀ। ਪੰਜਾਬ ਪੁਲਿਸ ਆਵਾਜਾਈ ਸਿੱਖਿਆ ਸੈਲ ਦੇ ਏ ਐਸ ਆਈ ਰਾਮ ਸਰਨ ਨੇ ਆਵਾਜਾਈ ਨਿਯਮਾਂ, ਕਾਨੂੰਨਾਂ, ਅਸੂਲਾਂ ਫਰਜ਼ਾਂ ਅਤੇ ਹੈਲਪ ਲਾਈਨ ਨੰਬਰਾਂ ਦੀ ਜਾਣਕਾਰੀ ਦਿੱਤੀ। ਉਨ੍ਹਾਂ ਨੇ ਨਸ਼ਿਆਂ, ਅਪਰਾਧਾਂ, ਮਾੜੇ ਅਨਸਰਾਂ, ਲਾਲਚ, ਬੇਇਮਾਨੀ ਤੋਂ ਬਚਕੇ ਆਪਣੀ ਡਿਊਟੀ ਇਮਾਨਦਾਰੀ, ਵਫ਼ਾਦਾਰੀ, ਨਾਲ ਕਰਨ ਹਿੱਤ ਬੇਨਤੀ ਕੀਤੀ। ਟ੍ਰੇਨਿੰਗ ਲੈਣ ਵਾਲੇ ਕਰਮਚਾਰੀਆਂ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੀ ਜ਼ਿੰਦਗੀ ਬਚਾਉ, ਹਾਦਸੇ ਘਟਾਉਣ ਅਤੇ ਨਿਯਮਾਂ ਕਾਨੂੰਨਾਂ ਅਸੂਲਾਂ ਫਰਜ਼ਾਂ ਦੀ ਜਾਣਕਾਰੀ ਵਿਦਿਆਰਥੀਆਂ ਅਤੇ ਨੌਜਵਾਨਾਂ ਵੀ ਦਿੱਤੀਆਂ ਜਾਣ ਕਿਉਂਕਿ ਅਜ ਦੇ ਬੱਚਿਆਂ, ਨਾਬਾਲਗਾਂ, ਨੋਜਵਾਨਾਂ ਅਤੇ ਨਾਗਰਿਕਾਂ ਵਲੋਂ ਆਵਾਜਾਈ, ਸਿਹਤ, ਸੁਰੱਖਿਆ, ਬਚਾਉ ਮਦਦ ਦੇ ਨਿਯਮਾਂ ਕਾਨੂੰਨਾਂ ਦੀ ਪਾਲਣਾ ਨਹੀਂ ਕੀਤੀ ਜਾਂਦੀ ਪਰ ਹਾਦਸਿਆਂ ਮਗਰੋਂ, ਅਕਸਰ ਵੱਡੀਆਂ ਗੱਡੀਆਂ ਵਾਲਿਆਂ ਨੂੰ ਕਸੂਰਵਾਰ ਠਹਿਰਾਇਆ ਜਾਂਦਾ ਹੈ। ਸ਼੍ਰੀ ਰਾਮ ਸਰਨ ਨੇ ਦੱਸਿਆ ਕਿ ਸੀਨੀਅਰ ਅਧਿਕਾਰੀਆਂ ਦੇ ਹੁਕਮਾਂ ਅਨੁਸਾਰ ਸਿਖਿਆ ਸੰਸਥਾਵਾਂ ਅਤੇ ਦੂਜੇ ਅਦਾਰਿਆਂ ਵਿਖੇ ਵੀ ਇਹ ਮਹੱਤਵਪੂਰਨ ਜਾਣਕਾਰੀਆਂ ਲਗਾਤਾਰ ਦਿਤੀਆਂ ਜਾ ਰਹੀਆਂ ਹਨ। ਮਾਪਿਆਂ ਅਤੇ ਅਧਿਆਪਕਾਂ ਨੂੰ ਵੀ ਬੇਨਤੀਆਂ ਕੀਤੀਆਂ



# ਸ਼੍ਰੀ ਇੱਛਾਪੂਰਨ ਭੋਲੇਨਾਥ ਮੰਦਿਰ ਗ੍ਰੀਨ ਟਾਊਨ ਵਿਖੇ ਰਾਮ ਕਥਾ ਭਾਵਭੀਨੇ ਮਾਹੌਲ 'ਚ ਸੰਪੰਨ ਇਲਾਕੇ ਭਰ ਦੀਆਂ ਨਾਮੀ ਸਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਲਿਆ ਅਸ਼ੀਰਵਾਦ

Desi Punjab YouTube www.desipunjab.in

ਸਮਾਣਾ, 27 ਮਾਰਚ (ਹਰਜਿੰਦਰ ਸਿੰਘ) – ਗ੍ਰੀਨ ਟਾਊਨ ਵਿਖੇ ਸਥਿਤ ਸ਼੍ਰੀ ਇੱਛਾਪੂਰਨ ਭੋਲੇਨਾਥ ਮੰਦਿਰ ਦੀ ਚੌਥੀ ਵਰ੍ਹੇਗੰਢ ਅਤੇ ਪਵਿੱਤਰ ਰਾਮ ਨੌਮੀ ਦੇ ਸ਼ੁਭ ਅਵਸਰ 'ਤੇ ਇੱਕ ਵਿਸ਼ਾਲ ਅਤੇ ਧਾਰਮਿਕ ਰੂਹਾਨੀ ਸਮਾਗਮ ਸ਼ਾਨਦਾਰ ਢੰਗ ਨਾਲ ਆਯੋਜਿਤ ਕੀਤਾ ਗਿਆ। ਇਸ ਸਮਾਗਮ ਦੌਰਾਨ ਸ਼੍ਰੀ ਰਾਮ ਕਥਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਇਲਾਕੇ ਭਰ ਤੋਂ ਸੰਗਤਾਂ ਨੇ ਭਾਰੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਧਾਰਮਿਕ ਲਾਹਾ ਪ੍ਰਾਪਤ ਕੀਤਾ।

ਇਸ ਮੌਕੇ ਪ੍ਰਸਿੱਧ ਕਥਾ ਵਾਚਕ ਡਾ. ਸਵਾਮੀ ਰਾਮਤੀਰਥ ਜੀ ਮਹਾਰਾਜ ਨੇ ਆਪਣੇ ਰਸਭਰੇ ਅਤੇ ਪ੍ਰੇਰਣਾਦਾਇਕ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਉਨ੍ਹਾਂ ਨੇ ਮਰਯਾਦਾ ਪੁਰਸ਼ੋਤਮ ਸ਼੍ਰੀ ਰਾਮ ਜੀ ਦੀ ਜੀਵਨ ਗਾਥਾ ਦਾ ਵਿਸਥਾਰ ਨਾਲ ਵਰਣਨ ਕਰਦਿਆਂ ਦੱਸਿਆ ਕਿ ਸ਼੍ਰੀ ਰਾਮ ਜੀ ਦਾ ਜੀਵਨ ਸੱਚਾਈ, ਧਰਮ ਅਤੇ ਨੇਕੀ ਦਾ ਪ੍ਰਤੀਕ ਹੈ। ਉਨ੍ਹਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਅਸੀਂ ਆਪਣੇ ਜੀਵਨ ਵਿੱਚ ਵੀ ਸ਼੍ਰੀ ਰਾਮ ਦੇ ਆਦਰਸ਼ਾਂ ਨੂੰ ਅਪਣਾਕੇ ਸਮਾਜ ਵਿੱਚ ਭਲਾਈ ਦੇ ਰਸਤੇ 'ਤੇ ਚੱਲੀਏ।ਸਮਾਗਮ ਦੌਰਾਨ ਮੰਦਰ ਪ੍ਰੰਗਣ ਵਿੱਚ ਭਗਤੀਮਈ ਮਾਹੌਲ ਬਣਿਆ ਰਿਹਾ ਅਤੇ ਸੰਗਤਾਂ ਨੇ ਸ਼ਰਧਾ ਭਾਵ ਨਾਲ ਰਾਮ ਕਥਾ ਦਾ ਆਨੰਦ ਮਾਣਿਆ। ਇਸ ਮੌਕੇ ਹਾਜ਼ਰ ਸੰਗਤਾਂ ਨੇ ਭਜਨ-ਕੀਰਤਨ ਵਿੱਚ ਵੀ ਭਾਗ ਲਿਆ ਅਤੇ ਮੰਦਰ ਵਿੱਚ ਗੂੰਜਦੇ ਭਗਤੀ ਭਾਵ ਨੇ ਸਮੂਹ ਵਾਤਾਵਰਨ ਨੂੰ ਰੂਹਾਨੀ ਰੰਗ ਵਿੱਚ ਰੰਗ ਦਿੱਤਾ।

ਇਸ ਧਾਰਮਿਕ ਸਮਾਗਮ ਵਿੱਚ ਕਈ ਨਾਮੀ ਸਖ਼ਸ਼ੀਅਤਾਂ ਨੇ ਹਾਜ਼ਰੀ ਭਰੀ, ਜਿਨ੍ਹਾਂ ਵਿੱਚ ਸ਼੍ਰੀ ਅਮਿਤ ਸਿੰਗਲਾ, ਸ਼੍ਰੀ ਸੰਦੀਪ ਸਿੰਗਲਾ, ਮੈਡਮ ਗੁਰਸ਼ਰਨ ਕੌਰ ਰੰਧਾਵਾ, ਰਛਪਾਲ ਸਿੰਘ ਜੋੜਾਮਾਜਰਾ, ਕੌਂਸਲਰ ਦਰਸ਼ਨ ਮਿੱਤਲ, ਪ੍ਰਧਾਨ ਜੀਵਨ ਗਰਗ, ਪ੍ਰਿੰਸੀਪਲ ਮੋਹਨ ਲਾਲ ਸ਼ਰਮਾ, ਅਮਰਜੀਤ ਸਿੰਘ ਪੰਜਰਥ, ਕੌਂਸਲਰ ਟਿੰਕਾ ਗਾਜੇਵਾਸ ਅਤੇ ਸੰਜੀਵ ਗਰਗ ਆਦਿ ਪ੍ਰਮੁੱਖ ਤੌਰ 'ਤੇ ਸ਼ਾਮਲ ਸਨ। ਉਨ੍ਹਾਂ ਨੇ ਮੰਦਰ ਵਿੱਚ ਮੱਥਾ ਟੇਕ ਕੇ ਅਸ਼ੀਰਵਾਦ ਪ੍ਰਾਪਤ ਕੀਤਾ ਅਤੇ ਸਮਾਗਮ ਦੀ ਪ੍ਰਸ਼ੰਸਾ ਕੀਤੀ।

ਇਸ ਮੌਕੇ ਗ੍ਰੀਨ ਟਾਊਨ ਵੈਲਫੇਅਰ ਸੋਸਾਇਟੀ ਅਤੇ ਧਰਮਸ਼ਾਲਾ ਕਮੇਟੀ ਵੱਲੋਂ ਪ੍ਰਧਾਨ ਹਰਿੰਦਰ ਭਟੇਜਾ ਦੀ ਅਗਵਾਈ ਹੇਠ ਸਮਾਗਮ ਵਿੱਚ ਸ਼ਿਰਕਤ ਕਰਨ ਵਾਲੇ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਪ੍ਰਬੰਧਕਾਂ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਧਾਰਮਿਕ ਸਮਾਗਮ ਸੰਗਤਾਂ ਵਿੱਚ ਆਧਿਆਤਮਿਕ ਚੇਤਨਾ ਨੂੰ ਮਜ਼ਬੂਤ ਕਰਦੇ ਹਨ ਅਤੇ ਸਮਾਜ ਵਿੱਚ ਏਕਤਾ ਅਤੇ ਭਾਈਚਾਰੇ ਦੀ ਭਾਵਨਾ ਨੂੰ ਵਧਾਉਂਦੇ ਹਨ।

ਅੰਤ ਵਿੱਚ ਸਮੂਹ ਸੰਗਤਾਂ ਲਈ ਲੰਗਰ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ, ਜਿਸ ਵਿੱਚ ਹਾਜ਼ਰ ਸੰਗਤਾਂ ਨੇ ਪ੍ਰਸਾਦ ਵਜੋਂ ਲੰਗਰ ਛਕਿਆ। ਸਮਾਗਮ ਦੇ ਸਫਲ ਆਯੋਜਨ ਲਈ ਸੰਗਤਾਂ ਅਤੇ ਸਹਿਯੋਗੀਆਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਇਹ ਸਮਾਗਮ ਭਗਤੀ, ਸ਼ਰਧਾ ਅਤੇ ਸਮਾਜਿਕ ਏਕਤਾ ਦਾ ਸੁੰਦਰ ਪ੍ਰਤੀਕ ਬਣ ਕੇ ਯਾਦਗਾਰ ਰਹਿ ਗਿਆ।



# ਅੰਮ੍ਰਿਤਸਰ ਪੁਲਿਸ ਵੱਲੋਂ ਐਨ.ਡੀ.ਪੀ.ਐਸ ਐਕਟ ਦੇ 189 ਮੁਕੱਦਮਿਆਂ 'ਚ ਬ੍ਰਾਮਦ ਮਾਲ ਕੀਤਾ ਨਸ਼ਟ

Desi Punjab YouTube www.desipunjab.in

ਅੰਮ੍ਰਿਤਸਰ, 27 ਮਾਰਚ (ਰਣਜੀਤ ਸਿੰਘ ਮਸੌਣ/ਰਾਘਵ ਅਰੋੜਾ) ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਵਿੱਚ ਐਨ.ਡੀ.ਪੀ.ਐਸ ਐਕਟ ਅਧੀਨ ਦਰਜ਼ ਵੱਖ-ਵੱਖ ਮੁਕੱਦਮਿਆਂ ਵਿੱਚ ਬ੍ਰਾਮਦ ਮਾਲ ਨੂੰ ਨਸ਼ਟ ਕਰਨ ਲਈ ਨਿਯੁਕਤ ਡਰੱਗ ਡਿਸਪੋਜ਼ਲ ਕਮੇਟੀ, (ਚੇਅਰਮੈਨ), ਰਵਿੰਦਰ ਪਾਲ ਸਿੰਘ ਸੰਧੂ, ਪੀ.ਪੀ.ਐਸ, ਡੀ.ਸੀ.ਪੀ ਇੰਨਵੈਸਟੀਗੇਸ਼ਨ ਅੰਮ੍ਰਿਤਸਰ, ਜਗਬਿੰਦਰ ਸਿੰਘ, ਪੀ.ਪੀ.ਐਸ, ਏ.ਡੀ.ਸੀ.ਪੀ ਇਨਵੈਸਟੀਗੇਸ਼ਨ ਅੰਮ੍ਰਿਤਸਰ (ਮੈਂਬਰ) ਅਤੇ ਹਰਮਿੰਦਰ ਸਿੰਘ, ਪੀ.ਪੀ.ਐਸ, ਏ.ਸੀ.ਪੀ ਡਿਟੈਕਟਿਵ ਅੰਮ੍ਰਿਤਸਰ (ਮੈਂਬਰ) ਵੱਲੋਂ ਅੱਜ ਮਿਤੀ 27-02-2026 ਨੂੰ ਖੰਨਾ ਪੇਪਰ ਮਿੱਲ ਵਿੱਖੇ ਪੁੱਜ਼ ਕੇ ਆਪਣੀ ਦੇਖ-ਰੇਖ ਹੇਠ ਜਾਬਤੇ ਅਨੁਸਾਰ ਦਰਜ਼ ਐਨ.ਡੀ.ਪੀ.ਐਸ ਐਕਟ ਦੇ 189 ਮੁਕੱਦਮਿਆਂ ਵਿੱਚ ਬ੍ਰਾਮਦ ਮਾਲ ਨੂੰ ਬਾਇਲਰ ਵਿੱਚ ਪਾ ਕੇ ਨਸ਼ਟ ਕੀਤਾ ਗਿਆ। ਨਸ਼ਟ ਕੀਤੇ ਗਏ, ਮਾਲ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ:-

1. ਹੈਰੋਇੰਨ 1 ਕਿੱਲੋ 503 ਗ੍ਰਾਮ ।
2. ਨਸ਼ੀਲੇ ਕੈਪਸੂਲ 5400
3. ਨਸ਼ੀਲੀਆ ਗੋਲੀਆਂ 6590
4.ਸਮੈਕ 5. ਭੁਕੀ 780 ਗ੍ਰਾਮ
6. ਨਸ਼ੀਲਾ ਪਾਊਡਰ 9 ਕਿੱਲੋ 690 ਗ੍ਰਾਮ, 7.ਇੰਜੈਕਸ਼ਨ 14
8. ਚਰਸ 40 ਗ੍ਰਾਮ



# ਸਮਾਣਾ ਪੁਲਿਸ ਵੱਲੋਂ ਬਰਾਮਦ ਕੀਤੀਆਂ ਸੁੰਨਸਾਨ ਥਾਂ ਤੋਂ ਦੋ ਨੌਜਵਾਨਾਂ ਦੀਆਂ ਲਾਸ਼ਾਂ ਦੋਸਤਾਂ ਦੀ ਰਹੱਸਮਈ ਮੌਤ: ਇਕ ਦੇ ਸਰੀਰ 'ਤੇ ਸੱਟਾਂ ਦੇ ਨਿਸ਼ਾਨ, ਪਰਿਵਾਰ ਵੱਲੋਂ ਜਾਂਚ ਦੀ ਮੰਗ

Desi Punjab YouTube www.desipunjab.in

ਸਮਾਣਾ, 27 ਮਾਰਚ (ਦੀਵਾਨ ਥਰੇਜਾ)ਸਮਾਣਾ ਦੇ ਸਰਕਾਰੀ ਸਕੂਲ (ਲੜਕੇ) ਦੇ ਨੇੜੇ ਗੰਦੇ ਨਾਲੇ ਕੋਲ ਦੋ ਨੌਜਵਾਨਾਂ ਦੀਆਂ ਲਾਸ਼ਾਂ ਮਿਲੀਆਂ ਹਨ। ਥਾਣਾ ਸਿਟੀ ਸਮਾਣਾ ਪੁਲਿਸ ਨੂੰ ਜਦੋਂ ਇਸ ਬਾਰੇ ਸੂਚਨਾ ਮਿਲੀ ਤਾਂ ਥਾਣਾ ਇੰਚਾਰਜ ਬਲਜੀਤ ਸਿੰਘ ਅਤੇ ਪੁਲਿਸ ਅਧਿਕਾਰੀ ਪੂਰਨ ਸਿੰਘ ਆਪਣੀ ਟੀਮ ਸਮੇਤ ਮੌਕੇ 'ਤੇ ਪਹੁੰਚ ਗਏ। ਪੁਲਿਸ ਟੀਮ ਨੇ ਸਭ ਤੋਂ ਪਹਿਲਾਂ ਮੌਕੇ ਦਾ ਜਾਇਜ਼ਾ ਲਿਆ। ਇਸ ਤੋਂ ਬਾਅਦ ਦੋਹਾਂ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਸਮਾਣਾ ਦੇ ਸਿਵਲ ਹਸਪਤਾਲ ਵਿੱਚ ਪੋਸਟਮਾਰਟਮ ਲਈ ਰੱਖ ਦਿੱਤਾ ਗਿਆ।

ਮੌਕੇ 'ਤੇ ਦੋਹਾਂ ਨੌਜਵਾਨਾਂ ਦੀ ਪਹਿਚਾਣ ਨਹੀਂ ਹੋ ਸਕੀ ਸੀ, ਪਰ ਕੁਝ ਸਮੇਂ ਬਾਅਦ ਦੋਹਾਂ ਦੀ ਪਹਿਚਾਣ ਹੋ ਗਈ। ਦੋਵੇਂ ਨੌਜਵਾਨ ਪੱਕੇ ਦੋਸਤ ਸਨ ਅਤੇ ਕੰਮਬਾਈਨ 'ਤੇ ਕੰਮ ਕਰਨ ਲਈ ਪੰਜਾਬ ਤੋਂ ਬਾਹਰ ਵੀ ਜਾਂਦੇ ਸਨ। ਇਨ੍ਹਾਂ ਵਿੱਚੋਂ ਇੱਕ ਨੌਜਵਾਨ ਸਮਾਣਾ ਨੇੜਲੇ ਪਿੰਡ ਕੁਲਾਰਾਂ ਦਾ ਵਾਸੀ ਸੀ ਅਤੇ ਦੂਜਾ ਪਿੰਡ ਅਰਾਈ ਮਾਜਰਾ ਦਾ ਰਹਿਣ ਵਾਲਾ ਸੀ।

ਮ੍ਰਿਤਕ ਕਰਣਦੀਪ ਸਿੰਘ (26) ਵਾਸੀ ਪਿੰਡ ਅਨਰਾਈ ਮਾਜਰਾ ਬਾਰੇ ਉਸ ਦੀ ਭੈਣ ਗੁਰਪ੍ਰੀਤ ਕੌਰ ਨੇ ਦੱਸਿਆ ਕਿ ਕਰਣਦੀਪ ਉਸਦਾ ਇਕਲੌਤਾ ਭਰਾ ਸੀ ਅਤੇ ਕੰਮਬਾਈਨ 'ਤੇ ਕੰਮ ਕਰਦਾ ਸੀ। ਉਹ ਵੀਰਵਾਰ ਨੂੰ ਆਪਣੇ ਘਰ ਵਾਪਸ ਆ ਰਿਹਾ ਸੀ, ਪਰ ਰਾਹ ਵਿੱਚ ਉਸਦਾ ਦੋਸਤ ਹਰਸ਼ਵਿੰਦਰ ਸਿੰਘ (26) ਵਾਸੀ ਪਿੰਡ ਕੁਲਾਰਾਂ ਮਿਲ ਗਿਆ। ਦੋਵੇਂ ਘਰ ਨਹੀਂ ਪਹੁੰਚੇ। ਸਾਨੂੰ ਇਸ ਘਟਨਾ ਬਾਰੇ ਅੱਜ ਦੁਪਹਿਰ ਨੂੰ ਪਤਾ ਲੱਗਿਆ।

ਉਸਨੇ ਦੱਸਿਆ ਕਿ ਜਦੋਂ ਅਸੀਂ ਸਿਵਲ ਹਸਪਤਾਲ ਸਮਾਣਾ ਪਹੁੰਚੇ ਤਾਂ ਕਰਣਦੀਪ ਸਿੰਘ ਦੀ ਲਾਸ਼ ਮੋਰਚਰੀ ਵਿੱਚ ਪਈ ਸੀ। ਗੁਰਪ੍ਰੀਤ ਕੌਰ ਨੇ ਇਹ ਵੀ ਕਿਹਾ ਕਿ ਉਸਦਾ ਭਰਾ ਪਹਿਲਾਂ ਨਸ਼ਾ ਕਰਨ ਦਾ ਆਦੀ ਸੀ ਅਤੇ ਉਸਦਾ ਇਲਾਜ ਨਸ਼ਾ ਛੁਡਾਊ ਕੇਂਦਰ ਵਿੱਚ ਵੀ ਕਰਵਾਇਆ ਗਿਆ ਸੀ। ਲਗਭਗ ਡੇਢ ਮਹੀਨਾ ਕੰਮ ਕਰਨ ਤੋਂ ਬਾਅਦ ਉਹ ਘਰ ਵਾਪਸ ਆ ਰਿਹਾ ਸੀ, ਪਰ ਘਰ ਨਹੀਂ ਪਹੁੰਚਿਆ।

ਉਸਨੇ ਇਹ ਵੀ ਦੱਸਿਆ ਕਿ ਉਸਦੇ ਭਰਾ ਦੇ ਮੂੰਹ 'ਤੇ ਖੂਨ ਦੇ ਨਿਸ਼ਾਨ ਸਨ ਅਤੇ ਅੱਖ 'ਤੇ ਵੀ ਚੋਟ ਸੀ। ਜੇਕਰ ਮੌਤ ਨਸ਼ੇ ਨਾਲ ਹੋਈ ਹੈ ਤਾਂ ਮੂੰਹ 'ਤੇ ਖੂਨ ਦੇ ਨਿਸ਼ਾਨ ਕਿਵੇਂ ਆਏ? ਇਸ ਕਰਕੇ ਪਰਿਵਾਰ ਸ਼ੱਕ ਵਿੱਚ ਹੈ ਕਿ ਮੌਤ ਨਸ਼ੇ ਨਾਲ ਹੋਈ ਜਾਂ ਕਿਸੇ ਨੇ ਮਾਰਪਿੱਟ ਕੀਤੀ ਹੈ।

ਖ਼ਬਰ ਲਿਖੇ ਜਾਣ ਤੱਕ ਦੋਹਾਂ ਨੌਜਵਾਨਾਂ ਦਾ ਪੋਸਟਮਾਰਟਮ ਨਹੀਂ ਹੋ ਸਕਿਆ ਸੀ ਕਿਉਂਕਿ ਦੂਜੇ ਮ੍ਰਿਤਕ ਹਰਸ਼ਵਿੰਦਰ ਸਿੰਘ ਦੇ ਪਰਿਵਾਰ ਦਾ ਕੋਈ ਮੈਂਬਰ ਹਸਪਤਾਲ ਨਹੀਂ ਪਹੁੰਚਿਆ ਸੀ। ਸਮਾਣਾ ਸਿਟੀ ਪੁਲਿਸ ਇਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰ ਰਹੀ ਹੈ।



# ਬਲਾਚੌਰ ਨੂੰ ਮਾਡਲ ਹਲਕਾ ਬਣਾਉਣ ਲਈ 'ਆਪ' ਸਰਕਾਰ ਵਚਨਬੱਧ: ਵਿਧਾਇਕਾ ਸੰਤੋਸ਼ ਕਟਾਰੀਆ*

## ਪਿੰਡ ਜੰਡੀ ਵਿਖੇ 8.47 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਈਆਂ ਗਲੀਆਂ-ਨਾਲੀਆਂ ਦਾ ਉਦਘਾਟਨ ਕੀਤਾ*

Desi Punjab YouTube www.desipunjab.in

ਨਵਾਂਸ਼ਹਿਰ /ਕਾਠਗੜ੍ਹ , 27 ਮਾਰਚ (ਜਤਿੰਦਰ ਪਾਲ ਸਿੰਘ ਕਲੇਰ )ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਦੇ ਪਿੰਡਾਂ ਦੀ ਨੁਹਾਰ ਬਦਲਣ ਦੇ ਮਕਸਦ ਨਾਲ ਚਲਾਈ ਗਈ ਵਿਕਾਸ ਕਾਰਜਾਂ ਦੀ ਲੜੀ ਤਹਿਤ, ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਨੇ ਅੱਜ ਬਲਾਚੌਰ ਦੇ ਪਿੰਡ ਜੰਡੀ ਵਿਖੇ 8.47 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਈਆਂ ਗਲੀਆਂ-ਨਾਲੀਆਂ ਦਾ ਉਦਘਾਟਨ ਕੀਤਾ । ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕਾ ਨੇ ਕਿਹਾ ਕਿ ਇਨ੍ਹਾਂ ਪਿੰਡਾਂ ਵਿੱਚ ਲੰਬੇ ਸਮੇਂ ਤੋਂ ਮਾੜੇ ਰਸਤਿਆਂ ਅਤੇ ਗੰਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਲੋਕਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਹੁਣ ਇਨ੍ਹਾਂ ਪ੍ਰੋਜੈਕਟਾਂ ਦੇ ਮੁਕੰਮਲ ਹੋਣ ਨਾਲ ਪਿੰਡ ਵਾਸੀਆਂ ਨੂੰ ਇਹਨਾਂ ਮੁਸ਼ਕਿਲਾਂ ਤੋਂ ਹਮੇਸ਼ਾ ਲਈ ਨਿਜਾਤ ਮਿਲੇਗੀ।ਸੰਤੋਸ਼ ਕਟਾਰੀਆ ਨੇ ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਕਿਹਾ, "ਸਾਡੀ ਸਰਕਾਰ ਦਾ ਇੱਕੋ-ਇੱਕ ਟੀਚਾ ਹਰ ਨਾਗਰਿਕ ਨੂੰ ਬੁਨਿਆਦੀ ਸਹੂਲਤਾਂ ਅਤੇ ਸਾਫ਼-ਸੁਥਰਾ ਵਾਤਾਵਰਣ ਮੁਹੱਈਆ ਕਰਵਾਉਣਾ ਹੈ। ਬਲਾਚੌਰ ਹਲਕੇ ਵਿੱਚ ਵਿਕਾਸ ਕਾਰਜ ਨਿਰੰਤਰ ਜਾਰੀ ਰਹਿਣਗੇ ਤਾਂ ਜੋ ਇਸ ਨੂੰ ਇੱਕ ਮਾਡਲ ਹਲਕੇ ਵਜੋਂ ਵਿਕਸਤ ਕੀਤਾ ਜਾ ਸਕੇ।"ਇਸ ਉਦਘਾਟਨੀ ਸਮਾਰੋਹ ਦੌਰਾਨ 'ਆਪ' ਦੇ ਸਥਾਨਕ ਆਗੂਆਂ ਅਤੇ ਪਿੰਡਾਂ ਦੇ ਮੋਹਤਬਰ ਵਿਅਕਤੀਆਂ ਨੇ ਵਿਧਾਇਕਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੌਜੂਦਾ ਸਰਕਾਰ ਆਮ ਲੋਕਾਂ ਦੀਆਂ ਲੋੜਾਂ ਨੂੰ ਪਹਿਲ ਦੇ ਅਧਾਰ 'ਤੇ ਪੂਰਾ ਕਰ ਰਹੀ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਪਾਰਟੀ ਵਰਕਰ ਹਾਜ਼ਰ ਸਨ।



# ਗੁਜਰਾਂਵਾਲਾ ਗੁਰੂ ਨਾਨਕ ਖਾਲਸਾ ਕਾਲਜ ਵੱਲੋਂ ਯੂ.ਕੇ ਵਾਸੀ ਡਾਕਟਰ ਮਹਿੰਦਰ ਸਿੰਘ ਰਾਏ ਦੀ ਪੁਸਤਕ ਲੋਕ ਅਰਪਿਤ।

Desi Punjab YouTube www.desipunjab.in

ਲੁਧਿਆਣਾ 27 ਮਾਰਚ (ਕਰਨੈਲ ਸਿੰਘ ਐੱਮ.ਏ.) ਗੁਜਰਾਂਵਾਲਾ ਗੁਰੂ ਨਾਨਕ ਖਾਲਸਾ ਕਾਲਜ, ਲੁਧਿਆਣਾ ਦੇ ਸੈਂਟਰ ਫਾਰ ਪੰਜਾਬ ਸਟੱਡੀਜ਼ ਵੱਲੋਂ, ਗੁਜਰਾਂਵਾਲਾ ਖਾਲਸਾ ਐਜੂਕੇਸ਼ਨਲ ਕੌਂਸਲ ਦੇ ਸਹਿਯੋਗ ਨਾਲ ਡਾ: ਮੋਹਿੰਦਰ ਸਿੰਘ ਰਾਏ ਦੁਆਰਾ ਲਿਖੀ ਗਈ ਵਿਦਵਤਾਪੂਰਨ ਕਿਤਾਬ "ਮਹਾਰਾਜਾ ਰਣਜੀਤ ਸਿੰਘ: ਸਿੱਖ ਸਾਮਰਾਜ ਦੇ ਆਰਕੀਟੈਕਟ ਦਾ ਇਤਿਹਾਸ" ਦੇ ਲੋਕ ਅਰਪਨ ਅਤੇ ਵਿਚਾਰ-ਚਰਚਾ ਦਾ ਆਯੋਜਨ ਕੀਤਾ ਗਿਆ।ਸਮਾਗਮ ਦਾ ਆਰੰਭ ਡਾ: ਐਸ.ਪੀ.ਸਿੰਘ, ਸਾਬਕਾ ਵਾਈਸ ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਅਤੇ ਗੁਜਰਾਂਵਾਲਾ ਖਾਲਸਾ ਐਜੂਕੇਸ਼ਨਲ ਕੌਂਸਲ ਦੇ ਪ੍ਰਧਾਨ ਵੱਲੋਂ ਸੁਆਗਤੀ ਭਾਸ਼ਣ ਨਾਲ ਹੋਇਆ । ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਇਤਿਹਾਸ ਨੂੰ ਪ੍ਰਮਾਣਿਕਤਾ ਅਤੇ ਗਹਿਰੇ ਵਿਸ਼ਲੇਸ਼ਣ ਨਾਲ ਪੇਸ਼ ਕਰਨ ਵਾਲੀਆਂ ਖੋਜ-ਅਧਾਰਿਤ ਰਚਨਾਵਾਂ ਦੀ ਲੋੜ ਉੱਤੇ ਜ਼ੋਰ ਦਿੱਤਾ।

ਪ੍ਰੋ. ਸ਼ਰਨਜੀਤ ਕੌਰ, ਮੁਖੀ, ਪੋਸਟਗ੍ਰੈਜੂਏਟ ਪੰਜਾਬੀ ਵਿਭਾਗ ਨੇ ਲੇਖਕ ਦੀ ਜਾਣ ਪਛਾਣ ਕਰਾਉਂਦਿਆਂ ਉਨ੍ਹਾਂ ਦੀ ਸਾਹਿਤਕ ਯਾਤਰਾ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਡਾ: ਰਾਇ, ਜੋ ਕਿ 1977 ਤੋਂ ਯੂ.ਕੇ ਵਾਸੀ ਹਨ, ਕਈ ਮਹੱਤਵਪੂਰਨ ਰਚਨਾਵਾਂ ਦੇ ਲੇਖਕ ਹਨ ਅਤੇ ਇੱਕ ਪ੍ਰਸਿੱਧ ਪਰਵਾਸੀ ਲੇਖਕ ਵਜੋਂ ਆਪਣੀ ਪਹਿਚਾਣ ਬਣਾ ਚੁੱਕੇ ਹਨ। ਇਸ ਤੋਂ ਬਾਅਦ ਪ੍ਰਧਾਨਗੀ ਮੰਡਲ ਵੱਲੋਂ ਪੁਸਤਕ ਲੋਕ ਅਰਪਿਤ ਕੀਤੀ ਗਈ। ਸ੍ਰ: ਅਨੁਰਾਗ ਸਿੰਘ ਨੇ ਕਿਤਾਬ ਦੀ ਵਿਲੱਖਣਤਾ ਬਾਰੇ ਚਰਚਾ ਕਰਦੇ ਹੋਏ ਕਿਹਾ ਕਿ ਇਹ ਕਿਤਾਬ ਆਮ ਕਿਤਾਬਾਂ ਤੋਂ ਵੱਖਰੀ ਹੈ ਕਿਉਂਕਿ ਇਹ ਪੂਰੀ ਤਰ੍ਹਾਂ ਗੰਭੀਰ ਖੋਜ ਅਤੇ ਆਲੋਚਨਾਤਮਕ ਵਿਸ਼ਲੇਸ਼ਣ 'ਤੇ ਅਧਾਰਿਤ ਹੈ। ਉਨ੍ਹਾਂ ਨੇ ਕਿਹਾ ਕਿ ਲੇਖਕ ਸਿਰਫ਼ ਇਤਿਹਾਸਕ ਤੱਥ ਨਹੀਂ ਪੇਸ਼ ਕਰਦਾ, ਸਗੋਂ ਉਨ੍ਹਾਂ ਦੀ ਪ੍ਰਮਾਣਿਕ ਸਰੋਤਾਂ ਰਾਹੀਂ ਜਾਂਚ ਵੀ ਕਰਦਾ ਹੈ, ਜਿਸ ਨਾਲ ਕੇਵਲ ਪੱਕੇ ਸਬੂਤਾਂ ਵਾਲੀਆਂ ਜਾਣਕਾਰੀਆਂ ਹੀ ਸ਼ਾਮਲ ਕੀਤੀਆਂ ਗਈਆਂ ਹਨ ਅਤੇ ਅਪ੍ਰਮਾਣਿਤ ਕਹਾਣੀਆਂ ਤੋਂ ਬਚਿਆ ਗਿਆ ਹੈ। ਉਨ੍ਹਾਂ ਨੇ ਕਿਤਾਬ ਨੂੰ ਮਹਾਰਾਜਾ ਰਣਜੀਤ ਸਿੰਘ ਦੀ ਜ਼ਿੰਦਗੀ ਅਤੇ ਵਿਰਾਸਤ 'ਤੇ ਇੱਕ ਨਵੀਂ ਅਤੇ ਵਿਸ਼ਲੇਸ਼ਣਾਤਮਕ ਦ੍ਰਿਸ਼ਟੀ ਪੇਸ਼ ਕਰਨ ਲਈ ਸਰਾਹਿਆ ।ਆਪਣੀ ਸਿਰਜਣਾ ਬਾਰੇ ਗੱਲ ਕਰਦਿਆਂ ਡਾ: ਮੋਹਿੰਦਰ ਸਿੰਘ ਰਾਏ ਨੇ ਕਿਤਾਬ ਦੇ ਪਿੱਛੇ ਕੀਤੀ ਗਈ ਮਿਹਨਤ ਬਾਰੇ ਦੱਸਿਆ ਅਤੇ ਖੁਲਾਸਾ ਕੀਤਾ ਕਿ ਇਸ ਰਚਨਾ ਨੂੰ ਪੂਰਾ ਕਰਨ ਲਈ ਉਨ੍ਹਾਂ ਨੂੰ ਲਗਭਗ ਛੇ ਸਾਲਾਂ ਦੀ ਵਿਸਤ੍ਰਿਤ ਪੜ੍ਹਾਈ, ਖੋਜ ਅਤੇ ਵਿਸ਼ਲੇਸ਼ਣ ਕਰਨਾ ਪਿਆ। ਉਨ੍ਹਾਂ ਨੇ ਆਪਣੇ ਲਿਖਣ ਦੇ ਪ੍ਰਕਿਰਿਆ ਨੂੰ ਪ੍ਰਭਾਵਿਤ ਕਰਨ ਵਾਲੀਆਂ ਚੁਣੌਤੀਆਂ ਅਤੇ ਪ੍ਰੇਰਨਾਵਾਂ ਬਾਰੇ ਵੀ ਚਰਚਾ ਕੀਤੀ।

ਪ੍ਰਸਿੱਧ ਕਵੀ ਪ੍ਰੋ: ਗੁਰਭਜਨ ਸਿੰਘ ਗਿੱਲ, ਜੋ ਸਮਾਰੋਹ ਦੇ ਵਿਸ਼ੇਸ਼ ਮਹਿਮਾਨ ਸਨ, ਨੇ ਲੇਖਕ ਨੂੰ ਵਧਾਈ ਦਿੱਤੀ ਅਤੇ ਕਿਤਾਬ ਨੂੰ ਮਹਾਰਾਜਾ ਰਣਜੀਤ ਸਿੰਘ ਦੇ ਇਤਿਹਾਸ ਬਾਰੇ ਇੱਕ ਮਹੱਤਵਪੂਰਨ ਅਤੇ ਕੀਮਤੀ ਦਸਤਾਵੇਜ਼ ਕਰਾਰ ਦਿੱਤਾ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਸ ਤਰ੍ਹਾਂ ਦੀਆਂ ਰਚਨਾਵਾਂ ਪੰਜਾਬ ਦੀ ਇਤਿਹਾਸਕ ਅਤੇ ਸੱਭਿਆਚਾਰਕ ਵਿਰਾਸਤ ਨੂੰ ਹੋਰ ਡੂੰਘਾਈ ਨਾਲ ਸਮਝਣ ਵਿੱਚ ਸਹਾਇਕ ਹੁੰਦੀਆਂ ਹਨ। ਸਮਾਰੋਹ ਦਾ ਸਮਾਪਨ ਕਾਲਜ ਪ੍ਰਿੰਸੀਪਲ ਪ੍ਰੋ: ਰਾਜਿੰਦਰ ਕੌਰ ਮਲਹੋਤਰਾ ਵੱਲੋਂ ਧੰਨਵਾਦੀ ਭਾਸ਼ਣ ਨਾਲ ਕੀਤਾ ਗਿਆ। ਸਮਾਗਮ ਦਾ ਸੰਚਾਲਨ ਡਾ: ਮਨਦੀਪ ਕੌਰ ਰੰਧਾਵਾ, ਕੋਆਰਡੀਨੇਟਰ, ਸੈਂਟਰ ਫਾਰ ਪੰਜਾਬ ਸਟੱਡੀਜ਼ ਵੱਲੋਂ ਸੁਚੱਜੇ ਢੰਗ ਨਾਲ ਕੀਤਾ ਗਿਆ।

ਇਸ ਮੌਕੇ 'ਤੇ ਕੌਂਸਲ ਦੇ ਮਾਣਯੋਗ ਜਨਰਲ ਸਕੱਤਰ ਸ੍ਰ: ਹਰਸ਼ਰਨ ਸਿੰਘ ਨਰੂਲਾ, ਸ੍ਰ: ਹਰਦੀਪ ਸਿੰਘ, ਸ੍ਰ: ਕੁਲਜੀਤ ਸਿੰਘ, ਪ੍ਰੋਫੈਸਰ ਮਨਜੀਤ ਸਿੰਘ ਛਾਬੜਾ, ਪੰਜਾਬੀ ਸਾਹਿਤ ਅਕਾਦਮੀ ਦੇ ਜਨਰਲ ਸਕੱਤਰ ਗੁਲਜ਼ਾਰ ਪੰਧੇਰ ਅਤੇ ਮੈਂਬਰ ਹਰੀ ਸਿੰਘ ਜਾਚਕ ਸਮੇਤ ਕਾਲਜ ਦੇ ਅਧਿਆਪਕ ਅਤੇ ਵਿਦਿਆਰਥੀ ਵੀ ਮੌਜੂਦ ਸਨ।




# ਮੋਦੀ ਸਰਕਾਰ ਵੱਲੋਂ ਸਮੇਂ ਸਿਰ ਆਬਕਾਰੀ ਡਿਊਟੀ ਘਟਾਉਣ ਨਾਲ ਵਿਸ਼ਵ ਵਿਆਪੀ ਅਨਿਸ਼ਚਿਤਤਾ ਦੇ ਵਿਚਕਾਰ ਮਿਲੀ ਰਾਹਤ- ਬੱਲ ਮਲਕੀਤ ਸਿੰਘ

ਰਣਜੀਤ ਸਿੰਘ ਮਸੌਣਅੰਮ੍ਰਿਤਸਰ, 27 ਮਾਰਚ-ਪੈਟਰੋਲ 'ਤੇ ਆਬਕਾਰੀ ਡਿਊਟੀ ਘਟਾਉਣ ਅਤੇ ਡੀਜ਼ਲ 'ਤੇ ਆਬਕਾਰੀ ਡਿਊਟੀ ਨੂੰ ਪੂਰੀ ਤਰ੍ਹਾਂ ਹਟਾਉਣ ਦੇ ਸਰਕਾਰ ਦੇ ਫ਼ੈਸਲੇ ਦਾ ਵਿਆਪਕ ਤੌਰ 'ਤੇ ਸਵਾਗਤ ਕੀਤਾ ਗਿਆ ਹੈ, ਜੋ ਮੌਜ਼ੂਦਾ ਚੁਣੌਤੀਪੂਰਨ ਵਿਸ਼ਵਵਿਆਪੀ ਵਾਤਾਵਰਣ ਵਿੱਚ ਇੱਕ ਸਮੇਂ ਸਿਰ ਅਤੇ ਵਿਹਾਰਕ ਕਦਮ ਹੈ। ਇਸ ਸਬੰਧੀ ਆਲ ਇੰਡੀਆ ਮੋਟਰ ਟ੍ਰਾਂਸਪੋਰਟ ਕਾਂਗਰਸ ਦੇ ਸਲਾਹਕਾਰ/ਸਾਬਕਾ ਪ੍ਰਧਾਨ ਅਤੇ ਮਹਾਂਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੇ ਚੇਅਰਮੈਨ ਬੱਲ ਮਲਕੀਤ ਸਿੰਘ ਨੇ ਮੋਦੀ ਸਰਕਾਰ ਦੇ ਇਸ ਫ਼ੈਸਲੇ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਪੈਟਰੋਲ 'ਤੇ ਐਕਸਾਈਜ਼ ਡਿਊਟੀ ਘਟਾਉਣ ਅਤੇ ਡੀਜ਼ਲ 'ਤੇ ਇਸਨੂੰ ਖ਼ਤਮ ਕਰਨ ਦਾ ਸਰਕਾਰ ਦਾ ਫ਼ੈਸਲਾ ਇੱਕ ਸ਼ਲਾਘਾਯੋਗ ਅਤੇ ਅਗਾਂਹਵਧੂ ਕਦਮ ਹੈ। ਅਜਿਹੇ ਸਮੇਂ ਜਦੋਂ ਵਿਸ਼ਵ ਭੂ-ਰਾਜਨੀਤਿਕ ਤਣਾਅ ਅਤੇ ਵਧਦੀਆਂ ਕੱਚੇ ਤੇਲ ਦੀਆਂ ਕੀਮਤਾਂ ਆਰਥਿਕ ਸਥਿਰਤਾ ਲਈ ਜੋਖ਼ਮ ਪੈਦਾ ਕਰਦੀਆਂ ਹਨ, ਇਹ ਕਦਮ ਆਮ ਆਦਮੀ ਅਤੇ ਟ੍ਰਾਂਸਪੋਰਟ ਖੇਤਰ ਪ੍ਰਤੀ ਸੰਵੇਦਨਸ਼ੀਲਤਾ ਨੂੰ ਦਰਸਾਉਂਦਾ ਹੈ। ਹਾਲਾਂਕਿ ਐਕਸਾਈਜ਼ ਡਿਊਟੀ ਇੱਕ ਮੁੱਖ ਮਾਲੀਆ ਸਰੋਤ ਹੈ ਅਤੇ ਸਿੱਧੇ ਤੌਰ 'ਤੇ ਪੰਪ ਕੀਮਤਾਂ ਨੂੰ ਨਹੀਂ ਘਟਾ ਸਕਦੇ, ਪਰ ਸਰਕਾਰੀ ਪੱਧਰ 'ਤੇ ਦਬਾਅ ਨੂੰ ਜਜ਼ਬ ਕਰਨ ਦਾ ਇਰਾਦਾ ਬਹੁਤ ਸ਼ਲਾਘਾਯੋਗ ਹੈ।

ਉਨ੍ਹਾ ਅੱਗੇ ਗੱਲ ਕਰਦੇ ਹੋਏ ਕਿਹਾ ਕਿ ਪੈਟਰੋਲ ਅਤੇ ਡੀਜ਼ਲ ਦੇ ਹਰ ਲੀਟਰ 'ਤੇ ਆਬਕਾਰੀ ਡਿਊਟੀ ਸਰਕਾਰੀ ਮਾਲੀਏ ਦਾ ਇੱਕ ਮਹੱਤਵਪੂਰਨ ਹਿੱਸਾ ਹੈ। ਇਸ ਦੇ ਬਾਵਜ਼ੂਦ, ਸਰਕਾਰ ਨੇ ਡਿਊਟੀਆਂ ਨੂੰ ਤਰਕਸੰਗਤ ਬਣਾਉਣ ਦੀ ਚੋਣ ਕੀਤੀ ਹੈ, ਜੋ ਕਿ ਆਰਥਿਕਤਾ ਅਤੇ ਆਮ ਆਦਮੀ ਦੇ ਵੱਡੇ ਹਿੱਤਾਂ ਨਾਲ ਵਿੱਤੀ ਵਿਚਾਰਾਂ ਨੂੰ ਸੰਤੁਲਿਤ ਕਰਨ ਦੀ ਆਪਣੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਪ੍ਰਚਲਿਤ ਭੂ-ਰਾਜਨੀਤਿਕ ਸਥਿਤੀ ਅਤੇ ਕੱਚੇ ਤੇਲ ਦੀਆਂ ਵਧੀਆਂ ਕੀਮਤਾਂ ਨੇ ਵਿਸ਼ਵ ਬਜ਼ਾਰਾਂ ਵਿੱਚ ਅਨਿਸ਼ਚਿਤਤਾ ਪੈਦਾ ਕਰ ਦਿੱਤੀ ਹੈ। ਬਾਲਣ ਦੀਆਂ ਕੀਮਤਾਂ ਵਿੱਚ ਕਿਸੇ ਵੀ ਵਾਧੇ ਦਾ ਆਵਾਜਾਈ ਲਾਗਤਾਂ, ਸਪਲਾਈ ਚੇਨਾਂ ਅਤੇ ਅੰਤ ਵਿੱਚ ਆਮ ਨਾਗਰਿਕ 'ਤੇ ਭਾਰੀ ਪ੍ਰਭਾਵ ਪੈਂਦਾ। ਉਨ੍ਹਾ ਸਰਕਾਰ ਦੇ ਇਸ ਕਦਮ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਸਰਕਾਰ ਵੱਲੋਂ ਲਿਆ ਗਿਆ ਇਹ ਫ਼ੈਸਲਾ ਸਪੱਸ਼ਟ ਤੌਰ 'ਤੇ ਵਿਸ਼ਵਵਿਆਪੀ ਅਸਥਿਰਤਾ ਦੇ ਪ੍ਰਭਾਵ ਨੂੰ ਘਟਾਉਣ ਲਈ ਇੱਕ ਸਰਗਰਮ ਸੰਕੇਤਕ ਯਤਨ ਹੈ।



# ਪਿੰਡ ਪਨਿਆਲੀ ਕਲਾਂ ਵਿਖੇ ਜਥੇਦਾਰ ਖਾਲਸਾ ਨੂੰ ਸ਼੍ਰੋਮਣੀ ਕਮੇਟੀ ਦਾ ਬੁਲਾਰਾ ਨਿਯੁਕਤ ਕਰਨ ਕੀਤਾ ਸਨਮਾਨਿਤ



ਨਵਾਂਸ਼ਹਿਰ /ਕਾਠਗੜ੍ਹ 27 ਮਾਰਚ (ਜਤਿੰਦਰ ਪਾਲ ਸਿੰਘ ਕਲੇਰ ) ਜਥੇਦਾਰ ਗੁਰਬਖਸ਼ ਸਿੰਘ ਖਾਲਸਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵਲੋਂ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਦਾ ਬੁਲਾਰਾ ਨਿਯੁਕਤ ਕਰਨ ਦੀ ਖੁਸ਼ੀ ਵਿੱਚ ਪਿੰਡ ਪਨਿਆਲੀ ਕਲਾਂ ਦੀਆਂ ਮੁੱਖ ਧਾਰਮਿਕ ਸ਼ਖਸ਼ੀਅਤਾਂ ਅਤੇ ਨਗਰ ਨਿਵਾਸੀ ਸੰਗਤਾਂ ਵਲੋਂ ਜਥੇਦਾਰ ਗੁਰਬਖਸ਼ ਸਿੰਘ ਖਾਲਸਾ ਨੂੰ ਸਿਰੋਪਾ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜਥੇਦਾਰ ਗੁਰਬਖਸ਼ ਸਿੰਘ ਖਾਲਸਾ ਨੇ ਕਿਹਾ ਕੇ ਅਸੀਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੇਵਾਦਾਰ ਹੋਣ ਦੇ ਨਾਤੇ ਜਿੱਥੇ ਵੀ ਹੋ ਸਕਿਆ ਮੈ ਇਲਾਕੇ ਪਰ ਵਿੱਚ ਸਿੱਖੀ ਦਾ ਪ੍ਰਚਾਰ ਅਤੇ ਪ੍ਰਸਾਰ ਕਰਨ ਲਈ ਦਿਨ ਰਾਤ ਇਕ ਕਰ ਦੇਵਾਂਗਾ। ਉਨ੍ਹਾਂ ਕਿਹਾ ਕੇ ਜਿਹੜੇ ਨੋਜਵਾਨ ਗੁਰਬਾਣੀ ਦੀ ਸੰਥਿਆ ਲੈਣੀ ਚਾਹੁੰਦੇ ਹਨ। ਉਸ ਨੋਜਵਾਨ ਇੱਕਤਰ ਹੋ ਕੇ ਸ਼੍ਰੋਮਣੀ ਕਮੇਟੀ ਕੋਲ ਇੱਕ ਬੇਨਤੀ ਪੱਤਰ ਭੇਜ ਸਕਦੇ ਹਨ। ਤਾਂ ਕੇ ਉਨ੍ਹਾਂ ਨੂੰ ਗੁਰਬਾਣੀ ਦੀ ਸੰਥਿਆ ਦੇਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਕੋਈ ਵਧੀਆ ਵਿਦਵਾਨ ਭੇਜ ਕੇ ਲੋਕਾਂ ਨੂੰ ਗੁਰਬਾਣੀ ਨਾਲ ਜੋੜਨ ਦਾ ਵਿਸ਼ੇਸ਼ ਉਪਰਾਲਾ ਕਰੀਏ। ਇਸ ਮੌਕੇ ਸੰਗਤਾਂ ਵਿੱਚ ਗਿਆਨੀ ਇਕਬਾਲ ਸਿੰਘ ਮਾਨ, ਗਿਆਨੀ ਭੁਪਿੰਦਰ ਸਿੰਘ ਸ਼ਿੰਦਾ ਸ੍ਰੀ ਕੀਰਤਪੁਰ ਸਾਹਿਬ, ਗਿਆਨੀ ਪ੍ਰਦੀਪ ਸਿੰਘ, ਗਿਆਨੀ ਭੁਪਿੰਦਰ ਸਿੰਘ ਸ੍ਰੀ ਕੀਰਤਪੁਰ ਸਾਹਿਬ, ਗਿਆਨੀ ਗੁਰਇਕਬਾਲ ਸਿੰਘ ਸ੍ਰੀ ਅਨੰਦਪੁਰ ਸਾਹਿਬ, ਗਿਆਨੀ ਬਖਤਾਵਰ ਸਿੰਘ ਢਾਡੀ,ਪਾਖਰ ਸਿੰਘ ਫੋਜੀ, ਪਿਆਰਾ ਸਿੰਘ ਸਾਬਕਾ ਸਰਪੰਚ, ਬਾਬਾ ਅਵਤਾਰ ਸਿੰਘ ਸਰਪੰਚ ਪਨਿਆਲੀ ਕਲਾਂ, ਤਾਰਾ ਸਿੰਘ ਪ੍ਰਧਾਨ ਗੁਰਦੁਆਰਾ ਕਮੇਟੀ ਪਨਿਆਲੀ ਕਲਾਂ,ਗਿਆਨੀ ਅਵਤਾਰ ਸਿੰਘ ਗ੍ਰੰਥੀ, ਮਹਿੰਦਰ ਸਿੰਘ ਮਾਨ ਢਾਡੀ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਤਨਖਾਹਾਂ ਦਾ ਬਜਟ ਵਾਪਸ ਲੈਣ ਤੋਂ ਭੜਕੇ ਜਗਲਾਤ ਕਾਮਿਆਂ ਵੱਲੋਂ ਪੰਜਾਬ ਸਰਕਾਰ ਦਾ ਕੀਤਾ ਪਿੱਟ ਸਿਆਪਾ



ਪਟਿਆਲਾ( )27 ਮਾਰਚ 2026) ਪੰਜਾਬ ਸਰਕਾਰ ਵੱਲੋਂ ਜੰਗਲਾਤ ਵਿਭਾਗ ਵਿੱਚ ਕੰਮ ਕਰਦੇ ਕੱਚੇ ਕਾਮਿਆਂ ਦੀਆ ਤਨਖਾਹਾਂ ਅਤੇ ਬਕਾਇਆ ਦਾ ਬਜਟ ਵਿਭਾਗ ਵੱਲੋਂ ਵਾਪਸ ਲੈਣ ਕਾਰਨ ਕਾਮਿਆਂ ਵਿੱਚ ਬੇਚੈਨੀ ਅਤੇ ਰੋਸ ਪਾਇਆ ਜਾ ਰਿਹਾ ਹੈ। ਕਾਮਿਆਂ ਨੂੰ ਬੱਚਿਆਂ ਦੇ ਦਾਖਲੇ ਕਰਵਾਉਣ ਅਤੇ ਘਰ ਦਾ ਗੁਜ਼ਾਰਾ ਚਲਾਉਣ ਲਈ ਚਿੰਤਾ ਵੱਡ ਵੱਡ ਖਾ ਰਹੀ ਹੈ ਜਿਸ ਕਾਰਨ ਅੱਜ ਜੰਗਲਾਤ ਕਾਮਿਆਂ ਵੱਲੋਂ ਪੰਜਾਬ ਸਰਕਾਰ ਖਿਲਾਫ ਜ਼ਿਲ੍ਹਾ ਜੰਗਲਾਤ ਅਫਸਰ ਦੇ ਦਫਤਰ ਅੱਗੇ ਜ਼ਿਲਾ ਪ੍ਰਧਾਨ ਜਸਵਿੰਦਰ ਸਿੰਘ ਸੋਜਾ, ਜਰਨਲ ਸਕੱਤਰ ਜਗਤਾਰ ਸਿੰਘ ਦੀ ਅਗਵਾਈ ਵਿੱਚ ਰੋਸ ਧਰਨਾ ਦੇਣ ਤੋਂ ਬਾਅਦ ਰੋਸ ਮਾਰਚ ਕਰਕੇ ਡਿਪਟੀ ਕਮਿਸ਼ਨਰ ਪਟਿਆਲਾ ਨੂੰ ਮੰਗ ਪੱਤਰ ਦਿੱਤਾ ਗਿਆ ਅਤੇ ਮੰਗ ਕੀਤੀ ਗਈ ਕਿ ਜੰਗਲਾਤ ਵਿਭਾਗ ਅਤੇ ਜੰਗਲੀ ਜੀਵ ਵਿਭਾਗ ਵਿੱ◌ੱਚ ਕੰਮ ਕਰਦੇ ਕੱਚੇ ਕਾਮਿਆਂ ਦੀਆਂ ਤਨਖਾਹਾਂ ਦਾ ਅਤੇ ਬਕਾਏ ਦਾ ਬਜਟ ਵਾਪਸ ਲਿਆ ਉਹ ਤੁਰੰਤ ਜਾਰੀ ਕੀਤਾ ਜਾਵੇ ਅਤੇ ਕਮਿਆਂ ਦੀਆਂ ਰਹਿਦੀਆਂ ਤਨਖਾਹਾਂ ਤੇ ਬਕਾਏ ਤੁਰੰਤ ਦਿੱਤੇ ਜਾਣ ਕੱਚੇ ਕਾਮੇ ਬਿਨਾਂ ਸ਼ਰਤ ਪੱਕੇ ਕੀਤੇ ਜਾਣ ਕੱਚੇ ਕਾਮਿਆਂ ਦੀ ਸੀਨੀਆਰਤਾ ਸੂਚੀ ਬਣਾਈ ਜਾਵੇ ਅਤੇ ਕੱਚੇ ਕਾਮਿਆਂ ਨੂੰ ਨਿਯਮਾਂ ਅਨੁਸਾਰ ਬਣਦੀਆਂ ਸਹੂਲਤਾਂ ਜਿਹੜੀਆਂ ਉਹ ਦਿੱਤੀਆਂ ਜਾਣ ਅੱਜ ਜਥੇਬੰਦੀ ਨੂੰ ਉਸ ਸਮੇਂ ਭਾਰੀ ਵਲ ਮਿਲਿਆ ਜਦੋਂ ਦੂਸਰੀਆਂ ਜਥੇਬੰਦੀਆਂ ਛੱਡ ਕੇ ਵੱਡੀ ਗਿਣਤੀ ਵਿੱਚ ਕਾਮੇ ਚਲਦੇ ਧਰਨੇ ਦੌਰਾਨ ਜੰਗਲਾਤ ਵਰਕਰ ਯੂਨੀਅਨ ਪੰਜਾਬ ਵਿੱਚ ਸ਼ਾਮਿਲ ਹੋਏ ਜਥੇਬੰਦੀ ਵੱਲੋਂ ਸ਼ਾਮਿਲ ਹੋਏ ਕਾਮਿਆਂ ਦਾ ਸਵਾਗਤ ਕੀਤਾ ਗਿਆ ਧਰਨੇ ਨੂੰ ਪੰਜਾਬ ਸੁਬੋਰਡਿਨੇਟ ਸਰਵਸੀਜ ਫੈਡਰੇਸ਼ਨ ਦੇ ਸੂਬਾ ਆਗੂ ਦਰਸ਼ਨ ਸਿੰਘ ਬੇਲੂ ਮਾਜਰਾ, ਜ਼ਿਲਾ ਪ੍ਰਧਾਨ ਲਖਵਿੰਦਰ ਸਿੰਘ ਖਾਨਪੁਰ, ਜਸਵੀਰ ਸਿੰਘ ਖੇਖਰ, ਸੁਖਬੀਰ ਸਿੰਘ ਢੀਡੰਸਾ,ਧਰਮਪਾਲ ਲੇਟ, ਬੰਤ ਰਾਮ, ਭੁਪਿੰਦਰ ਸਿੰਘ ਸਾਧੋਹੇੜੀ,ਸੇਰ ਸਿੰਘ ਸਰਹਿੰਦ, ਭਿੰਦਰ ਸਿੰਘ ਘੱਗਾ,ਨਰੇਸ ਸਿੰਘ,ਅਮਰਜੀਤ ਸਿੰਘ ,ਵਿਪਨ ਪਰਸਾਦ,ਹਰਜਿੰਦਰ ਸਿੰਘ, ਆਦ ਆਗੂਆਂ ਨੇ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਵੱਲੋਂ ਤਨਖਾਹਾਂ ਦਾ ਬਜਟ ਵਾਪਸ ਲੈਣ ਦੀ ਸਖਤ ਨਿੰਦਾ ਕੀਤੀ ਅਤੇ ਜਥੇਬੰਦੀ ਚ ਸ਼ਾਮਿਲ ਹੋਏ ਸਾਥੀਆਂ ਦਾ ਧੰਨਵਾਦ ਕੀਤਾ ਗਿਆ ਅੱਜ ਦੇ ਰੋਸ ਧਰਨੇ ਵਿੱਚ ਹੋਰਨਾ ਤੇ ਇਲਾਵਾ ਦਵਿੰਦਰ ਸਿੰਘ ਚੌਧਰੀਮਾਜਰਾ ਬਲਕਾਰ ਬਠੋਈ, ਭੁਪਿੰਦਰ ਰੌਣੀ ਗੁਰਮੁੱਖ ਸਿੰਘ ਸਰਹਿੰਦ ਬਲਜੀਤ ਸਿੰਘ ਧਾਮੋਮਾਜਰਾ ਪਾਲਾ ਗੁਰਦਿਆਲਪੁਰਾ, ਹਾਕਮ ਖਾਨ ਜਗਤਾਰ ਸੁਧੇਵਾਲ ਗੋਗੀ ਲੰਗ ਕੁਲਦੀਪ ਕੌਰ ਪਰਮਜੀਤ ਕੌਰ

# ਬ੍ਰੋਕਰਾਂ (ਆੜ੍ਹਤੀਆਂ) ਦੀ ਕਮਿਸ਼ਨ ਚ ਵਾਧਾ ਮੋਦੀ ਸਰਕਾਰ ਦਾ ਸਲਾਘਾਯੋਗ ਫੈਸਲਾ

## -ਸ੍ਰੀ ਕਰੁਨ ਕੌੜਾ-ਕਿਹਾ ਮੋਦੀ ਸਰਕਾਰ ਕਿਸਾਨਾਂ ਤੇ ਬ੍ਰੋਕਰਾਂ ਦੇ ਨਾਲ ਖੜ੍ਹੀ ਹੈ-



ਨਾਭਾ 27 ਮਾਰਚ (ਅਮਨ ਗਰਗ ) ਹਲਕਾ ਦਿਹਾਤੀ ਪਟਿਆਲਾ ਤੇ ਭਾਜਪਾ ਆਗੂ ਸ੍ਰੀ ਕਰੁਨ ਕੌੜਾ ਨੇ ਕੇਂਦਰ ਸਰਕਾਰ ਵੱਲੋਂ ਬ੍ਰੋਕਰਾਂ (ਆੜ੍ਹਤੀਆਂ) ਦੀ ਕਮਿਸ਼ਨ ਵਿੱਚ ਕੀਤੇ ਵਾਧੇ ਦਾ ਜ਼ੋਰਦਾਰ ਸਵਾਗਤ ਕਰਦਿਆ ਇਸਨੂੰ ਮੋਦੀ ਸਰਕਾਰ ਦਾ ਦੂਰਅੰਦੇਸ਼ੀ ਅਤੇ ਕਿਸਾਨ-ਹਿਤੈਸ਼ੀ ਕਦਮ ਦੱਸਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਅਤੇ ਹਰਿਆਣਾ ਵਿੱਚ ਕਣਕ ਦੀ ਖਰੀਦ ਲਈ ਆੜ੍ਹਤੀਆਂ ਨੂੰ ਦਿੱਤੀ ਜਾਣ ਵਾਲੀ ਕਮਿਸ਼ਨ ₹46 ਪ੍ਰਤੀ ਕਿੰਟਲ ਤੋਂ ਵਧਾ ਕੇ ₹50.75 ਪ੍ਰਤੀ ਕਿੰਟਲ ਕਰ ਦਿੱਤੀ ਗਈ ਹੈ। ਇਹ ਫੈਸਲਾ ਕਣਕ ਅਤੇ ਝੋਨੇ ਵਰਗੀਆਂ ਮੁੱਖ ਫਸਲਾਂ ਦੀ ਖਰੀਦ ਪ੍ਰਣਾਲੀ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਕੌੜਾ ਨੇ ਕਿਹਾ ਕਿ ਕੁਝ ਰਾਜਨੀਤਿਕ ਤਾਕਤਾਂ ਵੱਲੋਂ ਕਿਸਾਨਾਂ ਅਤੇ ਮੰਡੀ ਪ੍ਰਣਾਲੀ ਵਿੱਚ ਗਲਤਫਹਿਮੀਆਂ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ, ਪਰ ਇਹ ਫੈਸਲਾ ਸਪੱਸ਼ਟ ਕਰਦਾ ਹੈ ਕਿ ਮੋਦੀ ਸਰਕਾਰ ਮੰਡੀ ਪ੍ਰਣਾਲੀ ਦੇ ਹਰ ਹਿੱਸੇਦਾਰ ਖ਼ਾਸ ਕਰਕੇ ਆੜ੍ਹਤੀਆਂ ਦੇ ਨਾਲ ਡੱਟ ਕੇ ਖੜ੍ਹੀ ਹੈ। ਆੜ੍ਹਤੀ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਅਤੇ ਕਿਸਾਨਾਂ ਨੂੰ ਉਚਿਤ ਮੁੱਲ ਦਿਵਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਜਿਨ੍ਹਾਂ ਧਿਰਾਂ ਨੇ ਇਹ ਕਹਿ ਕੇ ਕਿਸਾਨਾਂ ਨੂੰ ਭੜਕਾਇਆ ਕਿ ਮੋਦੀ ਸਰਕਾਰ ਮੰਡੀ ਪ੍ਰਣਾਲੀ ਖਤਮ ਕਰਨਾ ਚਾਹੁੰਦੀ ਹੈ, ਉਹ ਹੁਣ ਇਸ ਫੈਸਲੇ ਨਾਲ ਬੇਨਕਾਬ ਹੋ ਗਏ ਹਨ।ਭਾਜਪਾ ਨੇਤਾ ਕਰੁਨ ਕੌੜਾ ਨੇ ਜ਼ੋਰ ਦੇ ਕੇ ਕਿਹਾ ਕਿ ਕਿਸਾਨ ਅਤੇ ਆੜ੍ਹਤੀ ਵਿਰੋਧੀ ਨਹੀਂ, ਸਗੋਂ ਇਕ ਦੂਜੇ ਦੇ ਸਾਥੀ ਹਨ ਅਤੇ ਖੇਤੀਬਾੜੀ ਆਰਥਿਕਤਾ ਦੇ ਅਹਿਮ ਭਾਗੀਦਾਰ ਹਨ। ਉਨ੍ਹਾਂ ਅੱਗੇ ਕਿਹਾ ਕਿ "ਮੋਦੀ ਸਰਕਾਰ ਇਸ ਹਕੀਕਤ ਨੂੰ ਸਮਝਦੀ ਹੈ ਅਤੇ ਦੋਹਾਂ ਦੇ ਹਿੱਤਾਂ ਦੀ ਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਹ ਵਾਧਾ ਸਿਰਫ ਆਰਥਿਕ ਨਹੀਂ, ਸਗੋਂ ਆੜ੍ਹਤੀਆਂ ਦੀ ਭੂਮਿਕਾ ਦੀ ਸਵੀਕਾਰਤਾ ਹੈ,"। ਉਨ੍ਹਾਂ ਨੇ ਵਿਰੋਧੀ ਪਾਰਟੀਆਂ ਦੀ ਆਲੋਚਨਾ ਕਰਦੇ ਹੋਏ ਕਿਹਾ ਕਿ ਜਿਨ੍ਹਾਂ ਨੇ ਪਹਿਲਾਂ ਮੰਡੀ ਪ੍ਰਣਾਲੀ ਨੂੰ ਨਜ਼ਰਅੰਦਾਜ਼ ਕੀਤਾ, ਉਹ ਅੱਜ ਸੁਧਾਰਾਂ 'ਤੇ ਸਵਾਲ ਖੜ੍ਹੇ ਕਰ ਰਹੇ ਹਨ। ਉਨ੍ਹਾਂ ਕਿਹਾ ਕਿ "ਸੱਚ ਇਹ ਹੈ ਕਿ ਮੋਦੀ ਸਰਕਾਰ ਜ਼ਮੀਨੀ ਪੱਧਰ 'ਤੇ ਕੰਮ ਕਰਦੀ ਹੈ, ਜਦਕਿ ਹੋਰ ਸਿਰਫ ਰਾਜਨੀਤੀ ਕਰਦੇ ਹਨ,"। ਕੌੜਾ ਨੇ ਦੋਹਰਾਇਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਸਰਕਾਰ ਦੇ ਹਰ ਫੈਸਲੇ ਵਿੱਚ ਪਾਰਦਰਸ਼ਤਾ, ਨਿਆਂ ਅਤੇ ਸਭ ਨੂੰ ਨਾਲ ਲੈ ਕੇ ਚੱਲਣ ਦੀ ਨੀਤੀ ਸਪੱਸ਼ਟ ਦਿਖਾਈ ਦਿੰਦੀ ਹੈ। "ਇਹ ਫੈਸਲਾ ਸਿਰਫ ਕਮਿਸ਼ਨ ਵਾਧਾ ਨਹੀਂ, ਸਗੋਂ ਇੱਕ ਸਪੱਸ਼ਟ ਸੰਦੇਸ਼ ਹੈ ਮੋਦੀ ਸਰਕਾਰ ਕਿਸਾਨਾਂ, ਆੜ੍ਹਤੀਆਂ ਅਤੇ ਮੰਡੀ ਦੇ ਹਰ ਹਿੱਸੇਦਾਰ ਦੇ ਨਾਲ ਖੜੀ ਹੈ।

# ਡੀ.ਐਮ ਰੰਧਾਵਾ ਖ਼ੁਦਕੁਸ਼ੀ ਮਾਮਲੇ ਦੀ ਸੀਬੀਆਈ ਜਾਂਚ ਤੋਂ ਭੱਜਣਾਂ ਸਰਕਾਰ ਨੂੰ ਸ਼ੱਕ ਦੇ ਘੇਰੇ 'ਚ ਲਿਆਉਂਦਾ , ਦੂਸਰੇ ਦੋਸ਼ੀ ਪਿਤਾ ਅਤੇ ਪੀਏ ਨੂੰ ਅਜੇ ਤੱਕ ਗ੍ਰਿਫ਼ਤਾਰ ਨਾ ਕਰਨਾ ਕਈ ਸਵਾਲ ਖੜ੍ਹੇ ਕਰਨਾ

## ਭੁੱਲਰ ਦੀ ਪਤਨੀ ਕਿਸ ਹੈਸੀਅਤ ਨਾਲ ਲੋਕਾਂ ਦੇ ਕਰਵਾ ਰਹੀ ਹੈ ਕੰਮ, ਕਾਂਗਰਸ ਪਾਰਟੀ ਹਮੇਸ਼ਾਂ ਰੰਧਾਵਾ ਪਰਿਵਾਰ ਨਾਲ ਇਨਸਾਫ਼ ਦਿਵਾਉਣ ਲਈ ਖੜ੍ਹੀ ਰਹੇਗੀ- ਕੱਕੜ



ਅੰਮ੍ਰਿਤਸਰ, 27 ਮਾਰਚ (ਰਣਜੀਤ ਸਿੰਘ ਮਸੌਣ/ਅਮਿਤਾ/ਰਾਜਪੂਤ)- ਪੰਜਾਬ ਸਟੇਟ ਵੇਅਰ ਹਾਊਸ ਦੇ ਡੀਐਮ ਗਗਨਦੀਪ ਸਿੰਘ ਰੰਧਾਵਾ ਜਿੰਨਾਂ ਪਿਛਲੇਂ ਦਿਨੀਂ ਪੰਜਾਬ ਦੇ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਹੱਦ ਤੋਂ ਵੱਧ ਨਜ਼ਾਇਜ਼ ਤੰਗ ਪ੍ਰੇਸ਼ਾਨ ਕਰਨ, ਗੈਂਗਸਟਰਾਂ ਦੀਆਂ ਧਮਕੀਆਂ ਦੇਣ ਕਾਰਨ ਖ਼ੁਦਕੁਸ਼ੀ ਕਰ ਲਈ ਸੀ। ਉਨ੍ਹਾਂ ਦੀ ਖ਼ੁਦਕੁਸ਼ੀ ਦੇ ਮਾਮਲੇ ਵਿੱਚ ਮਾਨ ਸਰਕਾਰ ਦਾ ਸੀਬੀਆਈ ਜਾਂਚ ਤੋਂ ਭੱਜਣਾਂ ਕਈ ਸਵਾਲ ਖੜ੍ਹੇ ਕਰਦਾ ਹੈ। ਪੰਜਾਬ ਦੀ ਜਨਤਾ ਨੂੰ ਕਈ ਝੂਠੇ ਸਬਜ਼ਬਾਗ ਵਿਖਾਕੇ ਸੱਤਾ ਹਾਸਲ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਪਤਾ ਹੈ ਕਿ ਸੀਬੀਆਈ ਜਾਂਚ ਤੋਂ ਹੋਰ ਵੀ ਬਹੁਤ ਖੁਲਾਸੇ ਹੋਣਗੇ, ਜਿੰਨਾਂ ਦਾ ਸੇਕ ਮੁੱਖ ਮੰਤਰੀ ਭਗਵੰਤ ਮਾਨ ਅਤੇ ਅਰਵਿੰਦ ਕੇਜਰੀਵਾਲ ਨੂੰ ਵੀ ਲੱਗੇਗਾ।

ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸ੍ਰ. ਸੁੱਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਮੁੱਖ ਬੁਲਾਰੇ ਅਮਨਦੀਪ ਸਿੰਘ ਕੱਕੜ ਨੇ ਕੀਤਾ। ਉਨ੍ਹਾਂ ਕਿਹਾ ਕਿ ਇਹਨਾਂ ਦਿਨ ਬੀਤ ਜਾਣ ਤੇ ਵੀ ਦੂਸਰੇ ਦੋਸ਼ੀ ਜਿੰਨਾਂ ਦੇ ਨਾਮ ਐਫ਼ਆਈਆਰ ਵਿੱਚ ਦਰਜ ਹਨ, ਪਿਤਾ ਸੁਖਦੇਵ ਸਿੰਘ ਭੁੱਲਰ, ਪੀਏ ਦਿਲਬਾਗ ਸਿੰਘ ਬਾਗਾ ਦੀ ਅਜੇ ਤੱਕ ਗ੍ਰਿਫ਼ਤਾਰੀ ਨਹੀਂ ਹੋਈ। ਮਾਨ ਸਰਕਾਰ ਲੱਗਦਾ ਹੈ ਕਿ ਆਪਣੇ ਚਹੇਤੇ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਬਚਾਉਣ ਲਈ ਹਰ ਤਰੀਕਾ ਵਰਤ ਰਹੀ ਹੈ। ਕੱਕੜ ਨੇ ਕਿਹਾ ਕਿ ਪੁਲਿਸ ਦੀ ਹਿਰਾਸਤ ਵਿੱਚ ਬੈਠਾ ਵਿਅਕਤੀ ਕਿਸ ਤਰ੍ਹਾਂ ਮੋਬਾਈਲ ਰਾਹੀਂ ਮੀਡੀਆ ਨਾਲ ਗੱਲਬਾਤ ਕਰਦਾ ਹੈ? ਉਸਦੀ ਪਤਨੀ ਸੁਰਿੰਦਰਪਾਲ ਕੌਰ ਕਿਸ ਹੈਸੀਅਤ ਨਾਲ ਜਨਤਾ ਦੇ ਕੰਮ ਕਰਵਾ ਰਹੀ ਹੈ? ਜਦੋਂ ਕਿ ਉਨ੍ਹਾਂ ਦਾ ਪਤੀ ਖ਼ੁਦਕੁਸ਼ੀ ਕਰਨ ਲਈ ਮਜ਼ਬੂਰ ਕਰਨ ਦੇ ਕੇਸ ਵਿੱਚ ਜ਼ੇਲ੍ਹ ਵਿੱਚ ਬੰਦ ਹੈ। ਕੱਕੜ ਨੇ ਕਿਹਾ ਕਿ ਜਿਸ ਤਰ੍ਹਾਂ ਲਾਲਜੀਤ ਸਿੰਘ ਭੁੱਲਰ ਨੂੰ ਅਦਾਲਤ ਵਿੱਚ ਬਿਨਾਂ ਹੱਥਕੜੀ ਪੇਸ਼ ਕੀਤਾ ਗਿਆ, ਉਸ ਨਾਲ ਸਰਕਾਰ ਦੀ ਸੱਚਾਈ ਸਾਹਮਣੇਂ ਆਉਂਦੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਇਸ ਵਕਤ ਡੀ.ਐਮ ਗਗਨਦੀਪ ਸਿੰਘ ਰੰਧਾਵਾ ਪਰਿਵਾਰ ਨਾਲ ਚੱਟਾਨ ਵਾਂਗ ਖੜ੍ਹਾ ਹੈ ਅਤੇ ਉਨ੍ਹਾਂ ਨੂੰ ਇਨਸਾਫ਼ ਦਿਵਾਕੇ ਰਹੇਗਾ।

# ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਵਿਖੇ ਰੁਜ਼ਗਾਰ ਯੋਗਤਾ ਹੁਨਰਾਂ 'ਤੇ ਵਿਸ਼ੇਸ਼ ਭਾਸ਼ਣ ਦਾ ਆਯੋਜਨ



ਨਵਾਂਸ਼ਹਿਰ /ਕਾਠਗੜ੍ਹ 27 ਮਾਰਚ ( ਜਤਿੰਦਰ ਪਾਲ ਸਿੰਘ ਕਲੇਰ ) ਯੂਨੀਵਰਸਿਟੀ ਸਕੂਲ ਆਫ਼ ਕਾਮਰਸ ਐਂਡ ਮੈਨੇਜਮੈਂਟ, ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ, ਪੰਜਾਬ ਨੇ ਬੀਬੀਏ, ਬੀ.ਕਾਮ, ਅਤੇ ਐਮ.ਬੀ.ਏ. ਦੇ ਵਿਦਿਆਰਥੀਆਂ ਲਈ "ਰੁਜ਼ਗਾਰ ਯੋਗਤਾ ਹੁਨਰ" 'ਤੇ ਇੱਕ ਵਿਸ਼ੇਸ਼ ਭਾਸ਼ਣ ਦਾ ਆਯੋਜਨ ਕੀਤਾ।ਇਹ ਸੈਸ਼ਨ ਡਾ. ਅਕਾਂਕਸ਼ਾ ਜੈਨ ਦੁਆਰਾ ਦਿੱਤਾ ਗਿਆ, ਜਿਨ੍ਹਾਂ ਨੇ ਰੁਜ਼ਗਾਰ ਯੋਗਤਾ ਅਤੇ ਉਦਯੋਗ ਦੀਆਂ ਉਮੀਦਾਂ ਦੀ ਬਦਲਦੀ ਗਤੀਸ਼ੀਲਤਾ ਬਾਰੇ ਕੀਮਤੀ ਸੂਝ ਪ੍ਰਦਾਨ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅੱਜ ਦੇ ਮੁਕਾਬਲੇ ਵਾਲੇ ਨੌਕਰੀ ਬਾਜ਼ਾਰ ਵਿੱਚ, ਰੁਜ਼ਗਾਰ ਯੋਗਤਾ ਸਿਰਫ਼ ਡਿਗਰੀ ਪ੍ਰਾਪਤ ਕਰਨ ਬਾਰੇ ਨਹੀਂ ਹੈ, ਸਗੋਂ ਮੁੱਲ ਪੈਦਾ ਕਰਨ, ਹੁਨਰਾਂ ਦਾ ਪ੍ਰਦਰਸ਼ਨ ਕਰਨ ਅਤੇ ਨਤੀਜੇ ਪ੍ਰਦਾਨ ਕਰਨ ਦੀ ਯੋਗਤਾ ਬਾਰੇ ਹੈ।ਡਾ. ਜੈਨ ਨੇ ਰੁਜ਼ਗਾਰਦਾਤਾਵਾਂ ਲਈ ਲੋੜੀਂਦੇ ਮੁੱਖ ਗੁਣਾਂ ਨੂੰ ਉਜਾਗਰ ਕੀਤਾ, ਜਿਸ ਵਿੱਚ ਸਮੱਸਿਆ ਹੱਲ ਕਰਨ ਦੀ ਯੋਗਤਾ, ਸੰਚਾਰ ਹੁਨਰ, ਵਿਹਾਰਕ ਐਕਸਪੋਜ਼ਰ, ਮਾਲਕੀ ਮਾਨਸਿਕਤਾ ਅਤੇ ਕਾਰਜਕਾਰੀ ਸਮਰੱਥਾ ਸ਼ਾਮਲ ਹਨ।ਸੈਸ਼ਨ ਦਾ ਇੱਕ ਮੁੱਖ ਆਕਰਸ਼ਣ ਇੱਕ ਦਿਲਚਸਪ ਗਤੀਵਿਧੀ ਸੀ ਜਿੱਥੇ ਵਿਦਿਆਰਥੀਆਂ ਨੂੰ ਇੱਕ ਮਾਰਕੀਟਿੰਗ ਮੁਖੀ ਵਾਂਗ ਸੋਚਣ ਅਤੇ ਪਹਿਲੇ 24 ਘੰਟਿਆਂ ਦੇ ਅੰਦਰ ਆਪਣੇ ਕੰਮਾਂ ਦੀ ਯੋਜਨਾ ਬਣਾਉਣ ਲਈ ਕਿਹਾ ਗਿਆ ਸੀ।ਇਹ ਭਾਸ਼ਣ ਬਹੁਤ ਜਾਣਕਾਰੀ ਭਰਪੂਰ ਅਤੇ ਪ੍ਰੇਰਣਾਦਾਇਕ ਸਾਬਤ ਹੋਇਆ, ਜਿਸ ਨਾਲ ਵਿਦਿਆਰਥੀਆਂ ਨੂੰ ਨੌਕਰੀ ਲਈ ਤਿਆਰ ਅਤੇ ਉਦਯੋਗ-ਪ੍ਰਸੰਗਿਕ ਬਣਨ ਦੀ ਮਹੱਤਤਾ ਨੂੰ ਸਮਝਣ ਵਿੱਚ ਮਦਦ ਮਿਲੀ।ਅਜਿਹੀਆਂ ਪਹਿਲਕਦਮੀਆਂ ਦਿਆਰਥੀਆਂ ਦੀ ਰੁਜ਼ਗਾਰਯੋਗਤਾ, ਪੇਸ਼ੇਵਰ ਹੁਨਰ ਅਤੇ ਕਰੀਅਰ ਦੀ ਤਿਆਰੀ ਨੂੰ ਵਧਾਉਣ ਲਈ ਸੰਸਥਾ ਦੀ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ। ਡਾ. ਆਸ਼ੂਤੋਸ਼ ਸ਼ਰਮਾ ਨੇ ਮੁੱਖ ਬੁਲਾਰੇ ਦਾ ਉਨ੍ਹਾਂ ਦੇ ਕੀਮਤੀ ਸੂਝ-ਬੂਝ ਲਈ ਧੰਨਵਾਦ ਕੀਤਾ। ਇਸ ਮੌਕੇ ਸਾਰੇ ਫੈਕਲਟੀ ਅਤੇ ਵਿਦਿਆਰਥੀ ਮੌਜੂਦ ਸਨ।

# ਰਾਤ ਦੇ ਹਨੇਰੇ ਵਿਚ ਬਣ ਰਹੀ ਨਵੀਂ ਸੜਕ ਸਵਾਲਾਂ ਦੇ ਘੇਰੇ ਵਿੱਚ,ਜਾਂਚ ਦੀ ਮੰਗ

ਤਪਾ ਮੰਡੀ,27 ਮਾਰਚ ਧੀਮਾਨ ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹਲਕਾ ਭਦੌੜ ਦੇ ਵਿਧਾਇਕ ਲਾਭ ਸਿੰਘ ਉੱਗੋਕੇ ਦੇ ਯਤਨਾਂ ਸਦਕਾ ਤਪਾ ਮੰਡੀ ਇਲਾਕੇ ਅੰਦਰ ਕਰੋੜਾਂ ਰੁਪਏ ਦੀਆਂ ਨਵੀਆਂ ਸੜਕਾਂ ਬਣਾਈਆਂ ਜਾ ਰਹੀਆਂ ਹਨ।ਪਰ ਠੇਕੇਦਾਰਾਂ ਦੀ ਵੱਡੀ ਲਾਪਰਵਾਹੀ ਕਾਰਨ ਨਵੀਆਂ ਸੜਕਾਂ ਬਣਨ ਤੋਂ ਪਹਿਲਾਂ ਹੀ ਸਵਾਲਾਂ ਦੇ ਘੇਰੇ ਵਿੱਚ ਹਨ।ਅਜਿਹਾ ਮਾਮਲਾ ਤਪਾ ਮੰਡੀ ਤੋਂ ਸਾਹਮਣੇ ਆਇਆ ਜਿੱਥੇ ਤਪਾ-ਦਰਾਜ ਰੇਲਵੇ ਫਾਟਕਾਂ ਤੇ ਪੋਲਟਰੀ ਫਾਰਮ ਕੋਲ ਸੜਕ ਬਣਾਉਣ ਵਾਲੇ ਠੇਕੇਦਾਰ ਦੀ ਲਾਪਰਵਾਹੀ ਕਾਰਨ ਰਾਤ ਦੇ ਹਨੇਰੇ ਵਿੱਚ ਹੀ ਸੜਕ ਨੂੰ ਬਿਨਾਂ ਸਫਾਈ ਕੀਤੇ ਹੋਏ,ਮਿੱਟੀ ਨਾਲ ਢਕੇ ਹੋਏ ਪੱਥਰ ਉੱਪਰ ਹੀ ਲੁੱਕ ਪਾਕੇ ਸੜਕ ਤਿਆਰ ਕੀਤੀ ਜਾ ਰਹੀ ਸੀ।ਇਸ ਮੌਕੇ ਕੋਲੋਂ ਲੰਘਦੇ ਸਮਾਜ ਸੇਵੀ ਗੁਲਾਬ ਸਿੰਘ ਸਮੇਤ ਲੋਕਾਂ ਨੇ ਸੜਕ ਬਣਾਉਣ ਵਾਲੇ ਠੇਕੇਦਾਰ ਤੇ ਗੰਭੀਰ ਦੋਸ਼ ਲਾਉਂਦੇ ਕਿਹਾ ਕਿ ਨਗਰ ਕੌਂਸਲ ਤਪਾ ਅਧੀਨ ਇਹ ਸੜਕ ਬਿਨਾਂ ਸਫਾਈ ਕੀਤੇ ਹੋਏ ਰਾਤ ਦੇ ਹਨੇਰੇ ਵਿੱਚ ਬਣਾਈ ਜਾ ਰਹੀ ਹੈ।ਉੱਥੇ ਰਾਤ ਨੂੰ ਸਾਰੀ ਮਸ਼ੀਨਰੀ ਤੇ ਲਾਈਟਾਂ ਲਾ ਕੇ ਕੰਮ ਕੀਤਾ ਜਾ ਰਿਹਾ ਹੈ ਅਤੇ ਸੜਕ ਦਾ ਕੋਈ ਵੀ ਲੇਬਲ ਸਹੀ ਢੰਗ ਨਾਲ ਹੋਵੇਗਾ ਜਾਂ ਨਹੀਂ ਉਹ ਰਾਤ ਸਮੇਂ ਕੀ ਪਤਾ ਲੱਗੇਗਾ।ਜੋ ਸਰਾਸਰ ਗਲਤ ਹੈ।ਉਨਾਂ ਨਗਰ ਕੌਂਸਲ ਤਪਾ ਅਤੇ ਹਲਕਾ ਭਦੌੜ ਦੇ ਵਿਧਾਇਕ ਦਾ ਧੰਨਵਾਦ ਕਰਦੇ ਕਿਹਾ ਕਿ ਉਹਨਾਂ ਦੇ ਯਤਨਾਂ ਸਦਕਾ ਲੋਕਾਂ ਨੂੰ ਰਾਹਤ ਦੇਣ ਲਈ ਇਹ ਟੁੱਟੀਆਂ ਸੜਕਾਂ ਨੂੰ ਨਵਾਂ ਬਣਾਇਆ ਜਾ ਰਿਹਾ ਹੈ।ਪਰ ਰਾਤ ਦੇ ਹਨੇਰੇ ਵਿੱਚ ਬਿਨਾਂ ਪੱਥਰਾਂ ਉੱਪਰੋਂ ਮਿੱਟੀ ਨੂੰ ਸਾਫ ਕੀਤੇ ਹੋਏ ਲੁੱਕ ਪਾ ਕੇ ਸੜਕ ਬਣਾਉਣਾ ਲੋਕਾਂ ਅਤੇ ਸਰਕਾਰ ਦੇ ਪੈਸੇ ਦੀ ਬਰਬਾਦੀ ਕੀਤੀ ਜਾ ਰਹੀ ਹੈ।ਮਿੱਟੀ ਨਾਲ ਭਰੇ ਹੋਏ ਪੱਥਰਾਂ ਉੱਪਰ ਨਾ ਹੀ ਕੋਈ ਬੁਰਸ਼ ਮਾਰਿਆ ਗਿਆ ਹੈ ਅਤੇ ਨਾ ਹੀ ਕੰਪਰੈਸਰ ਚਲਾਇਆ ਗਿਆ ਹੈ।ਜਿਸ ਨਾਲ ਕੁਝ ਸਮੇਂ ਬਾਅਦ ਹੀ ਸੜਕ ਟੁੱਟਣੀ ਸ਼ੁਰੂ ਹੋ ਜਾਵੇਗੀ। ਅਤੇ ਸਿੱਧੇ ਤੌਰ ਤੇ ਠੇਕੇਦਾਰ ਵੱਲੋਂ ਵਰਤੀ ਗਈ ਇਸ ਲਾਪਰਵਾਹੀ ਲਈ ਪੰਜਾਬ ਸਰਕਾਰ ਤੇ ਜਿਲ੍ਹਾ ਪ੍ਰਸ਼ਾਸਨ ਇਸ ਦੀ ਜਾਂਚ ਕਰੇ।ਲੋਕਾਂ ਨੇ ਬਣ ਰਹੀ ਨਵੀ ਸੜਕ ਉੱਪਰੋਂ ਆਪਣੇ ਹੱਥਾਂ ਨਾਲ ਮਿੱਟੀ ਚੁੱਕ ਕੇ ਵੀ ਦਿਖਾਈ ਅਤੇ ਵੱਡੀ ਲਾਪਰਵਾਹੀ ਦੇਖਣ ਨੂੰ ਮਿਲੀ।ਇਸ ਮੌਕੇ ਰਾਹਗੀਰਾਂ ਅਤੇ ਲੋਕਾਂ ਨੇ ਠੇਕੇਦਾਰ ਦੁਆਰਾ ਬਣਾਈ ਜਾ ਰਹੀ ਇਸ ਸੜਕ ਦੀ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਜਾਂਚ ਦੀ ਮੰਗ ਕੀਤੀ ਹੈ।ਤਾਂ ਜੋ ਲੋਕਾਂ ਅਤੇ ਸਰਕਾਰ ਦੇ ਪੈਸੇ ਦੀ ਬਰਬਾਦੀ ਨਾ ਹੋ ਸਕੇ।

# ਆਮ ਆਦਮੀ ਪਾਰਟੀ ਨੂੰ ਵੱਡਾ ਝਟਕਾ ਪੰਜਾਬ ਟਰੇਡ ਵਿੰਗ ਸੈੱਲ ਦੇ ਜਨਰਲ ਸਕੱਤਰ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ

## ਸਰਕਾਰ ਕੇਂਦਰੀ ਏਜੰਸੀਆਂ ਦਾ ਦੁਰਪਯੋਗ ਕਰਕੇ ਸਿੱਖ ਨੌਜਵਾਨਾਂ ਤੇ ਕਰ ਰਹੀ ਜੁਲਮ : ਬਾਪੂ ਤਰਸੇਮ ਸਿੰਘ



ਅੰਮ੍ਰਿਤਸਰ, 27 ਮਾਰਚ ( ) ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਹੇਠ ਅੰਮ੍ਰਿਤਸਰ ਪ੍ਰੈਸ ਕਲੱਬ ਵਿਖੇ ਇਕ ਅਹਿਮ ਪ੍ਰੈਸ ਕਾਨਫਰੰਸ ਬੁਲਾਈ ਗਈ, ਜਿਸ ਵਿੱਚ ਪੰਥ ਅਤੇ ਪੰਜਾਬ ਨਾਲ ਜੁੜੇ ਗੰਭੀਰ ਮਸਲਿਆਂ 'ਤੇ ਖੁੱਲ੍ਹ ਕੇ ਚਰਚਾ ਕੀਤੀ ਗਈ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਨੇ ਮੀਡੀਆ ਨੂੰ ਸੰਬੋਧਨ ਕਰਦਿਆਂ ਬੀਤੇ ਦਿਨ ਜੰਮੂ ਦੇ ਰਹਿਣ ਵਾਲੇ ਬੀ ਐਸ ਐਫ ਦੇ ਸਿੱਖ ਨੌਜਵਾਨ ਸ੍ਰ ਜਸਵਿੰਦਰ ਸਿੰਘ ਨੂੰ ਐਨ ਸੀ ਬੀ ਵੱਲੋਂ ਗੈਰਕਾਨੂੰਨੀ ਢੰਗ ਨਾਲ ਚੁੱਕ ਕੇ ਝੂਠੇ ਇਲਜ਼ਾਮਾਂ ਤਹਿਤ ਅਣਮਨੁੱਖੀ ਤਸ਼ੱਦਦ ਕਰਕੇ ਮੌਤ ਦੇ ਘਾਟ ਉਤਾਰ ਦਿੱਤੇ ਜਾਣ ਦੀ ਸਖ਼ਤ ਨਿੰਦਿਆ ਕੀਤੀ। ਉਨ੍ਹਾਂ ਕਿਹਾ ਕਿ ਇਹ ਸਿਰਫ ਇੱਕ ਵਿਅਕਤੀ ਦੀ ਮੌਤ ਨਹੀਂ, ਸਗੋਂ ਸਿੱਖ ਕੌਮ ਦੇ ਮਨੋਬਲ ਨੂੰ ਤੋੜਨ ਲਈ ਕੀਤੀ ਜਾ ਰਹੀ ਇੱਕ ਸੋਚੀ ਸਮਝੀ ਸਾਜ਼ਿਸ਼ ਦਾ ਹਿੱਸਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਕੇਂਦਰੀ ਏਜੰਸੀਆਂ ਦਾ ਦੁਰਪਯੋਗ ਕਰਕੇ ਸਿੱਖ ਨੌਜਵਾਨਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਝੂਠੇ ਕੇਸਾਂ ਵਿੱਚ ਫਸਾ ਕੇ ਜ਼ੁਲਮ ਦਾ ਸ਼ਿਕਾਰ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਘਟਨਾ ਦੇਸ਼ ਵਿੱਚ ਸਿੱਖ ਕੌਮ ਵਿਰੁੱਧ ਘੜੀਆਂ ਜਾ ਰਹੀਆਂ ਸਾਜ਼ਿਸ਼ਾਂ ਦੀ ਲੜੀ ਦਾ ਹਿੱਸਾ ਹੈ ਅਤੇ ਨਸਲਕੁਸ਼ੀ ਦੀ ਜਿਉਂਦੀ ਜਾਗਦੀ ਤਸਵੀਰ ਵਜੋਂ ਸਾਹਮਣੇ ਆ ਰਹੀ ਹੈ। ਬਾਪੂ ਤਰਸੇਮ ਸਿੰਘ ਜੀ ਨੇ ਮੰਗ ਕੀਤੀ ਕਿ ਇਸ ਮਾਮਲੇ ਦੀ ਉੱਚ ਪੱਧਰੀ ਨਿਆਂਇਕ ਜਾਂਚ ਤੁਰੰਤ ਕਰਵਾਈ ਜਾਵੇ ਅਤੇ ਦੋਸ਼ੀ ਅਧਿਕਾਰੀਆਂ ਖ਼ਿਲਾਫ਼ ਕਤਲ ਦਾ ਮਾਮਲਾ ਦਰਜ ਕਰਕੇ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਆਮ ਆਦਮੀ ਪਾਰਟੀ ਦੇ ਪੰਜਾਬ ਟਰੇਡ ਵਿੰਗ ਸੈੱਲ ਦੇ ਜਨਰਲ ਸਕੱਤਰ ਸ੍ਰ ਮਨਜਿੰਦਰ ਸਿੰਘ ਬੱਲ ਅਤੇ ਪੰਜਾਬ ਦੇ ਹਿੱਤਾਂ ਪ੍ਰਤੀ ਡੂੰਘੀ ਸੋਚ ਰੱਖਣ ਵਾਲੇ ਉੱਘੇ ਲੇਖਕ ਸ੍ਰੀ ਗੰਗਵੀਰ ਸਿੰਘ ਰਾਠੌੜ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋ ਗਏ। ਨਵੇਂ ਸ਼ਾਮਿਲ ਹੋਏ ਆਗੂਆਂ ਦਾ ਬਾਪੂ ਤਰਸੇਮ ਸਿੰਘ ਜੀ ਵੱਲੋਂ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਇਹ ਸੱਚੇ ਅਤੇ ਸੰਘਰਸ਼ਸ਼ੀਲ ਚਿਹਰੇ ਪੰਥਕ ਲਹਿਰ ਨੂੰ ਹੋਰ ਮਜ਼ਬੂਤੀ ਦੇਣਗੇ ਅਤੇ ਆਉਣ ਵਾਲੇ ਸਮੇਂ ਵਿੱਚ ਉਨ੍ਹਾਂ ਨੂੰ ਵੱਡੀਆਂ ਜ਼ਿੰਮੇਵਾਰੀਆਂ ਨਾਲ ਨਿਵਾਜਿਆ ਜਾਵੇਗਾ। ਸ੍ਰ ਮਨਜਿੰਦਰ ਸਿੰਘ ਬੱਲ ਅਤੇ ਸ੍ਰ ਗੰਗਵੀਰ ਸਿੰਘ ਰਾਠੌੜ ਨੇ ਕਿਹਾ ਕਿ ਉਹ ਪੰਜਾਬ ਦੇ ਹੱਕਾਂ ਅਤੇ ਪੰਥਕ ਮਸਲਿਆਂ ਲਈ ਲੜ ਰਹੀ ਇਸ ਲਹਿਰ ਨਾਲ ਜੁੜ ਕੇ ਮਾਣ ਮਹਿਸੂਸ ਕਰਦੇ ਹਨ ਅਤੇ ਆਪਣੀ ਪੂਰੀ ਤਾਕਤ ਨਾਲ ਇਸ ਸੰਘਰਸ਼ ਨੂੰ ਅੱਗੇ ਵਧਾਉਣਗੇ। ਉਨ੍ਹਾਂ ਕਿਹਾ ਕਿ ਮੌਜੂਦਾ ਹਾਲਾਤਾਂ ਵਿੱਚ ਸੱਚ ਦੀ ਆਵਾਜ਼ ਨਾਲ ਖੜ੍ਹਾ ਹੋਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਇਸ ਦੌਰਾਨ ਹੋਰ ਆਗੂਆਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਸਿੱਖ ਕੌਮ ਨਾਲ ਹੋ ਰਹੇ ਧੱਕੇਸ਼ਾਹੀਆਂ ਦੇ ਖ਼ਿਲਾਫ਼ ਇਕਜੁੱਟ ਹੋ ਕੇ ਲੜਨ ਦਾ ਸੰਕਲਪ ਲਿਆ। ਇਸ ਮੌਕੇ ਬਾਪੂ ਤਰਸੇਮ ਸਿੰਘ ਜਓ ਤੋਂ ਇਲਾਵਾ ਸੀਨੀਅਰ ਲੀਡਰਸ਼ਿਪ ਵਿੱਚੋਂ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਮਨਦੀਪ ਸਿੰਘ ਸਿੱਧੂ, ਐਡਵੋਕੇਟ ਅਜੇਪਾਲ ਸਿੰਘ ਢਿਲੋਂ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਸ੍ਰੀ ਗੰਗਵੀਰ ਸਿੰਘ ਰਾਠੋੜ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਚਮਕੌਰ ਸਿੰਘ ਧੁੰਨ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਬਰਿੰਦਰਜੀਤ ਸਿੰਘ ਹੁਸੈਨਪੁਰ, ਭਾਈ ਪ੍ਰਿਥੀਪਾਲ ਸਿੰਘ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਸੁਖਬੀਰ ਸਿੰਘ ਚੀਮਾ, ਭਾਈ ਮਹਿੰਦਰਪਾਲ ਸਿੰਘ ਤੁੰਗ, ਗੁਰਪ੍ਰੀਤ ਸਿੰਘ ਪ੍ਰਿੰਸ, ਭਾਈ ਗੁਰਚਰਨ ਸਿੰਘ ਸੰਘਾ, ਅਮਨਦੀਪ ਸਿੰਘ ਹਸਨਪੁਰ, ਜਗਰੂਪ ਸਿੰਘ, ਮਨਪ੍ਰੀਤ ਸਿੰਘ, ਨਰਿੰਦਰ ਸਿੰਘ ਭੁੱਲਰ, ਗੁਰਪ੍ਰੀਤ ਸਿੰਘ ਬਟਾਲਾ, ਭਾਈ ਰਜਿੰਦਰ ਸਿੰਘ ਤਲਵੰਡੀ, ਭਾਈ ਜੁਗਰਾਜ ਸਿੰਘ ਭੰਗਵਾਂ, ਭਾਈ ਕੁਲਵਿੰਦਰ ਸਿੰਘ ਵਡਾਲੀ, ਡਾਕਟਰ ਲਖਬੀਰ ਸਿੰਘ, ਭਾਈ ਗੁਰਦੇਵ ਸਿੰਘ ਖੇਮਕਰਨ, ਭਾਈ ਜਸਕਰਨ ਸਿੰਘ ਰਿਆੜ, ਭਾਈ ਜਸਕਰਨ ਸਿੰਘ ਲੋਪੋਕੇ, ਭਾਈ ਗੁਰਦੀਪ ਸਿੰਘ ਅਤੇ ਭਾਈ ਜਗਦੀਪ ਸਿੰਘ ਹਾਜਰ ਸਨ।

## ਸ਼ਹੀਦ ਪਰਿਵਾਰਾਂ ਦੇ ਲਈ ਅੱਗੇ ਆਓ

(1) 1 ਅਪ੍ਰੈਲ 2025 ਤੋਂ ਫੋਟੋ 3100 ਰੁ. ਜਾਂ ਵੱਧ ਦੇਣ ਵਾਲੀ ਦੀ ਛਾਪੀ ਜਾਵੇਗੀ।

(2) ਨਗਦ ਅਤੇ ਡਰਾਫਟ ਦਫਤਰ 'ਚ 11 AM ਤੋਂ 8 PM ਤੱਕ ਦਿਉ।

(3) NEFT ਲਈ ਸਟੇਟ ਬੈਂਕ ਆਫ ਇੰਡੀਆ, ਤ੍ਰਿਪੜੀ ਪਟਿਆਲਾ, A/C No. 38112618259, IFSC Code : SBIN0011586.

(4) ਦਾਨੀ ਸੱਜਣ ਰਕਮ ਟ੍ਰਾਂਸਫਰ ਕਰਕੇ 98762-97268 ਜਾਂ 98557-32101 'ਤੇ ਵ੍ਹਟਸਐਪ ਕਰਨ ਅਤੇ ਆਪਣਾ ਆਧਾਰ ਨੰਬਰ ਜਾਂ ਪੈਨ ਨੰਬਰ ਨਾਲ ਜਰੂਰ ਭੇਜਣ।

ਸ਼ਹੀਦ ਪਰਿਵਾਰਾਂ ਦੇ ਫੰਡ ਲਈ ਸਹਾਇਤਾ ਇੱਥੇ ਭੇਜੋ:
**SHRI HARKRISHAN CHARITABLE SOCIETY**
SCO No. 976, Street No. 7, Opp. SBI Bank,
Tripuri, Patiala - 14701